ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH

ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2298 | 29 November, 2025 Saturday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਕਪਿਲ ਸ਼ਰਮਾ ਦੇ ਕੈਪਸ ਕੈਫ਼ੇ 'ਤੇ ਫਾਇਰਿੰਗ ਦੇ ਮਾਮਲੇ 'ਚ ਦਿੱਲੀ ਕ੍ਰਾਈਮ ਬਰਾਂਚ ਵੱਲੋਂ ਇੱਕ ਦੋਸ਼ੀ ਗ੍ਰਿਫ਼ਤਾਰ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਹਾਲ ਹੀ ਦੇ ਮਹੀਨਿਆਂ 'ਚ, ਕੈਨੇਡਾ 'ਚ ਕਾਮੇਡੀਅਨ ਕਪਿਲ ਸ਼ਰਮਾ ਦੇ ਕੈਫੇ 'ਚ ਗੋਲੀਬਾਰੀ ਦੀਆਂ ਕਈ ਘਟਨਾਵਾਂ ਵਾਪਰੀਆਂ ਹਨ। ਇਸ ਘਟਨਾ ਤੋਂ ਬਾਅਦ, ਕੈਨੇਡਾ ਦੇ ਨਾਲ-ਨਾਲ ਭਾਰਤ 'ਚ ਵੀ ਜਾਂਚ ਸ਼ੁਰੂ ਕੀਤੀ ਗਈ ਸੀ। ਦਿੱਲੀ ਕ੍ਰਾਈਮ ਬ੍ਰਾਂਚ ਨੇ ਹੁਣ ਇਸ ਮਾਮਲੇ 'ਚ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਕਪਿਲ ਦੇ ਕੈਫੇ 'ਤੇ ਗੋਲੀਬਾਰੀ ਦੀ ਸਾਜ਼ਿਸ਼ ਦੇ ਸਬੰਧ 'ਚ ਇੱਕ ਅਪਰਾਧੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਕ੍ਰਾਈਮ ਬ੍ਰਾਂਚ ਦੀ ਟੀਮ ਨੇ ਗੈਂਗਸਟਰ ਗੋਲਡੀ ਢਿੱਲੋਂ ਗੈਂਗ ਦੇ ਇੱਕ ਮੁੱਖ ਮੈਂਬਰ ਨੂੰ ਗ੍ਰਿਫਤਾਰ ਕੀਤਾ ਹੈ, ਜਿਸ ਦੇ ਖਿਲਾਫ ਕਈ ਅਪਰਾਧਿਕ ਮਾਮਲੇ ਦਰਜ ਹਨ। ਇਸ ਅਪਰਾਧੀ ਦਾ ਨਾਮ ਬੰਧੂ ਮਾਨ ਸਿੰਘ ਹੈ। ਉਸ ਤੋਂ ਇੱਕ ਚੀਨੀ ਪਿਸਤੌਲ ਤੇ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ। ਬੰਧੂ ਮਾਨ ਸਿੰਘ ਸੇਖੋਂ ਗੈਂਗਸਟਰ ਗੋਲਡੀ ਬਰਾੜ ਨਾਲ ਜੁੜਿਆ ਹੋਇਆ ਹੈ। ਗੋਲੀਬਾਰੀ ਦੀ ਘਟਨਾ ਤੋਂ ਬਾਅਦ ਇਹ ਗੈਂਗਸਟਰ ਭਾਰਤ ਵਾਪਸ ਆ ਗਿਆ ਸੀ।

ਕਪਿਲ ਸ਼ਰਮਾ ਦਾ ਕੈਪਸ ਕੈਫੇ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਦੇ ਸਰੀ 'ਚ ਸਥਿਤ ਹੈ। ਇਸ ਕੈਫੇ 'ਚ ਜੁਲਾਈ ਤੇ ਅਗਸਤ 'ਚ ਗੋਲੀਬਾਰੀ ਹੋਈ ਸੀ। ਲਾਰੈਂਸ ਗੈਂਗ ਨਾਲ ਜੁੜੇ ਗੋਲਡੀ ਢਿੱਲੋਂ ਦੀ ਇੱਕ ਪੋਸਟ ਵਾਇਰਲ ਹੋਈ, ਜਿਸ 'ਚ ਕਪਿਲ ਦੇ ਕੈਫੇ 'ਚ ਗੋਲੀਬਾਰੀ ਦੀ ਜ਼ਿੰਮੇਵਾਰੀ ਲਈ ਗਈ।


ਕੈਫੇ 'ਚ ਗੋਲੀਬਾਰੀ ਤੋਂ ਬਾਅਦ, ਲਾਰੈਂਸ ਗੈਂਗ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਕੀਤੀ। ਪੋਸਟ 'ਚ ਲਿਖਿਆ ਸੀ, "ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ, ਮੈਂ, ਕੁਲਵੀਰ ਸਿੱਧੂ ਤੇ ਗੋਲਡੀ ਢਿੱਲੋਂ ਅੱਜ (ਕੈਪਸ ਕੈਫੇ, ਸਰੀ 'ਚ) ਹੋਈਆਂ ਤਿੰਨ ਗੋਲੀਬਾਰੀ ਦੀ ਜ਼ਿੰਮੇਵਾਰੀ ਲੈਂਦੇ ਹਾਂ। ਸਾਡੀ ਆਮ ਲੋਕਾਂ ਨਾਲ ਕੋਈ ਦੁਸ਼ਮਣੀ ਨਹੀਂ ਹੈ।"




ਇਸ ਤੋਂ ਇਲਾਵਾ, ਉਨ੍ਹਾਂ ਨੇ ਕਿਹਾ, "ਜਿਨ੍ਹਾਂ ਨਾਲ ਸਾਡਾ ਟਕਰਾਅ ਹੈ, ਉਨ੍ਹਾਂ ਨੂੰ ਸਾਡੇ ਤੋਂ ਦੂਰ ਰਹਿਣਾ ਚਾਹੀਦਾ ਹੈ। ਜੋ ਗੈਰ-ਕਾਨੂੰਨੀ (ਨਾਜਾਇਜ਼) ਕੰਮ ਕਰਦੇ ਹਨ ਤੇ ਲੋਕਾਂ ਤੋਂ ਕੰਮ ਕਰਵਾ ਕੇ ਪੈਸੇ ਨਹੀਂ ਦਿੰਦੇ, ਉਨ੍ਹਾਂ ਨੂੰ ਵੀ ਤਿਆਰ ਰਹਿਣਾ ਚਾਹੀਦਾ ਹੈ। ਬਾਲੀਵੁੱਡ 'ਚ ਧਰਮ ਦੇ ਵਿਰੁੱਧ ਬੋਲਣ ਵਾਲਿਆਂ ਨੂੰ ਵੀ ਤਿਆਰ ਰਹਿਣਾ ਚਾਹੀਦਾ ਹੈ; ਗੋਲੀਆਂ ਕਿਤੋਂ ਵੀ ਆ ਸਕਦੀਆਂ ਹਨ। ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ।"

ਹਾਲ ਹੀ 'ਚ, ਕਪਿਲ ਸ਼ਰਮਾ ਨੇ ਕੈਫੇ ਗੋਲੀਬਾਰੀ ਦੀ ਘਟਨਾ 'ਤੇ ਆਪਣੀ ਚੁੱਪੀ ਤੋੜੀ ਸੀ। ਉਨ੍ਹਾਂ ਕਿਹਾ ਕਿ ਹਰ ਵਾਰ ਜਦੋਂ ਵੀ ਗੋਲੀਬਾਰੀ ਹੋਈ, ਤਾਂ ਓਨੀ ਹੀ ਵਾਰ ਓਪਨਿੰਗ ਹੋਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਘਟਨਾ ਤੋਂ ਬਾਅਦ, ਇਸ 'ਤੇ ਕੈਨੇਡੀਅਨ ਸੰਸਦ 'ਚ ਵੀ ਚਰਚਾ ਹੋਈ। ਉਨ੍ਹਾਂ ਨੇ ਭਾਰਤ 'ਚ ਕਦੇ ਵੀ ਕਿਸੇ ਕਿਸਮ ਦਾ ਡਰ ਮਹਿਸੂਸ ਨਹੀਂ ਕੀਤਾ। ਉਹ ਇੱਥੇ ਪੂਰੀ ਤਰ੍ਹਾਂ ਸੁਰੱਖਿਅਤ ਮਹਿਸੂਸ ਕਰਦੇ ਹਨ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED



Space availabe for Ad
Contact #
+1 (209) 303-1260



Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com



LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots
Packages fit to your budget
Contact: Barjesh 209-541-0641
Email: lambavideoproduction@yahoo.com



Space availabe for Ad
Contact #
+1 (209) 303-1260



Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Inderjeet Singh Mann
CA Lic# 0H82488
Anthem
Certified Insurance Agent
Ph.: (916) 900-2000



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ


EQUAL HOUSING OPPORTUNITY

★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ

★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**




# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**





ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।

ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**





Ria MONEY TRANSFER

**INDIA**
**ਪੈਸੇ ਭੇਜਣ ਲਈ**
**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**





**Contact Number**

**+1 (209) 537-5702**

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਗੁਰੂ ਨਾਨਕ ਦਾ ਅਸਲੀ ਗੁਰਪੂਰਬ ਦਿਹਾੜਾ ਕਿਹੜਾ?

ਸਾਰੇ ਸਿੱਖ ਸਮਾਜ ਨੇ, ਦਿੱਲੀ,ਪਾਕਿਸਤਾਨ ਅਤੇ ਅੰਮ੍ਰਿਤਸਰ ਕਮੇਟੀ ਨੇ, ਟੀ.ਵੀ ਅਤੇ ਰੇਡੀਓ ਵਾਲਿਆਂ ਨੇ, ਬਾਹਰਲੇ ਮੁਲਕਾਂ ਵਾਲੇ ਗੁਰਦਵਾਰਿਆਂ ਤੇ ਸੱਜਣਾਂ ਮਿਤਰਾਂ ਅਤੇ ਨਾ-ਵਾਕਫ ਲੋਕਾਂ ਨੇ ਵੀ ਇਕ ਦੂਜੇ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਅਤਸ਼ਬਾਜ਼ੀ ਚਲਾਈ ਗਈ, ਵਾਤਾਵਰਣ ਪ੍ਰਦੂਸ਼ਤ ਕੀਤਾ ਗਿਆ, ਅਖੰਡ-ਪਾਠ ਖੋਲ੍ਹੇ ਗਏ, ਕੀਤੇ ਗਏ ਅਤੇ ਕਰਾਏ ਗਏ, ਹੋਰ ਲੁੱਟ ਲਈ ਸੰਪਟ-ਪਾਠ ਵੀ ਕੀਤੇ ਗਏ, ਪ੍ਰਸ਼ਾਦ ਵੰਡਿਆ ਗਿਆ ਤੇ ਖਾਧਾ ਗਿਆ, ਲੰਗਰ ਲਾਏ ਗਏ ਤੇ ਖਾਧੇ ਗਏ, ਟਕਸਾਲੀਆਂ ਨੇ 18-18 ਮੀਟਰ ਦੇ ਕਛਿਹਰੇ ਸਿਵਾਏ ਤੇ ਵੰਡੇ, ਨਾਨਕਸਰੀਆਂ ਦੀ ਝੂਠ ਦੀ ਦੁਕਾਨ ਨੇ ਤਾਂ ਹੱਦ ਹੀ ਕਰ ਦਿੱਤੀ ਜਦੋਂ ਬਾਬੇ ਨੰਦ ਸਿੰਘ ਦੀ ਆਦਮ ਕੱਦ ਦੀ ਫੋਟੋ ਦੀ ਪੂਜਾ ਕੀਤੀ ਗਈ, ਕਵਿਤਾਵਾਂ ਤੇ ਲੇਖ ਵੀ ਪੜ੍ਹੇ ਗਏ ਪਰ ਕੀ ਕਿਸੇ ਨੇ ਹੌਂਸਲੇ ਨਾਲ ਇਹ ਗੱਲ ਵੀ ਕਰਨ ਦੀ ਕੋਸ਼ਿਸ਼ ਕੀਤੀ ਕਿ ਅੱਜ ਬਾਬਾ ਜੀ ਦਾ ਜਨਮ ਦਿਨ ਨਹੀਂ? ਰਸਮੋ ਰਸਮੀ ਮੇਰੇ ਇਕ ਜਾਣਕਾਰ ਮਿੱਤਰ ਰੇਡੀਓ ਵਾਲੇ ਨੇ ਵੀ 'ਸਿਰੀ ਅਖੰਡ-ਪਾਠ ਸਾਹਿਬ ਜੀ' ਦਾ ਰੇਡੀਓ ਤੋਂ ਸਿੱਧਾ ਪ੍ਰਸਾਰਣ ਕੀਤਾ, ਕਿਉਂਕਿ ਇਹ ਉਸਦਾ ਵਪਾਰ ਹੈ। ਪਰ ਕੀ ਖੱਟਿਆ ਕੀ ਕਮਾਇਆ ਇਸ ਬਾਰੇ ਸ਼ਾਇਦ ਹੀ ਕਿਸੇ ਸਿਆਣੇ ਵਿਅਕਤੀ ਨੇ ਸੋਚਿਆ ਹੋਵੇ। ਕਿਉਂਕਿ 'ਜਸਵੰਤ ਜਫਰ' ਜੀ ਦੀ ਕਵਿਤਾ ਮੁਤਾਬਕ ਤਾਂ ਅਸੀਂ ਅਸਲੀ ਨਾਨਕ ਦਾ ਧਿਆਨ ਧਰਨ ਤੋਂ ਵੀ ਡਰਦੇ ਹਾਂ, ਨਾਨਕ ਤੋਂ ਸਿੱਖਿਆ ਲੈਣੀ ਤਾਂ ਦੂਰ ਦੀ ਗੱਲ ਹੈ।

ਜਸਵੰਤ ਜਫਰ ਜੀ ਲਿਖਦੇ ਹਨ, " ਲੰਬੇ ਪੈਂਡੇ ਦੀ ਧੂੜ ਨਾਲ ਲੱਥ-ਪੱਥ ਪਿੰਜਣੀਆਂ, ਲੰਮੇ ਸਫਰ ਕਰਕੇ ਪਾਟੀਆਂ ਅੱਡੀਆਂ, ਹਨੇਰੀਆਂ ਨਾਲ ਉਲਝੀ ਹੋਈ ਖੁਸ਼ਕ ਦਾਹੜੀ, ਬਰਫੀਲੀਆਂ ਹਵਾਵਾਂ ਨਾਲ ਝੰਬੀ ਹੋਈ ਚਿਹਰੇ ਦੀ ਪਕਰੋੜ ਚਮੜੀ 'ਤੇ ਪਕਰੋੜ ਚਮੜੀ ਵਿਚ ਉਭਰੀਆਂ ਹੋਈਆਂ ਦੋ ਉੱਚੀਆਂ ਹੱਡੀਆਂ, ਉੱਚੀਆਂ ਹੱਡੀਆਂ ਵਿਚ ਬੇਖੌਫ ਚਮਕਦੀਆਂ ਦੋ ਅੱਖਾਂ ਜੋ ਸਮਾਜ ਨੂੰ, ਸਰਕਾਰ ਨੂੰ 'ਤੇ ਹਰ ਕਿਸਮ ਦੇ ਰੀਤੀ ਰਵਾਜ ਨੂੰ ਟਿੱਚ ਕਰਕੇ ਜਾਣਦੀਆਂ ਹਨ। ਇਨ੍ਹਾਂ ਖਤਰਨਾਕ ਅੱਖਾਂ ਦਾ ਧਿਆਨ ਧਰਨਾ ਸਾਨੂੰ ਮਾਫਕ ਨਹੀਂ। ਸਾਨੂੰ ਤਾਂ ਸੋਭਾ ਸਿੰਘੀ ਬਾਬਾ, ਜਿਸਦੇ ਲਕਸ਼ਮੀ ਦੇਵੀ ਵਾਂਗੂ ਲਾਲ ਸੁਰਖ ਟਿਪਸੀ ਹੋਂਠ, ਗੋਲ ਮਟੋਲ ਮੁਲਾਇਮ ਗੱਲ੍ਹਾਂ, ਰੇਸ਼ਮੀ ਬਸਤਰ ਤੇ ਬਖਸ਼ਿਸਾਂ ਦਿੰਦਾ ਅਰਸ਼ੀ ਹੱਥ ਹੀ ਪਸੰਦ ਹੈ। ਸਾਨੂੰ ਤਾਂ ਚਾਹੀਦੀਆਂ ਹਨ ਦਾਤਾਂ ਤੇ ਵੱਧਦੀਆਂ ਵੇਲਾਂ, ਸੁੱਖ ਸ਼ਾਂਤੀ ਤੇ ਪੈਸਾ।

ਅਸਲੀ ਨਾਨਕ ਸਾਡੇ ਵਾਸਤੇ ਖ਼ਤਰਨਾਕ ਸਿੱਧ ਹੋ ਸਕਦਾ ਹੈ। ਸਾਡੇ ਘਰ ਢੁਆ ਸਕਦਾ ਹੈ ਅਤੇ ਨਾਲੇ ਪੁੱਤ ਮਰਵਾ ਸਕਦਾ ਹੈ"। ਕੱਤਕ ਦੀ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਇਹ ਸਾਬਤ ਕਰਦਾ ਹੈ ਕਿ ਗੁਰੂ ਨਾਨਕ ਦੇ ਅਕਾਲ ਚਲਾਣਾ ਕਰਨ ਤੋਂ 120 ਸਾਲ ਬਾਅਦ ਭਾਈ ਬਾਲੇ ਵਾਲੀ ਸਾਖੀ ਲਿਖੀ ਗਈ। ਇਸ ਨੂੰ ਮਲੇਰ ਕੋਟਲੇ ਵਾਲੇ ਐਸ. ਐਸ. ਪਦਮ ਜੀ, "ਬਾਲਾ ਬਲੱਫ" ਦਾ ਨਾਮ ਦਿੰਦੇ ਹਨ। ਵਿੱਚ ਵਿਚਾਲੇ ਫਸੇ ਹੋਏ ਅਸੀਂ ਧੰਦਾ ਪੱਟ ਰਹੇ ਹਾਂ। ਗੁਰੂ ਨਾਨਕ ਵਾਕ:

"ਧੰਦਾ ਪਿਟਿਹੋ ਭਾਈਹੋ ਤੁਮ੍ਹ ਕੂੜ ਕਮਾਵਹੁ"॥

'ਜੰਡਿਆਲਾ ਗੁਰੂ ਕਾ' ਦਾ ਮਸੰਦ ਹੰਦਾਲ, ਜਿਸ ਦਾ ਜਨਮ ਵੈਸਾਖ ਪੂਰਨਮਾਸ਼ੀ ਸੰਮਤ 1630 ਹੈ, ਦੀ ਮੌਤ ਤੋਂ ਬਾਅਦ ਉਸ ਦੀ ਔਲਾਦ ਬਾਲ ਚੰਦ ਅਤੇ ਬਿਧੀ ਚੰਦ ਹੀ ਇਸ ਕੂੜ ਦੇ ਪੋਥੇ ਦੇ ਘੜਨਹਾਰੇ ਹਨ। ਬਾਲ ਚੰਦ ਦੀ ਮੌਤ ਤੋਂ ਬਾਅਦ ਛੋਟੇ ਭਾਈ ਬਿਧੀ ਚੰਦ ਨੇ ਹੀ ਅਸਲ ਵਿੱਚ ਆਪਣੇ ਵੱਡੇ ਭਰਾ ਬਾਲ ਚੰਦ ਨੂੰ 'ਭਾਈ ਬਾਲਾ' ਬਣਾ ਕੇ ਗੁਰੂ ਨਾਨਕ ਦਾ ਸਮਕਾਲੀ ਅਤੇ ਹਮਸਫਰ ਬਣਾ ਕੇ ਸਾਰਾ ਕਾਰਾ ਕੀਤਾ। ਲਿਖਾਰੀ ਗੋਰਖ ਦਾਸ ਅਤੇ ਉਸ ਦਾ ਸਲਾਹਕਾਰ ਹੈ ਲਾਲਾ ਪੂੰਨੂੰ, ਜਿਨ੍ਹਾਂ ਨੇ ਰੜੇ ਲਹੌਰ ਵਿੱਚ ਇਹ ਜਨਮ ਸਾਖੀ ਤਿਆਰ ਕੀਤੀ ਅਤੇ ਉਸ ਵੇਲੇ ਕਰੋੜਾਂ ਰੁਪਏ ਦੀ ਲਾਗਤ ਨਾਲ ਸਾਰੇ ਮਹੱਤਵਪੂਰਨ ਸਿੱਖ ਅਸਥਾਨਾਂ ਉੱਤੇ 28 -28 ਰੰਗੀਨ ਚਿੱਤਰਾਂ ਨਾਲ ਸ਼ਿੰਗਾਰ ਕੇ, "ਜਨਮ ਸਾਖੀ ਭਾਈ ਬਾਲਾ" ਦੇ ਨਾਮ ਹੇਠ ਭੇਜੀ ਗਈ, ਅਤੇ ਜੋ ਵੀ ਪੁਰਾਣੀਆਂ ਜਨਮ ਸਾਖੀਆਂ ਉਪਲਬਧ ਹੋਈਆਂ, ਨੂੰ ਨਸ਼ਟ ਕਰਨ ਦਾ ਜ਼ਿੰਮਾ ਅਪਣੇ ਸਿਰ ਲੈ ਲਿਆ।

ਅਸਲ ਨੂੰ ਨਸ਼ਟ ਕਰਨ ਨਾਲ ਹੀ ਨਕਲ ਟਿਕ ਸਕਦਾ ਹੈ। ਬਾਲਾ-2 ਰੂਪਾਂਤਰ ਵਾਲੇ ਖਰੜੇ ਦੇ ਅਖੀਰ ਤੇ ਦਰਜ ਹੈ: ਸਮੰਤੁ॥ 1715॥ਮਾਘ ਸੁਦੀ॥6 ਪੋਥੀ ਲਿਖੀ ਗੁਰ ਪ੍ਰਸਾਦਿ ਗੋਰਖ ਦਾਸ ਸੰਗਤ ਗੁਰੂ ਕਾ ਜਾਚਕ॥ ਵਾਹਗੁਰੂ ਸਤਿਗੁਰੂ ਜੀ॥ ਜੇ ਕਿਸੇ ਨੇ ਇਸ ਗੱਲ ਦੀ ਪੁਸ਼ਟੀ ਕਰਨੀ ਹੋਵੇ ਤਾਂ ਸੈਂਟਰਲ ਸਟੇਟ ਲਾਇਬਰੇਰੀ ਪਟਿਆਲਾ ਵਿਚ, ਜਨਮ ਸਾਖੀ ਭਾਈ ਬਾਲਾ, ਪਟਿਆਲਾ 1987, ਪੰਨਾ 151॥ ਅਤੇ ਹਾਸਲ ਬਹੁਤ ਖਰਚ ਕਛੁ ਨਾਹੀ ਕਰੇ ਤਗੀਰ ਨ ਕੋਈ॥ ਨਾਨਕ ਐਸੀ ਉਮਦੀ ਖਿਜਮਤਿ ਬਿਨਾ ਭਾਗ ਕਿਉਂ ਹੋਈ॥4॥ ਓਹੀ ਪੰਨਾ 463॥ ਤੋਂ ਕਰ ਸਕਦਾ ਹੈ। ਸਭ ਤੋਂ ਪਹਿਲਾਂ ਇਹ ਦੇਖੀਏ ਕਿ ਅਵਤਾਰ ਧਾਰਣਾ ਦਾ ਕੀ ਮਤਲਬ ਹੈ। ਜੇਕਰ ਇਹ ਲਿਖ ਦਿੱਤਾ ਜਾਵੇ ਕਿ ਬਾਬਾ ਜੀ ਦਾ ਜਨਮ ਦਿਨ ਵੈਸਾਖ ਦਾ ਹੈ ਤਾਂ ਕਈ ਮੂੜ੍ਹ ਮੱਤੀਏ ਗ਼ਲ ਨੂੰ ਆਉਂਦੇ ਹਨ। ਮਹਾਨ ਕੋਸ਼ ਦੇ ਪੰਨਾ 88 ਮੁਤਾਬਕ: ਅਵਤਾਰ ਧਾਰਣਾ ਦੇ ਕਈ ਸਾਰੇ ਮਤਲਬ ਹਨ। ਸੰਗਯਾ- ਜਨਮ, ਜਨਮ ਗ੍ਰਿਹਣ, ਜਨਮ ਧਾਰਣਾ, ਉਤਰਨਾ, ਹੇਠ ਆਉਣ ਦੀ ਕ੍ਰਿਆ, ਪੁਰਾਣਮੱਤ ਅਨੁਸਾਰ ਕਿਸੇ ਦੇਵਤਾ ਦਾ ਕਿਸੇ ਦੇਹ ਵਿਚ ਪ੍ਰਗਟ ਹੋਣਾ, ਚੌਬੀਸ ਅਵਤਾਰ ਅਤੇ ਦਸ ਅਵਤਾਰ;

ਅਵਤਾਰ ਨ ਜਾਨਹਿ ਅੰਤ॥
ਪਰਮੇਸਰ ਪਾਰਬ੍ਰਹਮ ਬੇਅੰਤ॥

ਗੁਰਬਾਣੀ ਦੇ ਕਰਤਿਆਂ ਨੇ ਆਪਣੀ ਬਾਣੀ ਵਿਚ ਦੇਵਤਾ-ਵਾਦ ਦਾ ਖੰਡਨ ਕੀਤਾ, ਪਰ ਅਸੀਂ ਤਾਂ ਗੁਰੂਆਂ ਨੂੰ ਵੀ ਦੇਵਤੇ ਬਣਾ ਕੇ ਹੀ ਛੱਡਣਾ ਹੈ। ਜੇਕਰ 'ਦੇਵਤਾ' ਦੇ ਜਨਮ ਨੂੰ ਅਵਤਾਰ ਧਾਰਣਾ ਪੁਰਾਣਾਂ ਮੁਤਾਬਕ ਠੀਕ ਹੈ ਤਾਂ ਸਾਨੂੰ ਇਹ ਬੋਲੀ ਬਦਲਣ ਦੀ ਲੋੜ ਹੈ। ਹੁਣ ਆਪਾਂ ਕਰਮ ਸਿੰਘ ਹਿਸਟੋਰੀਅਨ ਦੀ ਖੋਜ ਮੁਤਾਬਕ ਗੁਰੂ ਨਾਨਕ ਸਾਹਿਬ ਦੇ ਅਸਲੀ ਜਨਮ ਦਿਨ ਬਾਰੇ ਵਿਚਾਰ ਕਰਦੇ ਹਾਂ। ਉਹ ਗੁਰਪੁਰਬ ਨਿਰਣਯ ਦੇ ਪੰਨਾ 69 ਇਉਂ ਲਿਖਦੇ ਹਨ। (2) ਹੁਣ ਮੈਂ ਵਸਾਖ ਸੁਦੀ ਤਿੰਨ ਸੰਮਤ 1526 ਦੇ ਟਾਕਰੇ ਦੀਆਂ ਈਸਵੀ, ਪਰਵਿਸ਼ਟਾ ਅਤੇ ਹਿਜਰੀ ਤ੍ਰੀਕਾਂ ਲੱਭਦਾ ਹਾਂ: 14 ਮਾਰਚ ਮੰਗਲਵਾਰ ਨੂੰ ਚੇਤ ਸੁਦੀ ਪਹਿਲੀ ਹੈ: "ਗਿਣਤੀਆਂ ਮਿਣਤੀਆਂ ਨੂੰ ਇਸ ਕਰਕੇ ਲਿਖ ਨਹੀਂ ਰਿਹਾ ਕਿ ਲੇਖ ਕਾਫੀ ਲੰਬਾ ਹੋ ਜਾਏਗਾ ਅਤੇ ਮੇਰੇ ਵਰਗੇ ਸਧਾਰਣ ਮਨੁੱਖ ਦੀ ਸਮਝ ਤੋਂ ਵੀ ਪਰੇ ਦੀ ਗੱਲ ਹੈ"। ਅੱਗੇ ਲਿਖਦੇ ਹਨ : ਅਰਥਾਤ ਵਿਸਾਖ ਸੁਦੀ ਤਿੰਨ ਸੰਮਤ 1526 ਨੂੰ ਸ਼ਨਿਚਰਵਾਰ 15 ਅਪ੍ਰੈਲ ਸੰਨ 1469 ਈ: ਸੀ। 'ਕੱਤਕ ਕਿ ਵਿਸਾਖ' ਕਰਮ ਸਿੰਘ ਹਿਸਟੋਰੀਅਨ ਦੀ ਕਿਤਾਬ ਪਹਿਲੇ ਪਹਿਲ 1912 ਵਿਚ ਛਪੀ ਸੀ ਤੇ ਸਿਰਦਾਰ ਹੀਰਾ ਸਿੰਘ ਦਰਦ ਹੋਣਾ ਦੀ ਮਿਹਨਤ ਸਦਕਾ 1932 ਵਿੱਚ ਏਹੋ ਕਿਤਾਬ ਮੁੜ ਛਾਪੀ ਗਈ। ਭਾਈ ਵੀਰ ਸਿੰਘ ਨੇ ਸਟੇਜ ਤੋਂ ਇਹ ਐਲਾਨ ਕੀਤਾ, "ਕੱਤਕ ਕਿ ਵਿਸਾਖ ਸਿੱਖ ਕੌਮ ਲਈ ਅਤੀਅੰਤ ਕੀਮਤੀ ਸੌਗਾਤ ਹੈ" ਪਰ ਨਾਲ ਦੀ ਨਾਲ ਨਾਟਕੀ ਢੰਗ ਨਾਲ ਇਸ ਕਿਤਾਬ ਦੀ ਵਿਕਰੀ ਬੰਦ ਕਰਵਾ ਦਿੱਤੀ ਤੇ ਜੋ ਵੀ ਕਿਤਾਬ ਮਿਲੀ ਉਸ ਨੂੰ ਜ਼ਬਤ ਕਰ ਲਿਆ ਗਿਆ।

ਧੰਨਵਾਦੀ ਹਾਂ ਹੀਰਾ ਸਿੰਘ ਦਰਦ ਜੀ ਦੇ ਜਿਸ ਨੇ ਸਿਰਦਾਰ ਗੁਰਬਖਸ਼ ਸਿੰਘ ਬਾਗਬਾਨਪੁਰਾ ਦੀ ਲਾਇਬਰੇਰੀ ਵਿਚੋਂ ਇਕ ਕਾਪੀ ਪ੍ਰਾਪਤ ਕਰਕੇ 1932 ਵਿਚ ਇਸੇ ਕਿਤਾਬ ਨੂੰ ਮੁੜ ਤੋਂ ਪ੍ਰਕਾਸ਼ਤ ਕਰਕੇ ਸਿੱਖ ਕੌਮ ਨੂੰ ਵੱਡਮੁੱਲੀ 'ਸੌਗਾਤ' ਪ੍ਰਾਪਤ ਕਰਵਾਈ। ਇਸ ਕਿਤਾਬ ਦੇ ਪੰਨਾ 122 ਤੇ ਕਰਮ ਸਿੰਘ ਹਿਸਟੋਰੀਅਨ ਜੀ ਲਿਖਦੇ ਹਨ ਕਿ "ਕੱਤਕ ਦਾ ਰਿਵਾਜ (ਮੈਕਾਲਿਫ ਸਾਹਿਬ ਦੇ ਕਥਨ ਅਨੁਸਾਰ) ਗਿਆਨੀ ਸੰਤ ਸਿੰਘ ਜੀ ਨੇ ਪਾਇਆ। ਮਿਸਟਰ ਮੈਕਾਲਿਫ ਕਾਰਨ ਦੱਸਦੇ ਹਨ ਕਿ ਕੱਤਕ ਪੂਰਨਮਾਸ਼ੀ ਨੂੰ ਰਾਮ ਤੀਰਥ ਦਾ ਮੇਲਾ ਹੋਣ ਕਰਕੇ ਸਾਰੇ ਸਿੱਖ ਓਧਰ ਚਲੇ ਜਾਂਦੇ ਸਨ। ਸੋ ਓਧਰੋਂ ਹਟਾਓਣ ਵਾਸਤੇ ਗਿਆਨੀ ਜੀ ਨੇ ਕੱਤਕ ਪੂਰਨਮਾਸ਼ੀ ਨੂੰ ਆਦਿ ਸਤਿਗੁਰੂ ਜੀ ਦੇ ਪ੍ਰਗਟ ਹੋਣ ਦਾ ਗੁਰਪੁਰਬ ਮਨਾਉਣਾ ਅਰੰਭ ਦਿੱਤਾ। ਬੱਸ ਫੇਰ ਕੀ ਸੀ, ਓਦੋਂ ਤਾਂ ਰਾਜ ਦੇ ਜ਼ੋਰ ਇਹ ਰਿਵਾਜ ਪਾ ਲਿਆ ਪਰ ਅੱਜ ਇਹ ਪੁਰਾਣਾ ਨਜ਼ਰ ਆ ਰਿਹਾ ਹੈ। 1925 ਦੀ ਹੀ ਗੱਲ ਹੈ ਕਿ ਸ੍ਰੀ ਨਨਕਾਣਾ ਸਾਹਿਬ ਕੱਤਕ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਅਰੰਭ ਹੋਇਆ, ਉਸ ਤੋਂ ਪਹਿਲਾਂ ਇਸ ਦਿਨ ਨੂੰ ਉਥੇ ਕੋਈ ਜਾਣਦਾ ਵੀ ਨਹੀਂ ਸੀ। ਸੱਠ ਕੁ ਵਰ੍ਹੇ ਏਸੇ ਤਰ੍ਹਾਂ ਹੋਰ ਲੰਘ ਗਏ ਤਾਂ ਲੋਕੀਂ ਆਖਣ ਲੱਗ ਪੈਣਗੇ ਜੋ ਇਹ ਗੁਰਪੁਰਬ ਮੁੱਢ ਤੋਂ ਹੀ ਕੱਤਕ ਦੀ ਪੂਰਨਮਾਸ਼ੀ ਨੂੰ ਨਨਕਾਣੇ ਸਾਹਿਬ ਮਨਾਇਆ ਜਾਂਦਾ ਰਿਹਾ ਹੈ, ਜਿਸ ਤਰ੍ਹਾਂ ਅੱਜ ਕੱਲ੍ਹ ਗਿਆਨੀ ਸੰਤ ਸਿੰਘ ਜੀ ਦੇ ਚਲਾਏ ਹੋਏ ਗੁਰਪੁਰਬ ਨੂੰ ਸਭ ਪੁਰਾਤਨ ਹੀ ਮੰਨ ਰਹੇ ਹਨ। ਮੇਰਾ ਆਪਣਾ ਵਿਚਾਰ ਹੈ ਕਿ 'ਦਰਬਾਰ ਸਾਹਿਬ' ਦਾ ਮੁੱਖ ਗ੍ਰੰਥੀ ਭਾਈ ਸੂਰਤ ਸਿੰਘ, ਜੋ 'ਸਿੱਖਾਂ ਦੀ ਭਗਤਮਾਲਾ' ਦਾ ਕਰਤਾ ਹੈ 'ਤੇ ਇਸ ਕਿਤਾਬ ਨੂੰ ਭਾਈ ਮਨੀ ਸਿੰਘ ਜੀ ਦੀ ਕ੍ਰਿਤ ਦੱਸਦਾ ਹੈ, ਦਾ ਪੁੱਤਰ ਗਿਆਨੀ ਸੰਤ ਸਿੰਘ ਹੈ ਜੋ ਨਿਰਮਲੇ ਸੰਪ੍ਰਦਾਇ ਨਾਲ ਸੰਬੰਧ ਰੱਖਦੇ ਸਨ 'ਤੇ ਵੀ ਅਸਰ 'ਬਾਲਾ ਬਲੱਫ' ਦਾ ਹੋਇਆ। ਜੰਡਿਆਲਾ ਗੁਰੂ ਕਿਆਂ ਵਾਲਿਆਂ ਨੇ 'ਬਾਲਾ ਬਲੱਫ' ਨੂੰ ਆਪਣੇ ਸਰਕਾਰੀ ਅਸਰ ਰਸੂਖ ਤੇ ਪੈਸੇ ਦੇ ਜ਼ੋਰ ਨਾਲ ਹਰ ਥਾਂ ਲਾਗੂ ਕਰਵਾਇਆ। ਜਨਮ ਸਾਖੀ ਬਾਲਾ ਨੂੰ ਛੱਡ ਕੇ ਹੋਰ ਕਿਸੇ ਵੀ ਜਨਮ ਸਾਖੀ ਵਿਚ 'ਕੱਤਕ ਦੀ ਪੂਰਨਮਾਸ਼ੀ' ਨੂੰ ਬਾਬੇ ਦਾ ਅਵਤਾਰ ਪੁਰਬ ਨਹੀਂ ਸਗੋਂ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਬੀ-40 ਜਨਮ ਸਾਖੀ: ਦਾ ਹੱਥ ਲਿਖਤ ਖਰੜਾ ਜੋ ਪਹਿਲਾਂ ਇੰਡੀਆ ਆਫਿਸ ਲਾਇਬਰੇਰੀ, (ਹੁਣ ਫਾਰਨ ਐਂਡ ਕਾਮਨਵੈਲਥ ਆਫਿਸ) ਲੰਡਨ ਵਿਚ ਸੁਰੱਖਿਅਤ ਹੈ ਭਾਈ ਬਾਲੇ ਦਾ ਨਾਮ ਨਿਸ਼ਾਨ ਹੀ ਨਹੀਂ ਅਤੇ ਗੁਰੂ ਨਾਨਕ ਪਾਤਸ਼ਾਹ ਦਾ ਜਨਮ ਦਿਵਸ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਇਸੇ ਦੀ ਕਾਪੀ ਜਦੋਂ ਭਾਈ ਵੀਰ ਸਿੰਘ ਨੂੰ ਪ੍ਰਾਪਤ ਹੋਈ ਤਾਂ ਉਸ ਨੇ ਇਸ ਨੂੰ 'ਪੁਰਾਤਨ ਜਨਮ ਸਾਖੀ' ਦਾ ਨਾਮ ਦਿੱਤਾ, ਹਾਫਜ਼ਾਬਾਦ ਵਾਲੀ ਜਨਮ ਸਾਖੀ, ਮਿਹਰਬਾਨ ਨੇ ਆਪਣੇ ਹੱਥੀਂ 'ਪੋਥੀ ਸੱਚੁ ਖੰਡ' 1619 ਈ: ਦੇ ਨੇੜੇ ਤੇੜੇ ਮੁਕੰਮਲ ਕਰਵਾਈ ਜੋ ਗੁਰੂ ਅਰਜਨ ਪਾਤਸ਼ਾਹ ਦਾ ਪਿਆਰਾ ਭਤੀਜਾ ਅਤੇ ਗੁਰੂ ਰਾਮਦਾਸ ਦਾ ਹੋਣਹਾਰ ਪੋਤਰਾ ਸੀ, ਨੇ ਵੀ ਜਨਮ ਅਸਥਾਨ ਦੇ ਵੇਰਵੇ ਸਮੇਤ ਜਨਮ ਦਿਵਸ ਵੈਸਾਖ ਸੁਦੀ 3 ਲਿਖਿਆ ਹੈ। ਇਕ ਹੋਰ ਮਹੱਤਵ ਪੂਰਣ 'ਜਨਮ ਪਤ੍ਰੀ ਬਾਬੇ ਜੀ ਕੀ' ਜਿਸਦਾ ਲੇਖਕ ਹੈ ਭਾਈ ਬੂਲਾ ਪਾਧਾ, ਗੁਰੂ ਅਮਰਦਾਸ ਦਾ ਸਿੱਖ ਤੇ ਭਾਈ ਗੁਰਦਾਸ ਦਾ ਨਿਕਟਵਰਤੀ, ਡੱਲੇ ਨਗਰ ਦਾ ਨਿਵਾਸੀ, ਜਿਸਨੇ 'ਸਾਖੀ ਮਹਲੁ ਪਹਿਲੇ ਕੀ' ਦੀ ਰਹਿੰਦੀ ਖੂੰਹਦੀ ਘਾਟ ਨੂੰ ਪੂਰਾ ਕੀਤਾ, ਇਸ ਲਿਖਤ ਵਿਚ ਵੀ ਜਨਮ ਦਿਵਸ ਵੈਸਾਖ ਸੁਦੀ 3 ਦਰਜ ਹੈ, ਜੋ 1598-99 ਈ: ਵਿਚ ਮੁਕੰਮਲ ਕੀਤੀ। ਮੁਜੰਗਾਂ, ਲਹੌਰ ਨਿਵਾਸੀ ਸੈਦੋ ਜੱਟ ਜੋ ਪਿਸ਼ਾਵਰ ਦੇ ਇਲਾਕੇ ਵਿਚ ਪ੍ਰਚਾਰਕ ਸੀ, ਨੇ 1657-58 ਵਿਚ ਇਕ ਜਨਮ ਸਾਖੀ ਦਾ ਨਿਰਮਾਣ ਕੀਤਾ ਜਿਸ ਨੂੰ 'ਪੁਰਾਤਨ' ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਅਸਲੀਅਤ ਤੋਂ ਵਾਕਫ ਸੈਦੋ ਨੇ ਬਾਲੇ ਵਾਲੀ ਮਿਤੀ ਰੱਦ ਕਰਕੇ ਸੀਹੋਂ ਦੀ 'ਸਾਖੀ ਮਹਲੁ ਪਹਿਲੇ ਕੀ' ਵਾਲੀ ਪਰਮਾਣਕ ਮਿਤੀ ਨੂੰ ਅਧਾਰ ਬਣਾ ਕੇ ਆਪਣੀ ਲਾਜਵਾਬ ਸਾਖੀ ਦੀ ਸਿਰਜਣਾ ਕੀਤੀ। ਗੁਰੂ ਅਮਰਦਾਸ ਦੇ ਵੰਸਜ ਸਰੂਪ ਦਾਸ ਭੱਲਾ ਨੇ 1776 ਈ: ਵਿਚ ਮਹਿਮਾ ਪ੍ਰਕਾਸ਼ ਕਵਿਤਾ ਅਤੇ ਇਸੇ ਖਾਨਦਾਨ ਦੇ ਕਿਸੇ ਅਗਿਆਤ ਵਿਅਕਤੀ ਨੇ 19ਵੀਂ ਸਦੀ ਦੇ ਦੂਜੇ ਅੱਧ ਵਿਚ ਮਹਿਮਾ ਪ੍ਰਕਾਸ਼ ਵਾਰਤਕ ਨਾਮ ਦੀਆਂ ਰਚਨਾਵਾਂ ਵਿਚ ਜਨਮ ਦਿਵਸ ਵੈਸਾਖ ਸੁਦੀ 3 ਦਾ ਹੀ ਦਿੱਤਾ ਹੈ, ਕਿਉਂਕਿ ਇਹ ਗੁਰੂ ਕੀ ਲਹਿਰ ਦਾ ਪਰੰਪ੍ਰਾਗਤ ਅਸਰ ਸੀ। ਡੀ.ਏ.ਵੀ ਕੌਲਿਜ ਦਾ ਖਰੜਾ 2000 ਮਸਲਨ ਇਹ ਸਾਰੀਆਂ ਲਿਖਤਾਂ ਗੁਰੂ ਬਾਬਾ ਜੀ ਦਾ ਜਨਮ ਦਿਵਸ ਵਿਸਾਖ ਦਾ ਹੀ ਮੰਨਦੀਆਂ ਹਨ। ਜਨਮ ਪੱਤ੍ਰੀ ਦੀ ਪਹਿਲੀ ਪਰਤ, ਜੋ ਗੁਰੂ ਕੇ ਜੰਡਿਆਲੇ ਵਾਲੇ ਹੰਦਾਲਕਿਆਂ ਨੇ 1656-57 ਈ. ਦੇ ਲਾਗੇ ਚਾਗੇ ਤਿਆਰ ਕਰਵਾਈ ਕੁੱਝ ਇਸ ਤਰ੍ਹਾਂ ਸ਼ੁਰੂ ਹੁੰਦੀ ਹੈ: "ਜਨਮ ਪਤ੍ਰੀ ਨਾਨਕ ਵੇਦੀ ਦੀ॥ ਸੰਮਤ 1626॥ ਮਿਤੀ ਕਤਕ ਸੁਦੀ ਪੂਰਨਮਾਸੀ॥ ਨਾਨਕ ਜਨਮ ਲੀਤਾ॥ ਅਧੀ ਰਾਤ ਘੜੀ ਉਪਰਿ ਕਾਲੂ ਵੇਦੀ ਦੇ ਘਰਿ॥ ਕਾਲੂ ਦਾ ਪਰੋਹਿਤ ਹਰਿਦਿਆਲ ਬ੍ਰਹਮਣੁ ਆਹਾ ਅਤੇ ਨਾਲੇ ਗੁਰਦੇਵ ਆਹਾ॥ ਵਡੀ ਵੇਲਾ ਕਾਲੂ ਹਰਿਦਿਆਲ ਦੇ ਘਰਿ ਗਇਆ॥.........॥ ਤਾ ਬਾਲੇ ਵਿਦਾ ਲੀਤੀ ਤਲਵੰਡੀ ਗਇਆ॥ ਇਸ ਤੋਂ ਅੱਗੇ ਬਾਲਾ ਰੂਪਾਂਤਰ 'ਇਕ' ਜਨਮ ਸਾਖੀ ਤਿਆਰ ਕੀਤੀ ਗਈ। ਫਿਰ ਇਸ ਵਿਚ ਗੁਰੂ ਨਾਨਕ ਪਿਤਾ ਦੇ ਚਾਲ-ਚੱਲਣ/ਚਰਿਤ੍ਰ ਦਾ ਘਾਤ ਕਰਨ ਲਈ ਰੰਘੜੀ ਵਾਲੀ ਸਾਖੀ ਅਤੇ ਇਸੇ ਤਰ੍ਹਾਂ ਗੁਰੂ ਅੰਗਦ ਪਾਤਸ਼ਾਹ ਨੂੰ ਇਹ ਕਹਿਣਾ ਕਿ ਰਾਤੀ ਆਪਣੀ ਲੜਕੀ ਨੂੰ ਬਣਾਏ ਕੇ ਲਈ ਆਵਣਾ(ਸਹਿਜ-ਕੁਸਹਿਜ ਵਾਲੀ ਸਾਖੀ) ਅਤੇ ਹੋਰ ਬਹੁਤ ਕੁੱਝ ਘੜ-ਘੜਾ ਕੇ ਬਾਲਾ ਰੂਪਾਂਤਰ 2 ਤਿਆਰ ਕਰਕੇ 28- 28 ਸੁਚਿਤਰਾਂ ਨਾਲ ਸ਼ੰਗਾਰ ਕੇ, ਕਈ ਦਹਾਕਿਆਂ ਬੱਧੀ ਇਹ ਕੰਮ ਚੱਲਦਾ ਰਿਹਾ, ਸਾਰੇ ਪਰਮੁੱਖ ਸਿੱਖ ਧਾਰਮਿਕ ਅਸਥਾਨਾਂ ਤੇ ਪਹੁੰਚਾਈ ਗਈ। ਬਾਲਾ ਰੂਪਾਂਤਰ 2 ਦੇ ਹੱਥ ਲਿਖਤ ਖਰੜੇ ਵਿਚ ਇਹ ਲਿਖ ਦਿੱਤਾ ਕਿ ਇਹ ਜਨਮ ਸਾਖੀ 1582 ਸੰਮਤ ਵਿਚ ਗੁਰੂ ਅੰਗਦ ਦੀ ਹਜ਼ੂਰੀ ਵਿਚ ਭਾਈ ਬਾਲੇ ਨੇ ਪੈੜੇ ਮੋਖੇ ਕੋਲੋਂ ਲਿਖਵਾਈ।

ਜਦੋਂ ਕਿ ਸੱਚ ਇਹ ਹੈ ਕਿ ਸੰਮਤ 1582/1525 ਈ. ਵਿਚ ਤਾਂ ਭਾਈ ਲਹਿਣਾ ਜੀ ਗੁਰੂ ਨਾਨਕ ਪਿਤਾ ਜੀ ਨੂੰ ਮਿਲੇ ਵੀ ਨਹੀਂ ਸਨ। ਪਿਆਰੇ ਲਾਲ ਬੇਦੀ, ਐਫ-17, ਜੰਗਪੁਰਾ ਭੋਗਲ, ਨਵੀ ਦਿਲੀ, ਨੂੰ ਪ੍ਰਾਪਤ ਸੰਮਤ 1770 (1713ਈ.) ਵਾਲਾ ਖਰੜਾ ਆਪ ਉਚੀ ਉਚੀ ਬੋਲ ਕੇ ਖੁਲਾਸਾ ਕਰਦਾ ਹੈ: " ਜਨਮ ਪਤ੍ਰੀ ਬਾਬੇ ਨਾਨਕ ਕੀ ਸੰਪੂਰਨ ਹੋਈ॥ ਵੀਰਵਾਰ ਪਹਿਰ ਦਿਨ ਚੜੇ॥ ਸੰਮਤ 1770 ਦੇ ਬੀਤੇ ਹੋਇ ਮੁੱਕੀ। ਲਿਖਵਾਈ ਸੰਗਤ ਸਿੰਘ ਸੂਦ॥ ਲਿਖੀ ਆਤਮਾ ਸਿੰਘ ਸੂਦ॥ ਕੀਰਤਨਏ॥ ਵਿਚ ਰੜੇ ਲਹੌਰ ਦੇ ਅਗੇ ਲਾਗਤ ਪੋਥੀ ਲਿਖੀ 330 ਰੁਪਏ॥ ਜੋ ਅੱਜ ਦੀ ਕੀਮਤ ਅਨੁਸਾਰ ਤਿੰਨ ਲੱਖ ਤੀਹ ਹਜ਼ਾਰ ਰੁਪੈ ਬਣਦੀ ਹੈ। ਹੰਦਾਲਕਿਆਂ ਨੇ ਵੱਡੇ ਤਰੱਦਦ ਨਾਲ ਇਸ ਨੂੰ ਸਿੱਖ ਚਿੰਤਨ ਤੇ ਚੇਤਨਾ ਨੂੰ ਸੁੰਨ ਕਰਨਹਾਰੇ ਜ਼ਹਿਰ ਦੇ ਟੀਕੇ ਵਾਂਗ ਵਰਤਿਆ; ਸਦੀਆਂ ਲੰਘ ਗਈਆਂ; ਮੂਰਛਾ ਦੀ ਸ਼ਿਕਾਰ ਹੋਈ ਸਿੱਖ ਚੇਤਨਾ ਅਜੇ ਅੱਖ ਪੱਟ ਕੇ ਝਾਕਣ ਦਾ ਹੀਆ ਨਹੀਂ ਕਰ ਸਕੀ; ਪਰ ਇਹ ਮਰੀ ਨਹੀਂ, ਜਾਗੇਗੀ ਕਿਉਂਕਿ ਜਿਉਣ ਦਾ ਹੱਠ ਇਸ ਦਾ ਵਿਸ਼ੇਸ਼ ਖਾਸਾ ਹੈ। "ਸਾਖੀ ਪਰੰਪਰਾ ਵਿਚੋਂ ਕੇਵਲ ਜਨਮ ਸਾਖੀ ਬਾਲਾ ਹੀ ਸਾਨੂੰ ਗੁਰੂ ਨਾਨਕ ਪਿਤਾ ਦਾ ਜਨਮ ਕੱਤਕ ਦੀ ਪੂਰਨਮਾਸ਼ੀ ਦਾ ਦੱਸਦੀ ਹੈ ਅਤੇ ਸਾਨੂੰ ਇਸ ਅਣਹੋਏ ਸੱਚ ਨੂੰ ਸਵੀਕਾਰ ਕਰਨ ਨੂੰ ਮਜਬੂਰ ਕਰਦੀ ਹੈ। ਇਸ ਧਰਮ ਸੰਕਟ ਦਾ ਹੱਲ, ਪੂਰਨਮਾਸ਼ੀ ਵਾਲੀ ਮਿਤੀ ਨੂੰ ਕਿਸੇ ਇਕ, ਪਿਉ ਜਾਂ ਪੁੱਤਰ ਨਾਲ ਜੋੜ ਕੇ ਹੀ ਸੰਭਵ ਹੋ ਸਕਦਾ ਹੈ, ਦੋਵਾਂ ਨਾਲ ਨਹੀਂ। ਕੱਤਕ ਦੀ ਪੂਰਨਮਾਸ਼ੀ ਨੂੰ ਸ੍ਰੀ ਚੰਦ ਦੀ ਜਨਮ ਮਿਤੀ ਮੰਨਣ ਲਈ ਸਾਡੇ ਕੋਲ ਬਹੁਤ ਹੀ ਪਰਮਾਣਕ ਸਬੂਤ ਹਨ ਜੋ ਭਰੋਸੇਯੋਗ ਸਰੋਤ ਤੋਂ ਆਏ ਹੋਣ ਕਰਕੇ ਅਕੱਟ ਹਨ। ਗੁਰੂ ਨਾਨਕ ਦੇ ਬੰਸ, ਦਸਵੀਂ ਪੀੜ੍ਹੀ, ਬਾਬਾ ਸੁਖਬਾਸੀ ਨੇ ਆਪਣੇ ਖਾਨਦਾਨ ਸਬੰਧੀ ਇਕ ਗਰੰਥ 'ਨਾਨਕ ਬੰਸ ਪ੍ਰਕਾਸ਼' ਸੰਮਤ 1872 (1815 ਈ:) ਵਿਚ ਰਚਨਾ ਕੀਤੀ।

ਜਿਸ ਵਿਚ ਸਪੱਸ਼ਟ ਲਿਖਿਆ ਹੈ: ਸੁਭ ਨਖਯਤ੍ਰ ਸੁਭ ਲਗਨ ਬਰ ਕਾਤਕ ਮਾਸ ਪੁਨੀਤ॥ ਸ੍ਰੀ ਚੰਦ ਸਤਿਗੁਰ ਪ੍ਰਗਟੇ ਅਦਭੁਤ ਨਿਰਮਲ ਚੀਤ॥ ਮਤਲਬ ਸ੍ਰੀ ਚੰਦ ਕਤਕ ਦੇ ਮਹੀਨੇ ਪੂਰਨਮਾਸ਼ੀ ਨੂੰ ਪੈਦਾ ਹੋਇਆ। ਇਸੇ ਗਰੰਥ ਵਿਚ ਗੁਰੂ ਨਾਨਕ ਦਾ ਜਨਮ ਵਿਸਾਖ ਸੁਦੀ 3 ਦਾ ਦੱਸਿਆ ਹੈ: ਸੰਬਤ ਬਿਕ੍ਰਮ ਨ੍ਰਿਪਤ ਕੇ ਪੰਦ੍ਰਹ ਸਤਿ ਖਟਿ ਬੀਸ॥ ਅਖਯ-(ਸੁਦੀ) ਤੀਜ ਤਿਥਿ ਮਾਸ ਬਰ ਮਾਧਵਿ(ਵੈਸਾਖ) ਪ੍ਰਗਟੇ ਈਸ॥ ਬਾਬਾ ਸੁਖਬੰਸੀ ਭਾਈ ਬਾਲੇ ਵਾਲੀ ਜਨਮ ਸਾਖੀ ਦਾ ਸ਼ਿਕਾਰ ਹੋਣ ਦੇ ਬਾਵਜੂਦ ਵੀ ਕੱਤਕ ਦੀ ਪੂਰਨਮਾਸ਼ੀ ਦੀ ਤਰੀਕ ਨੂੰ ਕੱਟ ਕੇ ਅਸਲੀ ਜਨਮ ਤਰੀਖ ਦੇਣ ਵਿਚ ਗੁਰੇਜ਼ ਨਹੀਂ ਕਰਦਾ"। ਇਹ ਸਾਰੀ ਸੂਚਨਾ 'ਸਾਖੀ ਮਹਿਲ ਪਹਿਲੇ ਕੀ ਸਾਖੀਕਾਰ ਸੀਹਾਂ ਉਪਲ ਸੰਪਾਦਕ ਸ. ਸ. ਪਦਮ' ਦੀ ਕਿਤਾਬ ਦੇ ਪੰਨਾ 102-103 ਤੇ ਦਰਜ ਹੈ।


ਜਦੋਂ ਇਹ ਸਾਰਾ ਕੁੱਝ ਵਾਪਰ ਰਿਹਾ ਸੀ ਤਾਂ ਵਿਸਨ ਸਿੰਘ ਨਾਂ ਦਾ ਇਕ ਪਰਬੁੱਧ ਇਨਸਾਨ ਵੀ ਕਾਰਜਸ਼ੀਲ ਸੀ, ਜਿਸ ਨੇ 1828 ਈ. ਵਿਚ 'ਗਿਆਨ ਰਤਨਾਵਲੀ' ਕ੍ਰਿਤ ਸੂਰਤ ਸਿੰਘ ਨੂੰ ਅਨਕੂਲ ਕੇ ਆਪਣੇ 'ਗਿਆਨ ਰਤਨਾਗਰ ਕਾਵਿ ਗਰੰਥ' ਦੀ ਰਚਨਾ ਕੀਤੀ। ਇਹ ਗਿਆਨੀ ਸੰਤ ਸਿੰਘ ਦਾ ਚੇਲਾ ਤੇ 'ਗੁਰਪ੍ਰਤਾਪ ਸੂਰਜ ਗ੍ਰੰਥ' ਵਾਲੇ ਰਾਜ ਕਵੀ ਸੰਤੋਖ ਸਿੰਘ ਦਾ ਗੁਰਭਾਈ ਸੀ, ਪਰ ਆਪਣੇ ਆਪ ਨੂੰ ਸੂਰਤ ਸਿੰਘ ਦਾ ਪੋਤਰਾ ਚੇਲਾ ਦੱਸਣ ਵਿਚ ਵਧੇਰੇ ਮਾਣ ਮਹਿਸੂਸ ਕਰਦਾ ਸੀ।

ਉਸ ਦੀ ਵੀ ਸੁਣੋ, ਸੰਤੋਖ ਸਿੰਘ ਅਤੇ ਉਸ ਦੇ ਪੁਰਾਣੇ ਜਾਂ ਅਧੁਨਿਕ ਪਾਛੂਆਂ ਨੇ ਭਾਵੇਂ ਨਹੀਂ ਸੁਣੀ:

"ਜਬ ਹੰਦਾਲ ਸੁਰ ਲੋਕ ਪਧਾਰਾ। ਬਿਧੀ ਚੰਦ ਸੁਤ ਸਕਤੀਵਾਰਾ।
ਲਈ ਮਹੰਤੀ ਸਿਖ ਬਣਾਏ। ਤੁਰਕਨ ਕੀ ਗਨਕਾ ਇਕ ਗਾਇ।
ਸੋ ਆਪਣੇ ਗ੍ਰਹ ਆਨ ਵਸਾਈ। ਤਬ ਵਰਤਨ ਤਜ ਦੀਨ ਲੁਕਾਈ।
ਬਿਧੀ ਚੰਦ ਮਵੋਤ ਪ੍ਰਸੰਗਾ। ਲਿਖੇ ਗੁਰ ਧਾਰੀ ਹਿਤ ਸੰਗਾ।
ਆਗੇ ਗੁਰ ਕੀ ਸਾਖੀ ਨਾਹੀ। ਰਚੀ ਨਿੰਦਾ ਬਿਧ ਬਹੁਤ ਬਨਾਈ।
ਬਾਲੇ ਅੰਗਦ ਕੋ ਧਰ ਨਾਮਾ। ਪ੍ਰਥਮੇ ਹੀ ਝੂਠਾ ਕੀਓ ਕਾਮਾ।
ਪੰਦ੍ਰਹ ਸਹਸ ਪਚਾਸੀ ਮਾਹੀ। ਪੰਚਮ ਥਿਤ ਬੈਸਾਖ ਕੀ ਆਹੀ।
ਪੈੜੇ ਮੋਖੇ ਲਿਖੀ ਬਨਾਈ। ਗੁਰ ਅੰਗਦ ਗੁਰ ਮਿਲੇ ਨ ਭਾਈ"।

ਜੋ ਕੂੜ ਰਾਜ ਕਵੀ ਸੰਤੋਖ ਸਿੰਘ ਨੇ ਆਪਣੇ 'ਗੁਰ ਪ੍ਰਤਾਪ ਸੂਰਜ ਗ੍ਰੰਥ' ਵਿਚ 'ਬਾਲਾ ਬਲੱਫ' ਤੋਂ ਪ੍ਰਭਾਵਤ ਹੋ ਕੇ ਵਾੜਿਆ ਜਾਂ ਵਾੜਿਆ ਗਿਆ ਉਸ ਦਾ ਅਤੇ ਭਾਈ ਬਿਧੀ ਚੰਦ ਵਲੋਂ ਆਪਣੀ ਬੁਰਿਆਈ ਨੂੰ ਛਪਾਉਣ ਲਈ ਜੋ ਗੁਰੂ ਨਾਨਕ ਸਾਹਿਬ ਦਾ ਚ੍ਰਿਤਰ-ਘਾਤ ਕੀਤਾ ਗਿਆ ਹੈ ਉਸ ਨੂੰ ਭਾਈ ਵਿਸਨ ਸਿੰਘ ਨੇ ਆਪਣੀ ਉਪਰਲੀ ਕਵਿਤਾ ਵਿਚ ਨੰਗਾ ਕੀਤਾ ਹੈ।

ਹੁਣ ਫੈਸਲਾ ਸਿੱਖ ਕੌਮ ਨੇ ਕਰਨਾ ਹੈ ਕਿ ਉਹ ਗੁਰੂ ਦਾ ਗੁਰਪੁਰਬ ਅਸਲੀ ਤਰੀਕ, ਵੈਸਾਖ ਸੁਦੀ ਤੀਜ, ਨੂੰ ਮਨਾਉਣਾ ਚਾਹੁੰਦੀ ਹੈ ਜਾਂ ਫਿਰ 'ਬਾਲਾ ਬਲੱਫ' ਦੀ ਵਰਤਾਈ ਹੋਈ ਨਕਲੀ ਤਰੀਕ, "ਕੱਤਕ ਦੀ ਪੂਰਨਮਾਸੀ" ਨੂੰ ਹੀ ਕੜ੍ਹੀ ਘੋਲਣਾ ਚਾਹੁੰਦੀ ਹੈ।



ਗੁਰਚਰਨ ਸਿੰਘ ਜਿਉਣਵਾਲਾ
ਕਨੇਡਾ
647-966-3132

Information in Public Interest
To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।
Contact:(408) 687-1899, (925) 587-1148


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


PACIFIC ATLANTIC
INSURANCE SERVICES INC.
AGENCY LIC# 6022536
ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ
ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
ਕਾਰੋਬਾਰ ਦੀ ਇੰਸ਼ੋਰੈਂਸ
ਕਾਰ ਜਾਂ ਘਰ ਦੀ ਇੰਸ਼ੋਰੈਂਸ
ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ
ਸੰਪਰਕ ਕਰੋ
Farhan Ali
CLIENT RELATIONS MANAGER
Jessie Ghangas
BROKER AGENT CA LIC# 0171673
(916)800-9828
621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com
ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵਿੱਚ ਭਾਰਤੀ ਰੀਅਲ ਅਸਟੇਟ ਵਿੱਚ **$13 ਬਿਲੀਅਨ** ਲਗਾਏ—ਕਿਉਂਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦਿੰਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵਿੱਚ ਵਾਪਸ ਆਏ
- **$70 ਬਿਲੀਅਨ+ ਵਿਦੇਸ਼ੀ ਨਿਵੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਿਵੇਸ਼ ਦੇ ਰਾਹ

| ਨਿਵੇਸ਼ ਦੀ ਕਿਸਮ | ਸਾਲਾਨਾ ਮੁਨਾਫ਼ਾ | ਕਿਸ ਲਈ ਢੁਕਵਾਂ |
|---|---|---|
| ਵਿਕਾਸਸ਼ੀਲ ਇਲਾਕਿਆਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਿਰਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਿਵੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਿਵਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵਿੱਖ ਨੂੰ ਸੁਰੱਖਿਅਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚ । ਤੁਹਾਡੀ ਜਾਇਦਾਦ ਭਾਰਤ ਵੱਚ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
Video Advertising
POSTERS DESIGN
We design flyers, Posters and
Post Cards to promote your business
Positive Vibes
BUSINESS CARD DESIGN
WE DESIGN YOUR
BUSINESS CARD
COMPANY NAME
COMPANY
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
24/7
CUSTOMER SERVICE
For more information call
Boota Singh Basi +1 (209) 303-1260

# ਗਰੀਬ ਦੇਸ਼ਾਂ ਦੇ ਸ਼ਰਨਾਰਥੀਆਂ ਨੂੰ ਅਮਰੀਕਾ 'ਚ ਦਾਖਲ ਨਹੀਂ ਹੋਣ ਦੇਵਾਂਗਾ- ਡੋਨਾਲਡ ਟਰੰਪ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਉਹ "ਥਰਡ ਵਰਲਡ ਦੇਸ਼ਾਂ" ਦੇ ਸ਼ਰਨਾਰਥੀਆਂ 'ਤੇ ਸਥਾਈ ਤੌਰ 'ਤੇ ਪਾਬੰਦੀ ਲਗਾ ਦੇਣਗੇ ਤਾਂ ਜੋ ਅਮਰੀਕਾ ਦੁਬਾਰਾ ਮਜ਼ਬੂਤ ਹੋ ਸਕੇ। "ਥਰਡ ਵਰਲਡ ਦੇਸ਼ਾਂ" ਸ਼ਬਦ ਦਾ ਕੋਈ ਕਾਨੂੰਨੀ ਅਰਥ ਨਹੀਂ ਹੈ, ਪਰ ਇਹ ਆਮ ਤੌਰ 'ਤੇ ਅਫਰੀਕਾ, ਏਸ਼ੀਆ, ਲਾਤੀਨੀ ਅਮਰੀਕਾ ਅਤੇ ਮੱਧ ਪੂਰਬ ਦੇ ਉਨ੍ਹਾਂ ਦੇਸ਼ਾਂ ਲਈ ਵਰਤਿਆ ਜਾਂਦਾ ਹੈ ਜੋ ਘੱਟ ਆਮਦਨੀ ਜਾਂ ਘੱਟ-ਮੱਧਮ ਆਮਦਨੀ ਸ਼੍ਰੇਣੀਆਂ ਵਿੱਚ ਆਉਂਦੇ ਹਨ।

ਟਰੰਪ ਨੇ ਇਹ ਐਲਾਨ ਵੀਰਵਾਰ ਨੂੰ ਵਾਸ਼ਿੰਗਟਨ, ਡੀ.ਸੀ. ਵਿੱਚ ਦੋ ਨੈਸ਼ਨਲ ਗਾਰਡਮੈਨਾਂ ਦੀ ਮੌਤ ਤੋਂ ਬਾਅਦ ਕੀਤਾ। ਉਨ੍ਹਾਂ ਨੇ ਹਮਲੇ ਨੂੰ ਸ਼ਰਨਾਰਥੀਆਂ ਨਾਲ ਜੋੜਿਆ। ਟਰੰਪ ਨੇ ਕਿਹਾ ਕਿ ਇਮੀਗ੍ਰੇਸ਼ਨ ਨੀਤੀਆਂ ਕਾਰਨ ਦੇਸ਼ ਦੇ ਲੋਕਾਂ ਦੀ ਜ਼ਿੰਦਗੀ ਬਦਤਰ ਹੋ ਗਈ ਹੈ।

ਟਰੰਪ ਨੇ ਕਿਹਾ, "ਜੋ ਅਮਰੀਕਾ ਲਈ ਲਾਭਦਾਇਕ ਨਹੀਂ ਹਨ ਜਾਂ ਜੋ ਸਾਡੇ ਦੇਸ਼ ਨੂੰ ਸੱਚਮੁੱਚ ਪਿਆਰ ਨਹੀਂ ਕਰਦੇ, ਉਨ੍ਹਾਂ ਨੂੰ ਵੀ ਬਾਹਰ ਕੱਢ ਦਿੱਤਾ ਜਾਵੇਗਾ।" ਟਰੰਪ ਨੇ ਇਮੀਗ੍ਰੇਸ਼ਨ ਨੀਤੀਆਂ ਨੂੰ ਹੋਰ ਸਖ਼ਤ ਕਰਨ ਦਾ ਵਾਅਦਾ ਕੀਤਾ। ਇਸ ਤੋਂ ਪਹਿਲਾਂ ਵੀਰਵਾਰ ਨੂੰ, ਟਰੰਪ ਪ੍ਰਸ਼ਾਸਨ ਨੇ ਐਲਾਨ ਕੀਤਾ ਸੀ ਕਿ 19 ਦੇਸ਼ਾਂ ਦੇ ਪ੍ਰਵਾਸੀਆਂ ਦੀ ਸਖ਼ਤ ਜਾਂਚ ਹੁਣ ਸਖ਼ਤ ਜਾਂਚ ਦੇ ਅਧੀਨ ਹੋਵੇਗੀ।



ਥਰਡ ਵਰਲਡ ਦੇਸ਼ਾਂ ਦੇ ਸ਼ਰਨਾਰਥੀਆਂ ਦੇ ਦਾਖਲੇ 'ਤੇ ਪਾਬੰਦੀ ਲਗਾਉਣ ਦਾ ਟਰੰਪ ਦਾ ਐਲਾਨ ੂਸ਼ਛੀਸ਼ ਤੋਂ ਵੀ ਅੱਗੇ ਵਧਦਾ ਹੈ, ਜੋ ਕਿ ਸੰਯੁਕਤ ਰਾਜ ਅਮਰੀਕਾ ਵਿੱਚ ਇਮੀਗ੍ਰੇਸ਼ਨ ਮਾਮਲਿਆਂ ਦੀ ਨਿਗਰਾਨੀ ਕਰਨ ਵਾਲੀ ਏਜੰਸੀ ਹੈ। ੂਸ਼ਛੀਸ਼ ਦੇ ਡਾਇਰੈਕਟਰ ਜੋਸਫ਼ ਐਡਲੋ ਨੇ ਵੀਰਵਾਰ ਨੂੰ ਕਿਹਾ ਕਿ ੂਸ਼ਛੀਸ਼ ਹੁਣ ਅਫਗਾਨਿਸਤਾਨ ਸਮੇਤ 19 ਦੇਸ਼ਾਂ ਦੇ ਵਿਅਕਤੀਆਂ ਦੀ ਜਾਂਚ ਕਰੇਗਾ, ਜਿਨ੍ਹਾਂ ਨੂੰ ਪਹਿਲਾਂ ਸੰਯੁਕਤ ਰਾਜ ਅਮਰੀਕਾ ਵਿੱਚ ਸਥਾਈ ਨਿਵਾਸ (ਗ੍ਰੀਨ ਕਾਰਡ) ਪ੍ਰਾਪਤ ਹੋਏ ਹਨ।

ਐਡਲੋ ਨੇ ਦੱਸਿਆ ਕਿ ਇਨ੍ਹਾਂ 19 ਦੇਸ਼ਾਂ ਦੀ ਸੂਚੀ ਟਰੰਪ ਦੁਆਰਾ ਜੂਨ 2025 ਦੇ ਇੱਕ ਆਦੇਸ਼ ਵਿੱਚ ਜਾਰੀ ਕੀਤੀ ਗਈ ਸੀ, ਜਿਸ ਵਿੱਚ ਉਨ੍ਹਾਂ ਨੂੰ "ਚਿੰਤਾ ਵਾਲੇ ਦੇਸ਼" ਵਜੋਂ ਨਾਮਜ਼ਦ ਕੀਤਾ ਗਿਆ ਸੀ। ਇਨ੍ਹਾਂ 19 ਦੇਸ਼ਾਂ ਵਿੱਚ ਅਫਗਾਨਿਸਤਾਨ, ਬਰਮਾ (ਮਿਆਂਮਾਰ), ਚਾਡ, ਕਾਂਗੋ ਗਣਰਾਜ, ਇਕੂਟੇਰੀਅਲ ਗਿਨੀ, ਏਰੀਟਰੀਆ, ਹੈਤੀ, ਈਰਾਨ, ਲੀਬੀਆ, ਸੋਮਾਲੀਆ, ਸੁਡਾਨ, ਯਮਨ, ਬੁਰੂੰਡੀ, ਕਿਊਬਾ, ਲਾਓਸ, ਸੀਅਰਾ ਲਿਓਨ, ਟੋਗੋ, ਤੁਰਕਮੇਨਿਸਤਾਨ ਅਤੇ ਵੈਨੇਜ਼ੁਏਲਾ ਸ਼ਾਮਲ ਹਨ।

# ਰੂਸ ਕਦੇ ਵੀ ਯੂਰਪ 'ਤੇ ਹਮਲਾ ਨਹੀਂ ਕਰੇਗਾ ਮੈਂ ਲਿਖ ਕੇ ਦੇਣ ਨੂੰ ਵੀ ਤਿਆਰ ਹਾਂ- ਪੁਤਿਨ

ਮਾਸਕੋ
ਸਾਂਝੀ ਸੋਚ ਬਿਊਰੋ

ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਹੈ ਕਿ ਰੂਸ ਕਦੇ ਵੀ ਯੂਰਪ 'ਤੇ ਹਮਲਾ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਜੇਕਰ ਯੂਰਪ ਚਾਹੁੰਦਾ ਹੈ, ਤਾਂ ਉਹ ਉਨ੍ਹਾਂ ਨੂੰ ਲਿਖਤੀ ਭਰੋਸਾ ਦੇਣ ਲਈ ਤਿਆਰ ਹਨ। ਉਨ੍ਹਾਂ ਨੇ ਯੂਰਪ 'ਤੇ ਰੂਸੀ ਹਮਲੇ ਦੇ ਡਰ ਨੂੰ "ਪੂਰੀ ਬਕਵਾਸ" ਕਹਿ ਕੇ ਖਾਰਜ ਕਰ ਦਿੱਤਾ।ਪੁਤਿਨ ਨੇ ਕਿਹਾ ਕਿ ਯੂਰਪੀ ਨੇਤਾ ਸਿਰਫ਼ ਹਥਿਆਰ ਕੰਪਨੀਆਂ ਦੇ ਪੈਰ ਚੱਟ ਰਹੇ ਹਨ। ਉਹ ਆਪਣੇ ਲੋਕਾਂ ਲਈ ਇੱਕ ਝੂਠਾ ਭਰਮ ਪੈਦਾ ਕਰਨਾ ਚਾਹੁੰਦੇ ਹਨ। ਇਸ ਤੋਂ ਪਹਿਲਾਂ ਮੰਗਲਵਾਰ ਨੂੰ, ਜਰਮਨ ਵਿਦੇਸ਼ ਮੰਤਰੀ ਜੋਹਾਨ ਵਾਡੇਫੁਲ ਨੇ ਦੋਸ਼ ਲਗਾਇਆ ਕਿ ਰੂਸ ਅਗਲੇ ਚਾਰ ਸਾਲਾਂ ਦੇ ਅੰਦਰ ਇੱਕ ਨਾਟੋ ਦੇਸ਼ 'ਤੇ ਹਮਲਾ ਕਰ ਸਕਦਾ ਹੈ। ਵਾਡੇਫੁਲ ਨੇ ਕਿਹਾ ਕਿ ਜਰਮਨ ਖੁਫੀਆ ਏਜੰਸੀਆਂ ਦੇ ਅਨੁਸਾਰ, ਰੂਸ 2029 ਤੱਕ ਨਾਟੋ ਵਿਰੁੱਧ ਯੁੱਧ ਦੀ



ਤਿਆਰੀ ਕਰ ਰਿਹਾ ਹੈ।ਪੁਤਿਨ ਦਾ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਰੂਸ-ਯੂਕਰੇਨ ਯੁੱਧ ਨੂੰ ਖਤਮ ਕਰਨ ਲਈ ਇੱਕ ਨਵੀਂ ਸ਼ਾਂਤੀ ਯੋਜਨਾ 'ਤੇ ਸੰਯੁਕਤ ਰਾਜ, ਯੂਰਪ ਅਤੇ ਯੂਕਰੇਨ ਵਿਚਕਾਰ ਚਰਚਾ ਚੱਲ ਰਹੀ ਹੈ। ਮੀਡੀਆ ਨਾਲ ਗੱਲ ਕਰਦੇ ਹੋਏ, ਪੁਤਿਨ ਨੇ ਕਿਹਾ ਕਿ ਯੂਕਰੇਨੀ ਫੌਜ ਨੂੰ ਰੂਸ ਦੇ ਕਬਜ਼ੇ ਵਾਲੇ ਖੇਤਰਾਂ ਤੋਂ ਪਿੱਛੇ ਹਟਣਾ ਚਾਹੀਦਾ ਹੈ। ਵਰਤਮਾਨ ਵਿੱਚ, ਰੂਸ ਯੂਕਰੇਨ ਦੇ 19% ਤੋਂ ਵੱਧ ਹਿੱਸੇ ਨੂੰ ਕੰਟਰੋਲ ਕਰ ਰਿਹਾ ਹੈ। ਇਸ ਖੇਤਰ ਦਾ ਜ਼ਿਆਦਾਤਰ ਹਿੱਸਾ ਡੋਨਬਾਸ ਅਤੇ ਲੁਹਾਨਸਕ ਸੂਬੇ ਵਿੱਚ ਹੈ। ਪੁਤਿਨ ਦੇ ਅਨੁਸਾਰ, ਯੁੱਧ ਨੂੰ ਰੋਕਣ ਲਈ ਯੂਕਰੇਨੀ ਫੌਜ ਨੂੰ ਪਿੱਛੇ ਹਟਣਾ ਪਵੇਗਾ। ਪੁਤਿਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਰੂਸ ਗੱਲਬਾਤ ਲਈ ਤਿਆਰ ਹੈ, ਪਰ ਜੇ ਲੋੜ ਪਈ ਤਾਂ ਲੜਾਈ ਜਾਰੀ ਰੱਖਣ ਦਾ ਵਿਕਲਪ ਵੀ ਖੁੱਲ੍ਹਾ ਹੈ। ਉਸਨੇ ਚੇਤਾਵਨੀ ਦਿੱਤੀ ਕਿ ਜੇਕਰ ਉਹ ਪਿੱਛੇ ਨਹੀਂ ਹਟਦੇ, ਤਾਂ ਉਹ ਫੌਜੀ ਕਾਰਵਾਈ ਰਾਹੀਂ ਇਸ ਟੀਚੇ ਨੂੰ ਪ੍ਰਾਪਤ ਕਰਨਗੇ।

# ਪਾਕਿਸਤਾਨ ਵਿੱਚ ਖੈਬਰ ਸੂਬੇ ਦੇ ਸੀਐਮ ਦੀ ਕੁੱਟਮਾਰ ਫੌਜ ਦੇ ਹੁਕਮਾਂ 'ਤੇ ਪੁਲਿਸ ਨੇ ਕੁੱਟਿਆ

ਖੈਬਰ-ਪਖਤੂਨਖਵਾ
ਸਾਂਝੀ ਸੋਚ ਬਿਊਰੋ

ਪਾਕਿਸਤਾਨ ਦੇ ਖੈਬਰ-ਪਖਤੂਨਖਵਾ ਸੂਬੇ ਦੇ ਮੁੱਖ ਮੰਤਰੀ ਸੋਹੇਲ ਅਫਰੀਦੀ ਦੀ ਵੀਰਵਾਰ ਨੂੰ ਪੁਲਿਸ ਨੇ ਸ਼ਰੇਆਮ ਸੜਕ 'ਤੇ ਕੁੱਟਮਾਰ ਕੀਤੀ। ਸੋਹੇਲ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਸਮਰਥਨ ਵਿੱਚ ਵਿਰੋਧ ਕਰਨ ਲਈ ਰਾਵਲਪਿੰਡੀ ਦੀ ਅਡਿਆਲਾ ਜੇਲ੍ਹ ਪਹੁੰਚਿਆ ਸੀ। ਰਿਪੋਰਟਾਂ ਅਨੁਸਾਰ, ਇਹ ਕਾਰਵਾਈ ਫੌਜ ਦੇ ਨਿਰਦੇਸ਼ਾਂ 'ਤੇ ਕੀਤੀ ਗਈ ਸੀ। ਸੋਹੇਲ ਅਫਰੀਦੀ ਆਪਣੇ ਕਈ ਪੀਟੀਆਈ ਵਿਧਾਇਕਾਂ ਅਤੇ ਸਮਰਥਕਾਂ ਦੇ ਨਾਲ ਅਡਿਆਲਾ ਜੇਲ੍ਹ ਦੇ ਬਾਹਰ ਇਕੱਠੇ ਹੋਏ ਸਨ।ਜੇਲ੍ਹ ਦੇ ਬਾਹਰ ਭਾਰੀ ਸੁਰੱਖਿਆ ਤਾਇਨਾਤ ਕੀਤੀ ਗਈ ਸੀ, ਅਤੇ ਪੀਟੀਆਈ ਸਮਰਥਕਾਂ ਦੀ ਭੀੜ ਲਗਾਤਾਰ ਵੱਧ ਰਹੀ ਸੀ। ਜਦੋਂ ਕੇਪੀ ਦੇ ਮੁੱਖ ਮੰਤਰੀ ਅਫਰੀਦੀ ਖੁਦ ਵੀਰਵਾਰ ਨੂੰ ਜੇਲ੍ਹ ਪਹੁੰਚੇ, ਤਾਂ ਸਥਿਤੀ ਵਿਗੜ ਗਈ। ਪੁਲਿਸ ਨੇ ਉਨ੍ਹਾਂ ਨੂੰ ਅਤੇ ਉਨ੍ਹਾਂ ਦੇ ਨਾਲ ਆਏ ਆਗੂਆਂ ਨੂੰ ਅੱਗੇ ਵਧਣ ਤੋਂ ਰੋਕਿਆ। ਝੜਪ ਦੌਰਾਨ, ਪੁਲਿਸ ਨੇ



ਮੁੱਖ ਮੰਤਰੀ ਨੂੰ ਲੱਤਾਂ ਅਤੇ ਮੁੱਕੇ ਵੀ ਮਾਰੇ, ਜਿਸ ਨਾਲ ਉਹ ਜ਼ਮੀਨ 'ਤੇ ਡਿੱਗ ਪਏ। ਪੀਟੀਆਈ ਨੇ ਇਸ ਘਟਨਾ ਨੂੰ ਲੋਕਤੰਤਰੀ ਅਧਿਕਾਰਾਂ 'ਤੇ ਹਮਲਾ ਦੱਸਿਆ ਹੈ।ਉੱਥੇ ਹੀ ਸੋਸ਼ਲ ਮੀਡੀਆ 'ਤੇ ਇਮਰਾਨ ਖਾਨ ਦੀ ਮੌਤ ਦੀਆਂ ਅਫਵਾਹਾਂ ਤੇਜ਼ ਹੋ ਗਈਆਂ ਹਨ। ਇਮਰਾਨ ਅਗਸਤ 2023 ਤੋਂ ਰਾਵਲਪਿੰਡੀ ਦੀ ਅਦਿਆਲਾ ਜੇਲ੍ਹ ਵਿੱਚ ਕੈਦ ਹਨ। ਕੁਝ ਮੀਡੀਆ ਰਿਪੋਰਟਾਂ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਉਹ ਠੀਕ ਨਹੀਂ ਹਨ। ਪਿਛਲੇ ਤਿੰਨ ਹਫ਼ਤਿਆਂ ਤੋਂ, ਇਮਰਾਨ ਦੀਆਂ ਭੈਣਾਂ ਉਸਨੂੰ ਮਿਲਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਪਰ ਜੇਲ੍ਹ ਪ੍ਰਸ਼ਾਸਨ ਉਨ੍ਹਾਂ ਨੂੰ ਇਜਾਜ਼ਤ ਨਹੀਂ ਦੇ ਰਿਹਾ ਹੈ। ਇਸ ਕਾਰਨ ਇਮਰਾਨ ਦੀ ਖਰਾਬ ਸਿਹਤ ਬਾਰੇ ਕਿਆਸਅਰਾਈਆਂ ਲੱਗ ਰਹੀਆਂ ਹਨ।ਇਮਰਾਨ ਦੀਆਂ ਭੈਣਾਂ ਨੇ ਸਰਕਾਰ ਤੋਂ ਸੱਚ ਦੱਸਣ ਦੀ ਮੰਗ ਕੀਤੀ ਹੈ। ਤਣਾਅ ਵਧਣ ਤੋਂ ਬਾਅਦ, ਜੇਲ੍ਹ ਪ੍ਰਸ਼ਾਸਨ ਨੇ ਕਿਹਾ ਹੈ ਕਿ ਇਮਰਾਨ ਖਾਨ ਪੂਰੀ ਤਰ੍ਹਾਂ ਸਿਹਤਮੰਦ ਹਨ।ਇਮਰਾਨ ਦੀ ਪਾਰਟੀ, ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਨੇ ਵੀ ਇਮਰਾਨ ਦੀ ਸਿਹਤ ਬਾਰੇ ਹਾਲੀਆ ਅਫਵਾਹਾਂ ਬਾਰੇ ਸਰਕਾਰ ਤੋਂ ਸਪੱਸ਼ਟੀਕਰਨ ਦੀ ਮੰਗ ਕੀਤੀ ਹੈ ਅਤੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਸਾਬਕਾ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੇ ਪਰਿਵਾਰ ਵਿਚਕਾਰ ਮੁਲਾਕਾਤ ਦਾ ਪ੍ਰਬੰਧ ਕਰੇ।

# ਸਰੀ ਵਿੱਚ ਹੋਇਆ ਇੰਟਰਨੈਸ਼ਨਲ ਵਰਲਡ ਕੈਨੇਡਾ 2025 ਚੈਰੀਟੇਬਲ ਡਿਜ਼ਾਇਨਰ ਸ਼ੋਅ

ਸਰੀ
ਸਾਂਝੀ ਸੋਚ ਬਿਊਰੋ

ਆਰੀਆ ਬੈਂਕੁਇਟ ਹਾਲ ਵਿੱਚ ਬੀਤੇ ਦਿਨੀਂ ਇੰਟਰਨੈਸ਼ਨਲ ਵਰਲਡ ਕੈਨੇਡਾ 2025 ਚੈਰੀਟੇਬਲ ਡਿਜ਼ਾਇਨਰ ਸ਼ੋਅ ਵਿੱਚ ਕਲਾ ਅਤੇ ਫੈਸ਼ਨ ਦੀ ਅਨੋਖੀ ਅਦਾ ਦੇਖਣ ਨੂੰ ਮਿਲੀ। ਰਸ਼ਮੀ ਬਿੰਦੀ ਵੱਲੋਂ ਕਰਵਾਏ ਇਸ ਸ਼ੋਅ ਵਿੱਚ ਕਈ ਪ੍ਰਸਿੱਧ ਡਿਜ਼ਾਈਨਰਾਂ ਨੇ ਆਪਣੀਆਂ ਕਲਾਤਮਿਕ ਰਚਨਾਵਾਂ ਨਾਲ ਰਨਵੇ ਨੂੰ ਰੌਸ਼ਨ ਕੀਤਾ, ਜਦਕਿ ਸੰਗੀਤ ਅਤੇ ਮਨੋਰੰਜਨ ਨੇ ਸਮਾਗਮ ਨੂੰ ਹੋਰ ਵੀ ਚਾਰ ਚੰਦ ਲਾਏ।ਸ਼ੋਅ ਵਿੱਚ ਸੀਮਲੈੱਸ ਦੀਆਂ ਰਚਨਾਵਾਂ ਨੇ ਵਿਸ਼ੇਸ਼ ਤੌਰ 'ਤੇ ਸਭ ਦਾ ਧਿਆਨ ਖਿੱਚਿਆ। ਡਿਜ਼ਾਈਨਰ ਹਰਬਿੰਦਰ ਰੂਬੀ ਔਲਖ ਨੇ ਇਸ ਮੌਕੇ 'ਤੇ ਦੱਸਿਆ ਕਿ ਸੀਮਲੈੱਸ ਦੀ ਸ਼ੁਰੂਆਤ ਕੋਈ ਕਾਰੋਬਾਰੀ ਯੋਜਨਾ ਨਹੀਂ ਸੀ, ਬਲਕਿ ਇੱਕ ਸੇਵਾ ਭਾਵਨਾ ਤੋਂ ਜਨਮੀ ਪ੍ਰੇਰਣਾ ਸੀ। ਉਸ ਨੇ ਕਿਹਾ ਕਿ '18 ਸਾਲ ਦੀ ਉਮਰ ਵਿੱਚ ਮੈਂ ਕਦੇ ਫੈਸ਼ਨ ਡਿਜ਼ਾਈਨਿੰਗ ਨੂੰ ਆਪਣੇ ਪੈਸ਼ਨ ਵਜੋਂ ਨਹੀਂ ਦੇਖਿਆ ਸੀ। ਪਰ ਜਦ ਮੈਂ ਗੁਰੂ ਨਾਨਕ ਫੂਡ ਬੈਂਕ ਲਈ ਫੰਡ ਇਕੱਠੇ



ਕਰਨ ਦੀ ਮੁਹਿੰਮ ਵਿੱਚ ਸੂਟ ਵੇਚਣੇ ਸ਼ੁਰੂ ਕੀਤੇ ਤਾਂ ਇਸ ਤਜਰਬੇ ਨੇ ਮੇਰੇ ਅੰਦਰ ਉਹ ਸੁਪਨੇ ਜਗਾਏ ਜਿਨ੍ਹਾਂ ਬਾਰੇ ਮੈਂ ਕਦੇ ਸੋਚਿਆ ਵੀ ਨਹੀਂ ਸੀ।ਰੂਬੀ ਔਲਖ ਨੇ ਦੱਸਿਆ ਕਿ ਸੀਮਲੈੱਸ ਸਿਰਫ਼ ਫੈਸ਼ਨ ਦਾ ਨਾਮ ਨਹੀਂ ਇਹ ਉਹ ਮਨੁੱਖੀ ਜਜ਼ਬਾ ਹੈ ਜੋ ਕਮਿਊਨਿਟੀ ਦੀ ਭਲਾਈ, ਸੇਵਾ ਅਤੇ ਦਇਆ ਨਾਲ ਭਰਪੂਰ ਹੈ। ਉਸ ਨੇ ਕਿਹਾ ਕਿ 'ਇੱਕ ਮਾਂ, ਪਤਨੀ ਅਤੇ ਉਦਮੀ ਦੇ ਤੌਰ 'ਤੇ ਮੇਰਾ ਮਕਸਦ ਆਪਣੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣਾ ਹੈ। ਫੈਸ਼ਨ ਮੇਰੇ ਲਈ ਸਿਰਫ਼ ਕਲਾ ਨਹੀਂ ਇਹ ਲੋਕਾਂ ਨੂੰ ਉੱਪਰ ਚੁੱਕਣ ਦਾ ਸਾਧਨ ਹੈ'। ਇੰਟਰਨੈਸ਼ਨਲ ਵਰਲਡ ਕੈਨੇਡਾ 2025 ਦਾ ਇਹ ਸ਼ੋਅ ਨਾ ਕੇਵਲ ਨਵੇਂ ਟੈਲੈਂਟ ਨੂੰ ਮੰਚ ਮੁਹੱਈਆ ਕਰਦਾ ਹੈ, ਸਗੋਂ ਚੈਰੀਟੇਬਲ ਕਾਰਜਾਂ ਲਈ ਜਾਗਰੂਕਤਾ ਅਤੇ ਸਮਰਥਨ ਵਧਾਉਣ ਦਾ ਵੀ ਮਜ਼ਬੂਤ ਪਲੇਟਫ਼ਾਰਮ ਬਣ ਕੇ ਉਭਰਿਆ ਹੈ।


ਗੁਰਦੁਆਰਾ ਸੈਨ ਹੋਜ਼ੇ ਵਿਖੇ
ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ
ਦੀ ਸ਼ਹੀਦੀ ਨੂੰ ਸਮਰਪਿਤ
30 ਨਵੰਬਰ 2025 ਨੂੰ ਇਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ।
ਪ੍ਰੋਗਰਾਮ
ਸ਼੍ਰੀ ਸਹਿਜ ਪਾਠ ਜੀ ਦਾ ਭੋਗ...................... ਸਵੇਰੇ 10:00 ਤੋਂ 10:30 ਵਜੇ
ਸ਼੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ......................10:30 ਤੋਂ 11:00 ਵਜੇ
ਨਗਰ ਕੀਰਤਨ...................... ਦੁਪਹਿਰ 1:00 ਵਜੇ
( ਗੁਰਦੁਆਰਾ ਸਾਹਿਬ ਦੇ ਅੰਦਰ ਹੀ ਨਗਰ ਕੀਰਤਨ ਕੱਢਿਆ ਜਾਵੇਗਾ )
ਸਮੂਹ ਸੰਗਤ ਨੂੰ ਬੇਨਤੀ ਹੈ ਕਿ ਇਸ ਪਵਿੱਤਰ ਸਮਾਗਮ ਵਿੱਚ ਹੁੰਮ-ਹੁਮਾਂ ਕੇ
ਸ਼ਿਰਕਤ ਕਰਕੇ ਗੁਰੂ ਸਾਹਿਬ ਦੇ ਮਹਾਨ ਬਲਿਦਾਨ ਨੂੰ ਯਾਦ ਕਰਨ ਦਾ ਸੁਭਾਗ ਪ੍ਰਾਪਤ ਕਰਨ।
3636 Gurdwara Ave, San Jose, CA 95148, United States
www.sanjosegurdwara.org
(408) 274-9373

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español

We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





**1003 Moffat Blvd, Manteca CA 95336**

# 209-239-1551


---

Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

Contact :

BALRAJ SINGH PANNU

**541-942-0105**

Chevron

1250, Gateway Blvd. Cottage, OR 97424,

Ph : 541-942-4142 Fax : 541-942-9668

---

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

**PREETI PANNU**

**(541) 369-2801**

FAX (541) 369-3810

33180 HWY 228 HALSEY, OR 97348

# ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਖਾਲਿਦਾ ਜ਼ਿਆ ਹਸਪਤਾਲ 'ਚ ਭਰਤੀ


ਢਾਕਾ
ਸਾਂਝੀ ਸੋਚ ਬਿਊਰੋ



ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਅਤੇ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੀ ਚੇਅਰਪਰਸਨ, ਖਾਲਿਦਾ ਜ਼ਿਆ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਦੀ ਹਾਲਤ ਬੇਹੱਦ ਨਾਜ਼ੁਕ ਦੱਸੀ ਜਾ ਰਹੀ ਹੈ।ਇਹ ਜਾਣਕਾਰੀ ਸ਼ੁੱਕਰਵਾਰ ਨੂੰ ਉਨ੍ਹਾਂ ਦੀ ਪਾਰਟੀ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀਐਨਪੀ) ਦੇ ਜਨਰਲ ਸਕੱਤਰ ਮਿਰਜ਼ਾ ਇਸਲਾਮ ਆਲਮਗੀਰ ਨੇ ਦਿੱਤੀ। ਦੋ ਵਾਰ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਰਹੀ ਖਾਲਿਦਾ ਜ਼ਿਆ ਨੂੰ ਬੀਤੇ ਐਤਵਾਰ ਰਾਤ ਨੂੰ ਢਾਕਾ ਦੇ ਐਵਰਕੇਅਰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਬੀਐਨਪੀ ਦੇ ਅਨੁਸਾਰ, 80 ਸਾਲਾ ਖਾਲਿਦਾ ਜ਼ਿਆ ਨੂੰ ਫੇਫੜਿਆਂ ਦੀ ਇਨਫੈਕਸ਼ਨ ਕਾਰਨ ਢਾਕਾ ਦੇ ਐਵਰਕੇਅਰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ "ਬੀਤੀ ਰਾਤ, ਡਾਕਟਰਾਂ ਨੇ ਦੱਸਿਆ ਕਿ ਉਸਦੀ ਹਾਲਤ ਬਹੁਤ ਗੰਭੀਰ ਹੈ। ਉਸਨੂੰ 23 ਨਵੰਬਰ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਸਨੂੰ ਛਾਤੀ ਵਿੱਚ ਇਨਫੈਕਸ਼ਨ ਸੀ, ਜਿਸਨੇ ਉਸਦੇ ਦਿਲ ਅਤੇ ਫੇਫੜਿਆਂ ਨੂੰ ਪ੍ਰਭਾਵਿਤ ਕੀਤਾ।"

# ਰੂਸੀ ਰਾਸ਼ਟਰਪਤੀ ਪੁਤਿਨ ਦੇ ਭਾਰਤ ਆਉਣ ਦੀ ਤਾਰੀਕ ਤੈਅ

ਮਾਸਕੋ
ਸਾਂਝੀ ਸੋਚ ਬਿਊਰੋ



ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੇ ਭਾਰਤ ਦੌਰੇ ਦੀਆਂ ਤਰੀਕਾਂ ਤੈਅ ਹੋ ਚੁੱਕੀਆਂ ਹਨ। ਪੁਤਿਨ 4 ਅਤੇ 5 ਦਸੰਬਰ ਨੂੰ ਭਾਰਤ ਦੇ ਦੌਰੇ 'ਤੇ ਹੋਣਗੇ। ਇਸ ਦੌਰੇ ਦੌਰਾਨ, ਪੁਤਿਨ ਮੁੱਖ ਤੌਰ 'ਤੇ 23ਵੇਂ ਭਾਰਤ-ਰੂਸ ਸਾਲਾਨਾ ਸੰਮੇਲਨ ਵਿੱਚ ਹਿੱਸਾ ਲੈਣਗੇ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਪੁਸ਼ਟੀ ਕੀਤੀ ਹੈ।ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਬਿਆਨ ਅਨੁਸਾਰ ਪ੍ਰਧਾਨ ਮੰਤਰੀ ਮੋਦੀ ਦੇ ਸੱਦੇ 'ਤੇ, ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ 23ਵੇਂ ਭਾਰਤ-ਰੂਸ ਸਾਲਾਨਾ ਸੰਮੇਲਨ ਵਿੱਚ ਸ਼ਾਮਲ ਹੋਣ ਲਈ 4 ਅਤੇ 5 ਦਸੰਬਰ ਨੂੰ ਭਾਰਤ ਦਾ ਸਰਕਾਰੀ ਦੌਰਾ ਕਰਨਗੇ। ਪੁਤਿਨ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੱਦੇ 'ਤੇ 4 ਦਸੰਬਰ ਨੂੰ ਭਾਰਤ ਪਹੁੰਚਣਗੇ। ਉਹ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕਰਨਗੇ ਅਤੇ ਦੋਵਾਂ ਦੇਸ਼ਾਂ ਦੇ ਦੁਵੱਲੇ ਸਬੰਧਾਂ 'ਤੇ ਚਰਚਾ ਕਰਨਗੇ। ਇਸ ਤੋਂ ਇਲਾਵਾ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੀ ਪੁਤਿਨ ਦਾ ਸਵਾਗਤ ਕਰਨਗੇ ਅਤੇ ਉਨ੍ਹਾਂ ਦੇ ਸਨਮਾਨ ਵਿੱਚ ਇੱਕ ਦਾਅਵਤ ਦਾ ਵੀ ਆਯੋਜਨ ਕੀਤਾ ਜਾਵੇਗਾ।ਪੁਤਿਨ ਦਾ ਇਹ ਦੌਰਾ ਕਈ ਤਰੀਕਿਆਂ ਨਾਲ ਖਾਸ ਹੋਵੇਗਾ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪੁਤਿਨ ਦਾ ਦੌਰਾ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਦੀ ਸਮੀਖਿਆ ਕਰਨ ਅਤੇ ਭਾਰਤ-ਰੂਸ ਵਿਸ਼ੇਸ਼ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਲਈ ਇੱਕ ਦ੍ਰਿਸ਼ਟੀਕੋਣ ਨਿਰਧਾਰਤ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹੋਵੇਗਾ। ਦੋਵੇਂ ਦੇਸ਼ ਸਾਂਝੇ ਹਿੱਤਾਂ ਦੇ ਸਥਾਨਕ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਵੀ ਚਰਚਾ ਕਰਨਗੇ।

# ਇਮਰਾਨ ਖਾਨ ਜ਼ਿੰਦਾ ਹੈ ਜਾਂ ਨਹੀਂ? ਪੁੱਤ ਨੇ ਮੰਗੇ ਸਬੂਤ

ਰਾਵਲਪਿੰਡੀ
ਸਾਂਝੀ ਸੋਚ ਬਿਊਰੋ




ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਪੁੱਤਰ ਕਾਸਿਮ ਖਾਨ ਨੇ ਵੀਰਵਾਰ ਨੂੰ ਸਬੂਤ ਮੰਗੇ ਹਨ ਕਿ ਦੱਸਿਆ ਜਾਵੇ ਉਨ੍ਹਾਂ ਦੇ ਜੇਲ੍ਹ ਵਿੱਚ ਬੰਦ ਪਿਤਾ ਜ਼ਿੰਦਾ ਵੀ ਹਨ ਜਾਂ ਨਹੀਂ। ਉਨ੍ਹਾਂ ਕਿਹਾ ਕਿ ਕੋਈ ਨਹੀਂ ਜਾਣਦਾ ਕਿ ਇਮਰਾਨ ਜ਼ਿੰਦਾ ਵੀ ਹਨ ਜਾਂ ਨਹੀਂ।

ਕਾਸਿਮ ਨੇ ਐਕਸ 'ਤੇ ਲਿਖਿਆ ਕਿ ਉਨ੍ਹਾਂ ਦੇ ਪਿਤਾ ਨੂੰ 845 ਦਿਨ ਪਹਿਲਾਂ ਗ੍ਰਿਫ਼ਤਾਰ ਕੀਤਾ ਗਿਆ ਸੀ। ਪਿਛਲੇ ਛੇ ਹਫ਼ਤਿਆਂ ਤੋਂ, ਉਨ੍ਹਾਂ ਨੂੰ 'ਡੈਥ ਸੈੱਲ' ਵਿੱਚ ਇਕੱਲੇ ਰੱਖਿਆ ਗਿਆ ਹੈ। ਕਿਸੇ ਨੂੰ ਵੀ ਉਨ੍ਹਾਂ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ ਹੈ, ਨਾ ਹੀ ਉਨ੍ਹਾਂ ਨੂੰ ਕੋਈ ਫੋਨ ਕਾਲ ਜਾਂ ਸੁਨੇਹਾ ਮਿਲਿਆ ਹੈ।ਕਾਸਿਮ ਨੇ ਕਿਹਾ ਕਿ ਉਨ੍ਹਾਂ ਦੀਆਂ ਤਿੰਨੋਂ ਭੂਆ ਨੂੰ ਵੀ ਉਨ੍ਹਾਂ ਦੇ ਭਰਾ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ। ਇਹ ਕਿਸੇ ਸੁਰੱਖਿਆ ਉਪਾਅ ਕਾਰਨ ਨਹੀਂ ਹੈ, ਸਗੋਂ ਇੱਕ ਜਾਣਬੁੱਝ ਕੇ ਕੀਤੀ ਗਈ ਕਾਰਵਾਈ ਹੈ। ਸਰਕਾਰ ਉਨ੍ਹਾਂ ਦੇ ਪਿਤਾ ਦੀ ਅਸਲ ਹਾਲਤ ਲੁਕਾ ਰਹੀ ਹੈ।ਇਸ ਦੌਰਾਨ, ਖੈਬਰ-ਪਖਤੂਨਖਵਾ (ਕੇਪੀ) ਦੇ ਮੁੱਖ ਮੰਤਰੀ ਸੋਹੇਲ ਅਫਰੀਦੀ, ਜੋ ਇਮਰਾਨ ਖਾਨ ਦਾ ਸਮਰਥਨ ਕਰਨ ਲਈ ਰਾਵਲਪਿੰਡੀ ਦੀ ਅਦਿਆਲਾ ਜੇਲ੍ਹ ਗਏ ਸਨ, ਨੂੰ ਵੀਰਵਾਰ ਨੂੰ ਪੁਲਿਸ ਨੇ ਸੜਕ 'ਤੇ ਸੁੱਟ ਕੇ ਕੁੱਟਿਆ।

# ਚੱਕਰਵਾਤ ਦਿਤਵਾ ਨਾਲ ਸ਼੍ਰੀਲੰਕਾ 'ਚ ਭਾਰੀ ਤਬਾਹੀ, 50 ਤੋਂ ਵੱਧ ਲੋਕਾਂ ਦੀ ਮੌਤ

ਸ਼੍ਰੀਲੰਕਾ
ਸਾਂਝੀ ਸੋਚ ਬਿਊਰੋ



ਭਾਰਤ ਨੇ ਗੁਆਂਢੀ ਸ਼੍ਰੀਲੰਕਾ ਵੱਲ ਮਦਦ ਦਾ ਹੱਥ ਵਧਾਇਆ ਹੈ। ਸ਼੍ਰੀਲੰਕਾ ਇਸ ਸਮੇ ਚੱਕਰਵਾਤ ਦਿਤਵਾ ਦੀ ਮਾਰ ਝੱਲ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਭਾਰਤ ਨੇ ਆਪ੍ਰੇਸ਼ਨ ਸਾਗਰ ਬੰਧੂ ਦੇ ਤਹਿਤ ਰਾਹਤ ਸਮੱਗਰੀ ਅਤੇ ਜ਼ਰੂਰੀ ਮਾਨਵਤਾਵਾਦੀ ਸਹਾਇਤਾ ਅਤੇ ਆਫ਼ਤ ਰਾਹਤ ਸਹਾਇਤਾ ਤੁਰੰਤ ਭੇਜ ਦਿੱਤੀ ਹੈ। ਉਨ੍ਹਾਂ ਨੇ ਸ਼ੁੱਕਰਵਾਰ ਨੂੰ ਚੱਕਰਵਾਤ ਦਿਤਵਾ ਕਾਰਨ ਹੋਈ ਭਿਆਨਕ ਤਬਾਹੀ ਅਤੇ ਜਾਨੀ ਨੁਕਸਾਨ ਤੋਂ ਬਾਅਦ ਸ਼੍ਰੀਲੰਕਾ ਦੇ ਲੋਕਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ।ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਉਨ੍ਹਾਂ ਕਿਹਾ, "ਸ਼੍ਰੀਲੰਕਾ ਦੇ ਲੋਕਾਂ ਪ੍ਰਤੀ ਮੇਰੀ ਦਿਲੀ ਸੰਵੇਦਨਾ ਹੈ ਜਿਨ੍ਹਾਂ ਨੇ ਚੱਕਰਵਾਤ ਦਿਤਵਾ ਕਾਰਨ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਮੈਂ ਸਾਰੇ ਪ੍ਰਭਾਵਿਤ ਪਰਿਵਾਰਾਂ ਦੀ ਸੁਰੱਖਿਆ, ਆਰਾਮ ਅਤੇ ਜਲਦੀ ਠੀਕ ਹੋਣ ਲਈ ਪ੍ਰਾਰਥਨਾ ਕਰਦਾ ਹਾਂ। ਸਾਡੇ ਸਭ ਤੋਂ ਨੇੜਲੇ ਸਮੁੰਦਰੀ ਗੁਆਂਢੀ ਨਾਲ ਏਕਤਾ ਵਿੱਚ, ਭਾਰਤ ਨੇ ਆਪ੍ਰੇਸ਼ਨ ਸਾਗਰ ਬੰਧੂ ਦੇ ਤਹਿਤ ਰਾਹਤ ਸਮੱਗਰੀ ਅਤੇ ਮਹੱਤਵਪੂਰਨ ਐਚਏਡੀਆਰ ਸਹਾਇਤਾ ਤੁਰੰਤ ਭੇਜ ਦਿੱਤੀ ਹੈ। ਅਸੀਂ ਸਥਿਤੀ ਦੇ ਹਿਸਾਬ ਨਾਲ ਹੋਰ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਹਾਂ। ਭਾਰਤ ਦੀ ਨੇਬਰਹੁੱਡ ਫਸਟ ਨੀਤੀ ਅਤੇ ਵਿਜ਼ਨ ਮਹਾਸਾਗਰ ਦੇ ਅਨੁਸਾਰ, ਭਾਰਤ ਔਖੀ ਘੜੀ ਵਿੱਚ ਸ਼੍ਰੀਲੰਕਾ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ।ਸ਼੍ਰੀਲੰਕਾ ਵਿੱਚ ਚੱਕਰਵਾਤ ਕਾਰਨ ਹੋਈ ਭਾਰੀ ਬਾਰਿਸ਼ ਕਾਰਨ ਕਈ ਇਲਾਕਿਆਂ ਵਿੱਚ ਹੜ੍ਹ ਅਤੇ ਜ਼ਮੀਨ ਖਿਸਕਣ ਕਾਰਨ ਮਰਨ ਵਾਲਿਆਂ ਦੀ ਗਿਣਤੀ 50 ਤੋਂ ਵੱਧ ਹੋ ਗਈ ਹੈ। ਸ਼੍ਰੀਲੰਕਾ ਦੇ ਅਧਿਕਾਰੀਆਂ ਅਨੁਸਾਰ, 12,313 ਪਰਿਵਾਰਾਂ ਦੇ 43,900 ਤੋਂ ਵੱਧ ਲੋਕ ਖਰਾਬ ਮੌਸਮ ਤੋਂ ਪ੍ਰਭਾਵਿਤ ਹੋਏ ਹਨ।




JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Arrested ?
DUI ?
Drug Charges ?
Gun Violation ?
Ghuman Law Group
Get the Legal Defence
you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਢਾਹਾਂ ਕਲੇਰਾਂ ਹਸਪਤਾਲ ਵਿਖੇ ਬਾਬਾ ਬੁੱਧ ਸਿੰਘ ਢਾਹਾਂ ਜੀ ਦੇ 100ਵੇਂ ਜਨਮ ਦਿਨ ਨੂੰ ਸਮਰਪਿਤ ਫਰੀ ਮੈਗਾ ਮੈਡੀਕਲ ਚੈੱਕਅਪ ਕੈਂਪ 05 ਦਸੰਬਰ ਨੂੰ

**ਬੰਗਾ**
**ਸਾਂਝੀ ਸੋਚ ਬਿਊਰੋ**

ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਬਾਨੀ ਪ੍ਰਧਾਨ ਬਾਬਾ ਬੁੱਧ ਸਿੰਘ ਢਾਹਾਂ ਜੀ ਦੇ 100ਵੇਂ ਜਨਮ ਦਿਨ ਨੂੰ ਸਮਰਪਿਤ ਫਰੀ ਮੈਡੀਕਲ ਚੈੱਕਅਪ ਕੈਂਪ 05 ਦਸੰਬਰ ਦਿਨ ਸ਼ੁੱਕਰਵਾਰ ਨੂੰ ਲਗਾਇਆ ਜਾ ਰਿਹਾ ਹੈ । ਇਹ ਜਾਣਕਾਰੀ ਟਰੱਸਟ ਦੇ ਮੌਜੂਦਾ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਦਿੰਦੇ ਦੱਸਿਆ ਕਿ ਬਾਬਾ ਜੀ ਦੇ 100ਵੇਂ ਜਨਮ ਦਿਨ ਮੌਕੇ ਵਿਸ਼ਾਲ ਫਰੀ ਮੈਡੀਕਲ ਚੈੱਕਅਪ ਕੈਂਪ 5 ਦਸਬੰਰ ਨੂੰ ਸਵੇਰੇ 9 ਵਜੇ ਤੋਂ 3 ਵਜੇ ਦੁਪਿਹਰ ਤੱਕ ਹਸਪਤਾਲ ਢਾਹਾਂ ਕਲੇਰਾਂ ਦੀ ਉ ਪੀ ਡੀ ਵਿਖੇ ਲਗਾਇਆ ਜਾਵੇਗਾ। ਜਿਸ ਵਿੱਚ ਸ਼ੂਗਰ, ਬੀ ਪੀ, ਗੁਰਦੇ ਤੇ ਆਮ ਸਰੀਰਿਕ ਬਿਮਾਰੀਆਂ ਦੇ ਮਾਹਿਰ ਡਾ. ਵਿਵੇਕ ਗੁੰਬਰ, ਰੀੜ੍ਹ ਦੀ ਹੱਡੀ ਤੇ ਦਿਮਾਗ ਦੀਆਂ ਬਿਮਾਰੀਆਂ ਦੇ ਅਪਰੇਸ਼ਨਾਂ ਦੇ ਮਾਹਿਰ ਡਾ. ਜਸਦੀਪ ਸਿੰਘ ਸੈਣੀ, ਹੱਡੀਆਂ ਤੇ ਜੋੜਾਂ ਦੀਆਂ ਬਿਮਾਰੀਆਂ ਤੇ ਅਪਰੇਸ਼ਨਾਂ ਦੇ ਮਾਹਿਰ ਡਾ. ਪਰਮਿੰਦਰ ਸਿੰਘ ਵਾਰੀਆ, ਪਿਸ਼ਾਬ ਦੇ ਰੋਗਾਂ ਤੇ ਯੂਰੋਲੋਜੀ ਦੇ ਮਾਹਿਰ ਡਾ. ਅਮਿਤ ਸੰਧੂ, ਜਨਰਲ ਸਰਜਰੀ ਅਤੇ ਲੈਪਰੋਸਕੋਪਿਕ ਸਰਜਰੀ ਦੇ ਮਾਹਿਰ ਡਾ. ਮਾਨਵਦੀਪ ਸਿੰਘ ਬੈਂਸ, ਦੰਦਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਜਗਜੀਤ ਸਿੰਘ, ਨੱਕ-ਕੰਨ-ਗਲੇ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਬਲਵਿੰਦਰ ਸਿੰਘ, ਔਰਤ ਰੋਗਾਂ ਦੇ ਅਪਰੇਸ਼ਨਾਂ ਦੇ ਮਾਹਿਰ ਡਾ ਸ਼ਵੇਤਾ ਬਗੜੀਆ, ਬੱਚਿਆਂ



ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਹਰਤੇਸ਼ ਸਿੰਘ ਪਾਹਵਾ, ਅੱਖਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ ਟੀ. ਅਗਰਵਾਲ ਮਾਹਿਰ ਕੈਂਪ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕਰਨਗੇ ।

ਡਾ. ਢਾਹਾਂ ਨੇ ਕੈਂਪ ਵਿਚ ਮਿਲਣ ਵਾਲੀਆਂ ਮੁਫਤ ਸਹੂਲਤਾਂ ਬਾਰੇ ਜਾਣਕਾਰੀ ਦਿੰਦੇ ਦੱਸਿਆ ਇਸ ਮੌਕੇ ਰਜਿਸਟਰੇਸ਼ਨ ਫਰੀ ਹੋਣ ਤੋਂ ਇਲਾਵਾ ਡਾਕਟਰੀ ਸਲਾਹ, ਫਾਈਬਰੋਸਕੈਨ (ਲਿਵਰ ਦੀ ਸੈਕਨਿੰਗ), ਥਾਇਰਾਇਡ, ਐਚ ਬੀ ਏ 1ਸੀ ਟੈਸਟ, ਬੀ ਐਮ ਡੀ ਟੈਸਟ, ਬੱਚਿਆਂ ਦੇ ਟੇਢੇ ਮੇਢੇ ਦੰਦਾਂ ਦੀ ਫਰੀ ਜਾਂਚ, ਦੰਦਾਂ ਦੇ ਫਰੀ ਐਕਸਰੇ ਤੇ ਖਰਾਬ ਦੰਦ ਫਰੀ ਕੱਢੇ ਜਾਣਗੇ, ਯੂਰੋਫਲੋਮੈਟਰੀ ਟੈਸਟ, ਡਾਇਟ ਸਲਾਹ, ਸੁਣਾਈ ਵਾਲਾ ਪੀ ਟੀ ਏ ਟੈਸਟ, ਨਿਊਰੋਪੈਥੀ, ਤੋਤਲਾ ਤੇ ਘੱਟ ਬੋਲਣ ਵਾਲਿਆਂ ਲਈ ਸਪੀਚ ਥੈਰੇਪੀ ਟੈਸਟ ਆਦਿ ਵੀ ਮੁਫਤ ਹੋਣਗੇ । ਉਹਨਾਂ ਦੱਸਿਆ ਕਿ 5 ਦਸੰਬਰ ਨੂੰ ਕੈਂਪ ਦੌਰਾਨ ਗਰਭਵਤੀ ਔਰਤਾਂ ਦੀ ਅਲਟਰਾਸਾਊਂਡ ਸਕੈਨ ਮੁਫਤ ਹੋਵੇਗੀ ਅਤੇ ਔਰਤ ਰੋਗਾਂ ਦੇ ਅਪਰੇਸ਼ਨਾਂ 'ਤੇ ਵਿਸ਼ੇਸ਼ ਛੋਟ ਪ੍ਰਦਾਨ ਕੀਤੀ ਜਾਵੇਗੀ ।

ਇਸ ਮੌਕੇ ਕੰਨਾਂ ਦੀਆਂ ਸੁਣਾਈ ਵਾਲੀਆਂ ਮਸ਼ੀਨਾਂ 'ਤੇ ਭਾਰੀ ਛੋਟ ਪ੍ਰਦਾਨ ਕੀਤੀ ਜਾਵੇਗੀ । ਉਹਨਾਂ ਇਲਾਕਾ ਨਿਵਾਸੀਆਂ ਨੂੰ 5 ਦਸੰਬਰ ਨੂੰ ਲੱਗ ਰਹੇ ਫਰੀ ਮੈਡੀਕਲ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਪੀਲ ਵੀ ਕੀਤੀ । ਬਾਬਾ ਬੁੱਧ ਸਿੰਘ ਢਾਹਾਂ ਜੀ ਦੇ ਜਨਮ ਦਿਨ ਨੂੰ ਸਮਰਪਿਤ ਫਰੀ ਮੈਡੀਕਲ ਕੈਂਪ ਦੀ ਜਾਣਕਾਰੀ ਦੇਣ ਮੌਕੇ ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ ਵੀ ਹਾਜ਼ਰ ਸਨ ।

# ਸਰਬਜੀਤ ਸਿੰਘ ਝਿੰਜਰ ਅਤੇ ਜਸਮੇਰ ਸਿੰਘ ਲਾਛੜੂ ਨੇ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕਰ ਕੇ ਨਵੀਂ ਸੌਂਪੀ ਜ਼ਿੰਮੇਵਾਰੀ ਲਈ ਕੀਤਾ ਧੰਨਵਾਦ

**ਮੋਗਾ**
**ਸਾਂਝੀ ਸੋਚ ਬਿਊਰੋ**

ਅੱਜ ਸ਼੍ਰੋਮਣੀ ਅਕਾਲੀ ਦਲ ਯੂਥ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਖਾਸ ਮੁਲਾਕਾਤ ਕੀਤੀ। ਇਸ ਮੌਕੇ ਦੋਵਾਂ ਨੇ ਉਨ੍ਹਾਂ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਅਤੇ ਭਰੋਸੇ ਲਈ ਮਨੋਂ ਧੰਨਵਾਦ ਪ੍ਰਗਟ ਕੀਤਾ।ਦੱਸ ਦੇਈਏ ਕਿ ਹਾਲ ਹੀ ਵਿੱਚ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜਥੇਦਾਰ ਜਸਮੇਰ ਸਿੰਘ ਲਾਛੜੂ ਨੂੰ ਮੀਤ ਪ੍ਰਧਾਨ ਅਤੇ ਸਰਬਜੀਤ ਸਿੰਘ ਝਿੰਜਰ ਨੂੰ ਹਲਕਾ ਘਨੌਰ ਦਾ ਇੰਚਾਰਜ ਨਿਯੁਕਤ ਕੀਤਾ ਹੈ। ਇਹ ਨਿਯੁਕਤੀਆਂ ਅਕਾਲੀ ਦਲ ਦੇ ਜਥੇਬੰਦੀ ਪੱਖ ਨੂੰ ਹੋਰ ਮਜ਼ਬੂਤ ਕਰਨ ਵਿੱਚ ਵੱਡਾ ਯੋਗਦਾਨ ਪਾਉਣਗੀਆਂ।

ਮੁਲਾਕਾਤ ਦੌਰਾਨ ਸਰਬਜੀਤ ਸਿੰਘ ਝਿੰਜਰ ਨੇ ਭਰੋਸਾ ਦਿਵਾਇਆ ਕਿ ਉਹ ਪੂਰੀ ਤਨ-ਮਨ-ਧਨ ਨਾਲ ਹਲਕੇ ਵਿੱਚ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪਾਰਟੀ ਨਾਲ ਜੁੜਨ ਲਈ ਪ੍ਰੇਰਿਤ ਕਰਨਾ ਅਤੇ ਸੰਗਠਨਕ ਢਾਂਚੇ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪਹਿਲੀ ਪ੍ਰਥਮਿਕਤਾ ਹੋਵੇਗੀ।

ਇਸ ਮੌਕੇ ਝਿੰਜਰ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜੀ ਦੀ ਲੀਡਰਸ਼ਿਪ, ਦੂਰਦਰਸ਼ਤਾ ਅਤੇ ਲੋਕ ਸੇਵਾ ਦੇ ਪ੍ਰਤੀ ਨਿਸ਼ਠਾ ਦੀ ਖਾਸ ਤਾਰੀਫ਼ ਕੀਤੀ। ਉਨ੍ਹਾਂ ਨੇ ਕਿਹਾ ਕਿ ਬਾਦਲ ਨੇ ਹਮੇਸ਼ਾ ਪਾਰਟੀ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਲਈ ਨਵੇਂ ਵਿਚਾਰ, ਯੋਜਨਾਵਾਂ ਅਤੇ ਨਵੀਂ ਟੀਮ ਨੂੰ ਪ੍ਰੋਤਸਾਹਨ ਦਿੱਤਾ ਹੈ। ਉਨ੍ਹਾਂ ਦੀ ਸੂਝ-ਬੂਝ ਅਤੇ ਲੋਕਾਂ ਦੇ ਮੁੱਦਿਆਂ ਨੂੰ ਸਮਝਣ ਦੀ ਕਾਬਲੀਅਤ ਨੇ ਹਮੇਸ਼ਾ ਹਲਕੇ ਅਤੇ ਜ਼ਮੀਨੀ ਪੱਧਰ 'ਤੇ ਅਕਾਲੀ ਦਲ ਦੀ ਸਾਖ ਨੂੰ ਮਜ਼ਬੂਤ ਬਣਾਇਆ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਪ੍ਰੇਰਣਾ ਅਤੇ ਸਲਾਹ ਨਾਲ ਉਹ ਪਾਰਟੀ ਦੇ ਹਰੇਕ ਵਰਕਰ ਨੂੰ ਸੰਗਠਨ ਵਿੱਚ ਜੋੜ ਕੇ ਹਲਕੇ ਵਿੱਚ ਅਕਾਲੀ ਦਲ ਦੀ



ਪਹੁੰਚ ਹੋਰ ਵਧਾਉਣਗੇ।ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਝਿੰਜਰ ਨੇ ਇੱਕ ਸੁਰ ਵਿੱਚ ਕਿਹਾ ਕਿ ਨਵੀਂ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਉਹ ਹੁਣ ਹੋਰ ਵੀ ਦੋਗੁਣੇ ਜੋਸ਼ ਨਾਲ ਕੰਮ ਕਰਨਗੇ ਅਤੇ ਆਉਣ ਵਾਲੇ ਚੋਣ ਸਮੇਂ 5 ਜ਼ਿਲ੍ਹਾ ਪ੍ਰੀਸ਼ਦਾਂ ਦੇ ਨਾਲ-ਨਾਲ ਘਨੌਰ ਅਤੇ ਸ਼ੰਭੂ ਦੀਆਂ 35 ਬਲਾਕ ਸੰਮਤੀਆਂ ਦੇ ਜੋਨ ਸ਼ਾਨਦਾਰ ਬਹੁਮਤ ਨਾਲ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਪਾਉਣਗੇ।

ਝਿੰਜਰ ਨੇ ਕਿਹਾ ਕਿ ਸਿਰਫ਼ ਚੋਣਾਂ ਲਈ ਨਹੀਂ, ਸਾਲ ਭਰ ਲੋਕਾਂ ਦੇ ਮੁੱਦਿਆਂ 'ਤੇ ਹਰ ਹਲਕੇ ਵਿੱਚ ਕੰਮ ਕੀਤਾ ਜਾਵੇਗਾ। ਹਲਕੇ ਦੇ ਹਰ ਇਲਾਕੇ ਵਿੱਚ ਸਿੱਧੇ ਜਾ ਕੇ ਲੋਕਾਂ ਦੇ ਦਰਦ ਸੁਣੇ ਜਾਣਗੇ ਅਤੇ ਹੱਲ ਪ੍ਰਦਾਨ ਕੀਤਾ ਜਾਵੇਗਾ। ਸਾਡਾ ਮਕਸਦ ਸਿਰਫ਼ ਰਾਜਨੀਤੀ ਨਹੀਂ ਪੰਥ, ਪੰਜਾਬੀਅਤ ਅਤੇ ਕਿਸਾਨੀ ਦੀ ਸੁਰੱਖਿਆ ਸਾਡੀ ਪਹਿਲੀ ਜ਼ਿੰਮੇਵਾਰੀ ਹੈ। ਪ੍ਰਧਾਨ ਸੁਖਬੀਰ ਸਿੰਘ ਬਾਦਲ ਇਨ੍ਹਾਂ ਸਾਰਿਆਂ ਮੁੱਦਿਆਂ 'ਤੇ ਸਪੱਸ਼ਟ ਅਤੇ ਦ੍ਰਿੜ੍ਹ ਸਟੈਂਡ ਰੱਖਦੇ ਹਨ ਅਤੇ ਅਸੀਂ ਉਸ ਦਿਸ਼ਾ 'ਚ ਹੀ ਕੰਮ ਕਰਾਂਗੇ। ਉਨ੍ਹਾਂ ਕਿਹਾ ਕਿ ਹਰ ਪਿੰਡ ਵਿੱਚ ਮੀਟਿੰਗਾਂ ਹੋਣਗੀਆਂ। ਸਿਰਫ਼ ਕਾਗਜ਼ਾਂ 'ਤੇ ਨਹੀਂ ਜ਼ਮੀਨੀ ਕੰਮ ਦਿਖਾਉਣ ਦਾ ਸਮਾਂ ਆ ਗਿਆ ਹੈ।ਇਸ ਮੁਲਾਕਾਤ ਦੌਰਾਨ ਦੋਵੇਂ ਨੇਤਾਵਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਕਾਲੀ ਦਲ ਦੀ ਵਿਚਾਰਧਾਰਾ ਨੂੰ ਘਨੌਰ, ਸ਼ੰਭੂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਘਰ-ਘਰ ਤੱਕ ਪਹੁੰਚਾਉਣ ਲਈ ਵਿਸ਼ੇਸ਼ ਜਨ-ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਲੋਕ ਸਾਫ-ਸੁਥਰੀ ਰਾਜਨੀਤੀ, ਇਮਾਨਦਾਰ ਲੀਡਰਸ਼ਿਪ ਅਤੇ ਜ਼ਮੀਨੀ ਕੰਮ ਦੀ ਉਮੀਦ ਕਰਦੇ ਹਨ ਅਤੇ ਅਕਾਲੀ ਦਲ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੇ ਪੂਰੇ ਯੋਗ ਹੈ। ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੀ ਮਜ਼ਬੂਤੀ, ਕਿਸਾਨਾਂ ਦੇ ਹੱਕਾਂ ਦੀ ਰੱਖਿਆ, ਨੌਜਵਾਨਾਂ ਨੂੰ ਰੁਜ਼ਗਾਰ ਨਾਲ ਜੋੜਨਾ ਅਤੇ ਧਾਰਮਿਕ ਸਥਾਨਾਂ ਦੀ ਸੰਭਾਲ ਇਹ ਚਾਰੇ ਮੋਰਚੇ ਨਵੀਂ ਟੀਮ ਦੀ ਖਾਸ ਤਵੱਜੋ ਰਹਿਣਗੇ। ਦੋਵਾਂ ਨੇਤਾਵਾਂ ਨੇ ਭਰੋਸਾ ਦਿਵਾਇਆ ਕਿ ਉਹ ਸੰਗਠਨ ਦੇ ਹਰ ਵਰਕਰ ਨੂੰ ਨਾਲ ਲੈ ਕੇ ਚੱਲਣਗੇ, ਤਾਂ ਜੋ ਅਕਾਲੀ ਦਲ ਮੁੜ ਮਜ਼ਬੂਤੀ ਨਾਲ ਖੜ੍ਹੇ ਹੋ ਕੇ ਲੋਕਾਂ ਦੀਆਂ ਉਮੀਦਾਂ ਨੂੰ ਪੂਰਾ ਕਰ ਸਕੇ।ਝਿੰਜਰ ਨੇ ਤਰਨਤਾਰਨ ਜ਼ਿਮਨੀ ਚੋਣਾਂ ਬਾਰੇ ਬੋਲਦਿਆਂ ਕਿਹਾ ਕਿ ਤਰਨਤਾਰਨ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਦੂਜੇ ਨੰਬਰ 'ਤੇ ਆਉਣਾ ਇਹ ਸਪੱਸ਼ਟ ਕਰਦਾ ਹੈ ਲੋਕ ਅਜੇ ਵੀ ਸ਼੍ਰੋਮਣੀ ਅਕਾਲੀ ਦਲ 'ਤੇ ਪੂਰਾ ਭਰੋਸਾ ਰੱਖਦੇ ਹਨ। ਇਸ ਨਤੀਜੇ ਨੇ ਸਾਬਤ ਕਰ ਦਿੱਤਾ ਹੈ ਕਿ ਅਕਾਲੀ ਦਲ ਦੀ ਜੜ੍ਹ ਅੱਜ ਵੀ ਲੋਕਾਂ ਦੇ ਦਿਲਾਂ ਵਿੱਚ ਮਜ਼ਬੂਤੀ ਨਾਲ ਵਸੀ ਹੋਈ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਦਰਸ਼ਨ ਨਾ ਸਿਰਫ਼ ਵਰਕਰਾਂ ਦੇ ਹੌਸਲੇ ਨੂੰ ਵਧਾਉਂਦਾ ਹੈ, ਸਗੋਂ ਇਹ ਵੀ ਦਰਸਾਉਂਦਾ ਹੈ ਕਿ ਲੋਕ ਵਿਕਾਸ, ਸਿਧਾਂਤਾਂ ਵਾਲੀ ਰਾਜਨੀਤੀ ਅਤੇ ਪੰਥਕ ਸੂਝ ਵਾਲੇ ਅਕਾਲੀ ਦਲ ਨੂੰ ਮੁੜ ਅੱਗੇ ਲਿਆਉਣ ਲਈ ਤਤਪਰ ਹਨ। ਇਹ ਨਤੀਜਾ ਅਸਲ ਵਿੱਚ ਲੋਕਾਂ ਵੱਲੋਂ ਦਿੱਤਾ ਗਿਆ ਇਹ ਸਪੱਸ਼ਟ ਸੰਦੇਸ਼ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਉਨ੍ਹਾਂ ਦੀ ਭਰੋਸੇਯੋਗ ਅਤੇ ਮਨਪਸੰਦ ਪਾਰਟੀ ਹੈ।

# ਡਾ.ਅੰਬੇਡਕਰ ਸਕਾਲਰਸ਼ਿਪ ਪੋਰਟਲ 2025-26 ਲਈ 29 ਦਸੰਬਰ ਤੱਕ ਦੁਬਾਰਾ ਖੋਲ੍ਹਿਆ: ਡਾ.ਬਲਜੀਤ ਕੌਰ

**ਪਠਾਨਕੋਟ**
**ਸਾਂਝੀ ਸੋਚ ਬਿਊਰੋ**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ, ਪੰਜਾਬ ਸਰਕਾਰ ਸਮਾਜ ਦੇ ਸਾਰੇ ਵਰਗਾਂ ਦੀ ਤਰੱਕੀ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਖਾਸ ਕਰਕੇ, ਸਰਕਾਰ ਅਨੁਸੂਚਿਤ ਜਾਤੀ (ਐਸ.ਸੀ.) ਦੇ ਵਿਦਿਆਰਥੀਆਂ ਨੂੰ ਵਿਦਿਅਕ ਸਸ਼ਕਤੀਕਰਨ ਰਾਹੀਂ ਮੁੱਖ ਧਾਰਾ ਵਿੱਚ ਲਿਆਉਣ ਲਈ ਸਮਰਪਿਤ ਯਤਨ ਕਰ ਰਹੀ ਹੈ। ਇਹ ਗੱਲ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਹੀ।ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਡਾ. ਬੀ.ਆਰ. ਅੰਬੇਡਕਰ ਪੋਸਟ-ਮੈਟ੍ਰਿਕ ਸਕਾਲਰਸ਼ਿਪ ਪੋਰਟਲ ਨੂੰ ਅਕਾਦਮਿਕ ਸਾਲ 2025-26 ਲਈ ਮਿਤੀ 29-12-2025 ਤੱਕ ਖੋਲ੍ਹਿਆ ਗਿਆ ਹੈ। ਯੋਗ ਵਿਦਿਆਰਥੀ ਜਲਦੀ ਹੀ ਪੋਰਟਲ ਰਾਹੀਂ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਣਗੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਨੇ 2025-26 ਵਿੱਚ ਇਸ ਯੋਜਨਾ ਅਧੀਨ 2.70 ਲੱਖ ਵਿਦਿਆਰਥੀਆਂ ਨੂੰ ਲਾਭ ਪਹੁੰਚਾਉਣ ਦਾ ਟੀਚਾ ਰੱਖਿਆ ਹੈ। ਹੁਣ ਤੱਕ 2,49,620 ਵਿਦਿਆਰਥੀਆਂ ਵੱਲੋਂ ਪੋਰਟਲ ਤੇ ਅਪਲਾਈ ਕੀਤਾ ਗਿਆ ਹੈ ਜਿਸ ਵਿੱਚੋਂ 1,26,722 ਵਿਦਿਆਰਥੀਆਂ ਦੇ ਕੇਸ ਵੈਰੀਫਾਈ ਕੀਤੇ ਜਾ ਚੁੱਕੇ ਹਨ। ਸਾਲ 2025-26 ਦੌਰਾਨ ਲਗਭੱਗ 19,871 ਵਿਦਿਆਰਥੀਆਂ ਨੂੰ ਰਾਜ ਸਰਕਾਰ ਦੇ ਹਿੱਸੇ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਜਲਦ ਹੀ ਅਦਾਇਗੀ ਕੀਤੀ ਜਾਵੇਗੀ। ਇਸ ਯੋਜਨਾ ਤਹਿਤ, ਨਵੇਂ ਵਿਦਿਆਰਥੀਆਂ ਨੂੰ ਫ੍ਰੀ-ਸ਼ਿਪ ਕਾਰਡ ਜਾਰੀ ਕੀਤੇ ਜਾਂਦੇ ਹਨ, ਜਿਸ ਨਾਲ ਉਹ ਨਿਰਧਾਰਤ ਨਿਯਮਾਂ ਅਨੁਸਾਰ ਟਿਊਸ਼ਨ ਫੀਸਾਂ ਤੋਂ ਛੋਟ ਦੇ ਨਾਲ ਮਾਨਤਾ ਪ੍ਰਾਪਤ ਸੰਸਥਾਵਾਂ ਵਿੱਚ ਦਾਖਲਾ ਪ੍ਰਾਪਤ ਕਰ ਸਕਦੇ ਹਨ।

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੇ ਵਿਦਿਅਕ, ਆਰਥਿਕ ਅਤੇ ਸਮਾਜਿਕ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਰੇ ਜ਼ਿਲ੍ਹਾ ਅਧਿਕਾਰੀਆਂ, ਵਿਦਿਅਕ ਸੰਸਥਾਵਾਂ ਅਤੇ ਨੋਡਲ ਏਜੰਸੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਯੋਜਨਾ ਵੱਧ ਤੋਂ ਵੱਧ ਵਿਦਿਆਰਥੀਆਂ ਤੱਕ ਪਹੁੰਚੇ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਸਕਾਲਰਸ਼ਿਪ ਲਾਭਾਂ ਤੋਂ ਵਾਂਝਾ ਨਾ ਰਹੇ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

**Health Checkups ਜਿਵੇਂ :**


Cholestrol Test


Heart Health


Thyroid Test


Diabetes Test


Food Allergy


Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**
**(209) 629-8282 | (209) 505-6384**

Address : 119. Maple AVe, Suite A Manteca, CA 95336


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
JUGDEV SAMRA (317) 379-4065
SUKHDEV SAMRA (317) 250-3545
jvslogisticsllc@outlook.com
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue

# ਸਨਸਿਟ ਇੰਡੋ-ਕਨੇਡੀਅਨ ਸੀਨੀਅਰ ਸੁਸਾਇਟੀ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਅਤੇ ਕਰਤਾਰ ਸਿੰਘ ਸਰਾਭਾ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ

**ਵੈਨਕੂਵਰ ਸਾਂਝੀ ਸੋਚ ਬਿਊਰੋ**



ਸਨਸਿਟ ਇੰਡੋ-ਕਨੇਡੀਅਨ ਸੀਨੀਅਰ ਸੁਸਾਇਟੀ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਦੀ ਲਾਸਾਨੀ ਸ਼ਹਾਦਤ ਅਤੇ ਗ਼ਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ ਹੋਰ ਕ੍ਰਾਂਤੀਕਾਰੀ ਸਾਥੀਆਂ ਦੀ ਯਾਦ ਵਿੱਚ ਇੱਕ ਵਿਸ਼ਾਲ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਇਤਿਹਾਸ, ਗੁਰਮਤਿ ਗਿਆਨ ਅਤੇ ਕੁਰਬਾਨੀਆਂ ਦੀ ਮਹਾਨਤਾ ਨੂੰ ਵਿਸਥਾਰ ਨਾਲ ਰੌਸ਼ਨ ਕੀਤਾ। ਸਮਾਗਮ ਦੀ ਸ਼ੁਰੂਆਤ ਸੁਸਾਇਟੀ ਦੇ ਸਕੱਤਰ ਸੁਰਜੀਤ ਸਿੰਘ ਮਿਨਹਾਸ ਨੇ ਕੀਤੀ, ਜਿਨ੍ਹਾਂ ਨੇ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਅਤੇ ਜੀਵਨੀ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਸੁਰਜੀਤ ਸਿੰਘ ਭੱਟੀ ਨੇ ਕਵਿਤਾ ਰਾਹੀਂ ਇਹਨਾਂ ਮਹਾਨ ਸ਼ਹੀਦਾਂ ਨੂੰ ਸਿਜਦਾ ਕਰਦਿਆਂ ਹਾਲ ਨੂੰ ਭਾਵੁਕਤਾ ਨਾਲ ਭਰ ਦਿੱਤਾ। ਸਮਾਗਮ ਦੇ ਮੁੱਖ ਬੁਲਾਰੇ ਗਿਆਨੀ ਹਰਪ੍ਰੀਤ ਸਿੰਘ ਨੇ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਬਾਰੇ ਕਈ ਮਹੱਤਵਪੂਰਨ ਅਤੇ ਤੱਥ-ਅਧਾਰਿਤ ਵਿਚਾਰ ਰੱਖੇ। ਉਹਨਾਂ ਨੇ ਆਪਣੇ ਸੰਬੋਧਨ ਵਿੱਚ ਸਪੱਸ਼ਟ ਕੀਤਾ ਕਿ ਆਮ ਤੌਰ 'ਤੇ ਇਹ ਪ੍ਰਚਾਰਿਆ ਜਾਂਦਾ ਹੈ ਕਿ ਗੁਰੂ ਤੇਗ ਬਹਾਦਰ ਸਾਹਿਬ ਨੇ ਬਾਬੇ ਬਕਾਲੇ 'ਚ 26 ਸਾਲ 9 ਮਹੀਨੇ ਇੱਕ ਭੋਰੇ ਵਿੱਚ ਬੈਠ ਕੇ ਤਪ ਕੀਤਾ ਸੀ। ਉਹਨਾਂ ਕਿਹਾ ਕਿ ਗੁਰਬਾਣੀ ਵਿੱਚ ਤਪ, ਜਪ, ਯੋਗਿਕ ਸਾਧਨਾ ਰਾਹੀਂ ਸਰੀਰ ਨੂੰ ਕਸ਼ਟ ਦੇਣ ਦੀ ਪ੍ਰਥਾ ਦਾ ਖੰਡਨ ਕੀਤਾ ਗਿਆ ਹੈ। ਗੁਰੂ ਸਾਹਿਬਾਂ ਦਾ ਜੀਵਨ ਕਦੇ ਵੀ ਭੋਰੇ, ਗੁਫ਼ਾ ਜਾਂ ਤਪੱਸਿਆ ਵਿੱਚ ਬੰਦ ਹੋਇਆ।

ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸਭ ਗੁਰਾਂ ਨੇ ਲੋਕਾਂ ਦੇ ਵਿਚ ਰਹਿ ਕੇ, ਸੰਘਰਸ਼ ਕਰਕੇ, ਮਰਯਾਦਾ ਸਿਖਾ ਕੇ ਅਤੇ ਆਦਰਸ਼ ਜੀਵਨ ਜਿਉਂ ਕੇ ਸਿੱਖੀ ਦਾ ਪਾਸਾਰ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਕਈ ਇਤਿਹਾਸਿਕ ਸਰੋਤਾਂ ਦਾ ਹਵਾਲਾ ਦੇ ਕੇ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਲਗਭਗ 12 ਸਾਲ ਦੀ ਉਮਰ ਤੋਂ ਹੀ ਮਾਝੇ ਦੇ ਖੇਤਰ (ਅੰਮ੍ਰਿਤਸਰ, ਗੋਇੰਦਵਾਲ, ਖਡੂਰ ਸਾਹਿਬ, ਤਰਨ ਤਾਰਨ ਆਦਿ) ਵਿੱਚ ਸਿੱਖੀ ਦਾ ਪ੍ਰਚਾਰ ਕਰਦੇ ਰਹੇ। ਉਹ ਗੁਰਮੁਖ ਸੰਗਤਾਂ ਨਾਲ ਨਿੱਤ ਸੰਪਰਕ ਵਿੱਚ ਰਹਿੰਦੇ ਸਨ। ਉਹਨਾਂ ਨੇ ਤਿੰਨ ਜੰਗਾਂ ਵਿੱਚ ਸੂਰਵੀਰਤਾ ਨਾਲ ਭਾਗ ਲਿਆ, ਜਿਸ ਕਰਕੇ ਉਹਨਾਂ ਦੇ ਬਹਾਦਰੀ-ਪੂਰਨ ਚਰਿੱਤਰ ਨੂੰ ਦੇਖਦੇ ਹੋਏ ਉਹਨਾਂ ਦਾ ਨਾਂ "ਤੇਗ ਬਹਾਦਰ" ਪੈ ਗਿਆ। ਗਿਆਨੀ ਹਰਪ੍ਰੀਤ ਸਿੰਘ ਨੇ ਗੁਰਬਾਣੀ ਦੀਆਂ ਤੁਕਾਂ ਅਤੇ ਗੁਰਮਤਿ ਦੇ ਮੂਲ ਤੱਤਾਂ ਦਾ ਸਹਾਰਾ ਲੈ ਕੇ ਕਿਹਾ ਕਿ ਇਹ ਕਹਾਣੀ ਕਿ ਗੁਰੂ ਤੇਗ ਬਹਾਦਰ ਜੀ ਨੇ ਪਰਿਆਗ ਰਾਜ ਵਿੱਚ ਪੁੱਤਰ ਦੀ ਪ੍ਰਾਪਤੀ ਲਈ ਯੱਗ ਕੀਤਾ ਸੀ ਗੁਰਮਤਿ ਅਨੁਸਾਰ ਅਸੰਭਵ ਹੈ। ਗੁਰੂ ਸਾਹਿਬਾਂ ਨੇ ਕਿਸੇ ਮੰਨਤ ਜਾਂ ਕਰਮਕਾਂਡ ਦੀ ਪ੍ਰਥਾ ਨੂੰ ਕਦੇ ਨਹੀਂ ਮੰਨਿਆ। ਉਸ ਸਮੇਂ ਦੀਆਂ ਕੁਝ ਪੁਰਾਤਨ ਕਿਤਾਬਾਂ ਜਾਂ ਕਾਲਮਾਂ ਵਿੱਚ ਦਰਜ ਕਹਾਣੀਆਂ ਨੂੰ ਗੁਰਬਾਣੀ ਅਤੇ ਤਰਕ ਦੀ ਕਸਵੱਟੀ 'ਤੇ ਪਰਖਿਆ ਜਾਣਾ ਚਾਹੀਦਾ ਹੈ, ਅੰਨ੍ਹੇ ਵਿਸ਼ਵਾਸ ਨਾਲ ਨਹੀਂ ਮੰਨਿਆ ਜਾਣਾ ਚਾਹੀਦਾ।

ਗਿਆਨੀ ਹਰਪ੍ਰੀਤ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਗੁਰੂ ਸਾਹਿਬ ਨਾ ਤਾਂ ਤਪਸੀ, ਨਾ ਤਿਆਗੀ, ਨਾ ਹੀ ਕਰਮਕਾਂਡਾਂ ਨੂੰ ਮੰਨਣ ਵਾਲੇ ਸਨ; ਉਹ ਪੂਰੇ ਸਿਰਜੇ ਗੁਰਮੁਖ, ਯੋਧੇ ਅਤੇ ਮਨੁੱਖੀ ਮੁੱਲਾਂ ਦੇ ਰਖਵਾਲੇ ਸਨ। ਧਰਮ ਦੀ ਆਜ਼ਾਦੀ ਹਰ ਮਨੁੱਖ ਦਾ ਜਨਮ-ਸਿੱਧ ਹੱਕ ਹੈ ਇਹ ਗੁਰੂ ਸਾਹਿਬ ਨੇ ਆਪਣੀ ਸ਼ਹਾਦਤ ਨਾਲ ਸੰਸਾਰ ਨੂੰ ਸਿਖਾਇਆ। ਰਾਜਿੰਦਰ ਸਿੰਘ ਪੰਧੇਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਤੋਂ ਲੈ ਕੇ ਸ਼ਹੀਦੀ ਤੱਕ ਦੇ ਪੂਰੇ ਇਤਿਹਾਸ ਨੂੰ ਵਿਸਥਾਰ ਨਾਲ ਸਾਂਝਾ ਕੀਤਾ।

ਉਹਨਾਂ ਨੇ ਦੱਸਿਆ ਕਿ 19 ਸਾਲ ਦੇ ਇਸ ਕੌਮੀ ਹੀਰੇ ਨੇ ਕਿਵੇਂ ਅਖਬਾਰ ਛਾਪਣ, ਕ੍ਰਾਂਤੀਕਾਰੀਆਂ ਨਾਲ ਸੰਪਰਕ, ਫੰਡ ਇਕੱਠਾ ਕਰਨ ਅਤੇ ਫੌਜੀ ਛਾਉਣੀਆਂ ਤੱਕ ਜ਼ੁਲਮ ਦੇ ਵਿਰੁੱਧ ਲੜਾਈ ਦਾ ਸੁਨੇਹਾ ਪਹੁੰਚਾਉਣ ਵਿੱਚ ਅਗਵਾਈ ਕੀਤੀ। ਸੋਸਾਇਟੀ ਦੇ ਮੀਤ ਪ੍ਰਧਾਨ ਮੁਖਤਿਆਰ ਸਿੰਘ ਬੋਪਾ ਰਾਏ ਨੇ ਗ਼ਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਬਾਰੇ ਬੋਲਦਿਆਂ ਕਿਹਾ ਕਿ ਗ਼ਦਰੀਆਂ ਦਾ ਝੰਡਾ ਬਣਾਉਣ, ਗ਼ਦਰ ਪਾਰਟੀ ਤੇ ਗ਼ਦਰ ਅਖਬਾਰ ਨੂੰ ਪ੍ਰਫੁੱਲਤ ਕਰਨ, ਗ਼ਦਰ ਅਖਬਾਰ ਵਿੱਚ ਲਿਖਣ, ਛਾਪਣ ਅਤੇ ਵੰਡਣ ਵਰਗੇ ਕੰਮਾਂ ਵਿਚ ਕਰਤਾਰ ਸਿੰਘ ਸਰਾਭਾ ਦਾ ਵਿਸ਼ੇਸ਼ ਯੋਗਦਾਨ ਰਿਹਾ। ਉਹ ਗ਼ਦਰੀਆਂ ਦੇ ਸਭ ਤੋਂ ਛੋਟੀ ਉਮਰ (19 ਸਾਲ) ਦੇ ਮਹਾਨ ਸ਼ਹੀਦ ਸਨ। ਉਹਨਾਂ ਦੇ ਨਾਲ ਸ਼ਹੀਦ ਕੀਤੇ ਗਏ ਦੂਸਰੇ ਛੇ ਗ਼ਦਰੀਆਂ ਅਤੇ ਸਰਾਭਾ ਵੱਲੋਂ ਦੇਸ਼ ਦੀ ਆਜ਼ਾਦੀ ਲਈ ਪਾਏ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸੋਸਾਇਟੀ ਦੇ ਪ੍ਰਧਾਨ ਗੁਰਬਖ਼ਸ਼ ਸਿੰਘ ਸਿੱਧੂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਨੇ ਮੁਗਲ ਸ਼ਾਸਕਾਂ ਵੱਲੋਂ ਕੀਤੇ ਜਾ ਰਹੇ ਜ਼ੁਲਮ ਅਤੇ ਜਬਰੀ ਧਰਮ ਪਰਿਵਰਤਨ ਦੇ ਵਿਰੋਧ ਵਿੱਚ ਆਪਣੇ ਸਾਥੀਆਂ ਸਮੇਤ ਮਨੁੱਖੀ ਹੱਕਾਂ ਦੀ ਰਾਖੀ ਲਈ ਸ਼ਹਾਦਤ ਦਿੱਤੀ। ਇਹ ਸ਼ਹਾਦਤ ਸਿੱਖੀ ਦਾ ਨਹੀਂ, ਬਲਕਿ ਮਨੁੱਖਤਾ ਦਾ ਸਭ ਤੋਂ ਵੱਡਾ ਬਲਿਦਾਨ ਹੈ। ਸਾਨੂੰ ਉਹਨਾਂ ਦੀ ਸੋਚ 'ਤੇ ਤੁਰ ਕੇ ਜ਼ੁਲਮ-ਰਹਿਤ ਅਤੇ ਸਮਾਨਤਾ-ਅਧਾਰਿਤ ਸਮਾਜ ਦਾ ਨਿਰਮਾਣ ਕਰਨ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਉਹਨਾਂ ਗ਼ਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਹਨਾਂ ਦੇ ਨਾਲ 16 ਨਵੰਬਰ 1915 ਨੂੰ ਲਾਹੌਰ ਵਿੱਚ ਫਾਂਸੀ ਚੜ੍ਹੇ ਉਹਨਾਂ ਦੇ ਸਾਥੀ ਜਗਤ ਸਿੰਘ ਸੁਰਸਿੰਘ (ਅੰਮ੍ਰਿਤਸਰ), ਹਰਨਾਮ ਸਿੰਘ ਸਿਆਲਕੋਟੀ, ਵਿਸ਼ਨੂੰ ਗਣੇਸ਼ ਪਿੰਗਲੇ (ਪੂਨਾ), ਬਖਸ਼ੀਸ਼ ਸਿੰਘ, ਸੁਰੈਣ ਸਿੰਘ ਵੱਡਾ, ਸੁਰੈਣ ਸਿੰਘ ਛੋਟਾ (ਤਿੰਨੇ ਗਿੱਲਵਾਲੀ-ਅੰਮ੍ਰਿਤਸਰ) ਬਾਰੇ ਦਿਲ ਹਿਲੂਣਵੀ ਜਾਣਕਾਰੀ ਦਿੱਤੀ। ਬਾਬਾ ਸੋਹਣ ਸਿੰਘ ਭਕਨਾ ਦੇ ਸ਼ਬਦਾਂ ਦਾ ਹਵਾਲਾ ਦਿੰਦਿਆਂ ਉਹਨਾਂ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਕਰਤਾਰ ਸਿੰਘ ਸਰਾਭਾ ਵਰਗਾ ਜਰਨੈਲ ਇਤਿਹਾਸ ਵਿੱਚ ਦੂਜਾ ਹੋਰ ਕੋਈ ਨਹੀਂ ਮਿਲਦਾ। ਅੰਤ ਵਿੱਚ ਉਹਨਾਂ ਸਮਾਗਮ ਵਿਚ ਸ਼ਾਮਲ ਹੋਏ ਸਭਨਾਂ ਮਹਿਮਾਨਾਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਕੁਲਦੀਪ ਸਿੰਘ ਜਗਪਾਲ, ਗੁਰਮੀਤ ਸਿੰਘ ਕਾਲਕਟ, ਕੁਲਦੀਪ ਸਿੰਘ ਧਾਲੀਵਾਲ, ਗੁਰਮੀਤ ਸਿੰਘ ਬਰਮੀ, ਗੁਰਪਿਆਰ ਸਿੰਘ ਅਤੇ ਗੁਰਨਾਮ ਸਿੰਘ ਖੰਗੂੜਾ ਨੇ ਸ਼ਹੀਦਾਂ ਨੂੰ ਸਮਰਪਿਤ ਕਵਿਤਾਵਾਂ ਪੇਸ਼ ਕੀਤੀਆਂ ਅਤੇ ਦੇਸ਼ ਭਗਤੀ ਦੇ ਗੀਤ ਗਾਏ।

# ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਵੱਲੋਂ 12 ਅਹਿਮ ਸ਼੍ਰੇਣੀਆਂ ਦੇ 300 ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਸਹਿਮਤੀ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਭਰ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਨ ਲਈ ਮੁੱਖ ਮੰਤਰੀ ਦੀ ਅਗਵਾਈ ਹੇਠ ਮੰਤਰੀ ਮੰਡਲ ਨੇ 12 ਪ੍ਰਮੁੱਖ ਸ਼੍ਰੇਣੀਆਂ ਦੇ 300 ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਸਹਿਮਤੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਦੱਸਿਆ ਕਿ ਕੈਬਨਿਟ ਨੇ 12 ਅਹਿਮ ਸ਼੍ਰੇਣੀਆਂ, ਜਿਨ੍ਹਾਂ ਵਿੱਚ ਮੈਡੀਸਨ, ਪੈਡੀਐਟ੍ਰਿਕ (ਬੱਚਿਆਂ ਦੇ ਮਾਹਿਰ), ਸਾਈਕੈਟਰੀ (ਮਨੋਰੋਗਾਂ ਦੇ ਮਾਹਿਰ), ਡਰਮਾਟੋਲੋਜੀ (ਚਮੜੀ ਰੋਗਾਂ ਦੇ ਮਾਹਿਰ), ਚੈਸਟ ਤੇ ਟੀ.ਬੀ. (ਛਾਤੀ ਦੇ ਰੋਗਾਂ ਦੇ ਮਾਹਿਰ), ਸਰਜਰੀ, ਗਾਇਨਾਕੋਲੋਜੀ (ਔਰਤਾਂ ਦੇ ਰੋਗਾਂ ਦੇ ਮਾਹਿਰ), ਓਰਥੋਪੈਡਿਕਸ (ਹੱਡੀਆਂ ਦੇ ਮਾਹਿਰ), ਓਪਥਾਮੋਲੋਜੀ (ਅੱਖਾਂ ਦੇ ਰੋਗਾਂ ਦੇ ਮਾਹਿਰ), ਈ.ਐਨ.ਟੀ. (ਕੰਨ, ਨੱਕ ਤੇ ਗਲਾ ਰੋਗਾਂ ਦੇ ਮਾਹਿਰ) ਅਤੇ ਐਨਿਸਥੀਸੀਓਲੋਜੀ ਸ਼ਾਮਲ ਹਨ, ਦੇ 300 ਮਾਹਿਰ ਡਾਕਟਰਾਂ ਨੂੰ ਸੂਚੀਬੱਧ ਕਰਨ ਦਾ ਵੀ ਫੈਸਲਾ ਕੀਤਾ ਹੈ। ਇਸ ਕਦਮ ਨਾਲ ਸਪੈਸ਼ਲਿਸਟ ਡਾਕਟਰਾਂ ਦੀ ਉਪਲਬਧਤਾ ਵਧੇਗੀ ਅਤੇ ਪੰਜਾਬ ਦੇ ਲੋਕਾਂ ਨੂੰ ਸੈਕੰਡਰੀ ਪੱਧਰ ਦੀਆਂ ਸਿਹਤ ਸੰਭਾਲ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਇਨ੍ਹਾਂ ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਪ੍ਰਕਿਰਿਆ ਜ਼ਿਲ੍ਹਾ ਪੱਧਰ



ਉੱਤੇ ਸਿਵਲ ਸਰਜਨਾਂ ਰਾਹੀਂ ਕੀਤੀ ਜਾਵੇਗੀ ਅਤੇ ਸੂਚੀਬੱਧ ਹੋਏ ਡਾਕਟਰ ਓ.ਪੀ.ਡੀ., ਆਈ.ਪੀ.ਡੀ., ਐਮਰਜੈਂਸੀ, ਵੱਡੇ ਤੇ ਛੋਟੇ ਅਪਰੇਸ਼ਨਾਂ ਤੇ ਹੋਰ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਲਈ ਪ੍ਰਤੀ ਮਰੀਜ਼ ਇੰਪੈਨਲਮੈਂਟ ਫੀਸ ਲੈਣ ਦੇ ਯੋਗ ਹੋਣਗੇ। ਕੈਬਨਿਟ ਨੇ ਪੰਜਾਬ ਸਹਿਕਾਰੀ ਸਭਾਵਾਂ ਦੇ ਨਿਯਮ, 1963 ਤਹਿਤ ਨਿਯਮ 28ਏ-ਯੂਨੀਫਾਰਮ ਡਿਸਪਲਨਰੀ ਤੇ ਅਪੀਲੀ ਢਾਂਚੇ ਲਈ ਵੀ ਸਹਿਮਤੀ ਦਿੱਤੀ। ਇਹ ਅਪੀਲੀ ਚੈਨਲਾਂ ਦੀ ਨਕਲ ਰੋਕਣ ਨੂੰ ਯਕੀਨੀ ਬਣਾਏਗਾ ਅਤੇ ਇਸੇ ਬੋਰਡ ਜਾਂ ਇਸ ਦੀਆਂ ਕਮੇਟੀਆਂ ਦੇ ਅੰਦਰ ਵਿਰੋਧੀ ਫੈਸਲਿਆਂ ਤੋਂ ਬਚੇਗਾ ਅਤੇ ਅਨੁਸ਼ਾਸਨੀ ਕਾਰਵਾਈਆਂ ਵਿੱਚ ਕਮਾਂਡ ਦੀ ਲੜੀ ਨੂੰ ਸਪੱਸ਼ਟ ਕਰੇਗਾ। ਇਹ ਵੀ ਯਕੀਨੀ ਬਣਾਏਗਾ ਕਿ ਅਪੀਲਾਂ ਦੀ ਸੁਣਵਾਈ ਸੰਸਥਾ ਦੇ ਅੰਦਰ ਸਿਰਫ਼ ਇਕ ਵਾਰ ਹੀ ਹੋਵੇ। ਇਹ ਇਕ ਸਪੱਸ਼ਟ ਇਕਸਾਰ ਢਾਂਚੇ ਤਹਿਤ ਉਚਿਤ ਪ੍ਰਕਿਰਿਆ ਨੂੰ ਯਕੀਨੀ ਬਣਾ ਕੇ ਅਤੇ ਹਰੇਕ ਪੱਧਰ 'ਤੇ ਅਥਾਰਟੀ ਨੂੰ ਪਰਿਭਾਸ਼ਿਤ ਕਰ ਕੇ ਸੰਸਥਾਗਤ ਜਵਾਬਦੇਹੀ ਨੂੰ ਮਜ਼ਬੂਤ ਕਰ ਕੇ ਕਰਮਚਾਰੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰੇਗਾ। ਇਸ ਤੋਂ ਇਲਾਵਾ ਪੰਜਾਬ ਵਿੱਚ ਸਹਿਕਾਰੀ ਖੇਤਰ ਅਧੀਨ ਕੰਮ ਕਰ ਰਹੀਆਂ ਸਾਰੀਆਂ ਸਿਖਰਲੀਆਂ ਸੰਸਥਾਵਾਂ ਅਤੇ ਕੇਂਦਰੀ ਸਹਿਕਾਰੀ ਬੈਂਕਾਂ ਵਿੱਚ ਇਕਸਾਰਤਾ ਲਿਆਏਗਾ। ਮੰਤਰੀ ਮੰਡਲ ਨੇ ਮਾਈਨਿੰਗ ਸੇਵਾਵਾਂ ਨੂੰ ਵਧੇਰੇ ਕੁਸ਼ਲ, ਨਾਗਰਿਕ-ਪੱਖੀ ਅਤੇ ਪਾਰਦਰਸ਼ੀ ਬਣਾਉਣ ਲਈ ਪੰਜਾਬ ਰਾਜ ਮਾਈਨਰ ਮਿਨਰਲਜ਼ (ਸੋਧ) ਨੀਤੀ 2025 ਅਨੁਸਾਰ ਪੰਜਾਬ ਮਾਈਨਰ ਮਿਨਰਲ ਨਿਯਮ, 2013 ਵਿੱਚ ਸੋਧ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਸੂਬੇ ਵਿੱਚ ਅਲਾਟ ਕੀਤੀਆਂ ਜਾਣ ਵਾਲੀਆਂ ਕਰੱਸ਼ਰ ਮਾਈਨਿੰਗ ਸਾਈਟਾਂ ਅਤੇ ਜ਼ਮੀਨ ਮਾਲਕ ਦੀਆਂ ਮਾਈਨਿੰਗ ਸਾਈਟਾਂ ਦੇ ਮਾਈਨਿੰਗ ਲੀਜ਼ ਧਾਰਕਾਂ ਨੂੰ ਮਾਈਨਿੰਗ ਅਧਿਕਾਰਾਂ ਦੀ ਵੰਡ ਲਈ ਮੌਜੂਦਾ ਪੰਜਾਬ ਮਾਈਨਰ ਮਿਨਰਲਜ਼ ਰੂਲਜ਼ 2013 ਵਿੱਚ ਇਨ੍ਹਾਂ ਨਵੇਂ ਨਿਯਮਾਂ/ਸੋਧਾਂ ਨੂੰ ਜੋੜਨ/ਬਦਲਣ ਦੀ ਲੋੜ ਸੀ।

Space available for Ad
Contact # +1 (209) 303-1260


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122
Office : 209-823-1234

www.RamanBassi.EXITHOME.COM
RBassi@EXITHOME.com

# ਹਾੜੀ ਮੰਡੀਕਰਨ ਸੀਜ਼ਨ 2026-27 ਲਈ ਤਿਆਰੀਆਂ ਸ਼ੁਰੂ
# ਲਾਲ ਚੰਦ ਕਟਾਰੂਚੱਕ ਨੇ ਕਣਕ ਦੇ ਅਗਾਮੀ ਖਰੀਦ ਸੀਜ਼ਨ ਦਾ ਲਿਆ ਜਾਇਜ਼ਾ

ਪਠਾਨਕੋਟ
ਸਾਂਝੀ ਸੋਚ ਬਿਊਰੋ

ਖੁਰਾਕ, ਸਿਵਲ ਸਪਲਾਈ, ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਕਣਕ ਦੇ ਖਰੀਦ ਸੀਜ਼ਨ 2026-27 ਦਾ ਜਾਇਜ਼ਾ ਲੈਣ ਲਈ ਦੋਵਾਂ ਵਿਭਾਗਾਂ ਦੇ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।ਅੱਜ ਇੱਥੇ ਅਨਾਜ ਭਵਨ ਵਿਖੇ ਹੋਈ ਮੀਟਿੰਗ ਦੌਰਾਨ ਹਾੜੀ ਮੰਡੀਕਰਨ ਸੀਜ਼ਨ (ਆਰ.ਐਮ.ਐਸ.)- 2026-27 ਦੇ ਮੱਦੇਨਜ਼ਰ ਲੱਕੜ ਦੇ ਕਰੇਟਾਂ ਦੀ ਲੋੜੀਂਦੀ ਗਿਣਤੀ ਨੂੰ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਜ਼ਿਕਰਯੋਗ ਹੈ ਕਿ ਪਨਗ੍ਰੇਨ ਵੱਲੋਂ ਹਾੜੀ ਮੰਡੀਕਰਨ ਸੀਜ਼ਨ 2026-27 ਦੇ ਮੱਦੇਨਜ਼ਰ ਖਰੀਦ ਅਤੇ ਭੰਡਾਰਨ ਦੇ ਉਦੇਸ਼ ਲਈ ਵੱਖ-ਵੱਖ ਏਜੰਸੀਆਂ ਨੂੰ 12 ਲੱਖ ਲੱਕੜ ਦੇ ਕਰੇਟਾਂ ਲਈ ਟੈਂਡਰ ਜਾਰੀ ਕੀਤੇ ਗਏ ਹਨ। ਇਨ੍ਹਾਂ ਵਿੱਚੋਂ, ਪੰਜਾਬ ਸੂਬਾਈ ਵਣ ਵਿਕਾਸ ਨਿਗਮ ਨੇ 1 ਲੱਖ ਲੱਕੜ ਦੇ ਕਰੇਟਾਂ ਦੀ ਪੇਸ਼ਕਸ਼ ਕੀਤੀ ਹੈ।ਖੁਰਾਕ, ਸਿਵਲ ਸਪਲਾਈ, ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗਾਂ ਦੇ ਇੰਚਾਰਜ ਹੋਣ ਦੇ ਨਾਤੇ, ਮੰਤਰੀ ਨੇ ਦੋਵਾਂ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਸ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਪੰਜਾਬ ਸੂਬਾਈ ਵਣ ਵਿਕਾਸ ਨਿਗਮ ਦੇ ਐਮ.ਡੀ ਨੂੰ ਪਨਗਰੇਨ ਨੂੰ 1 ਲੱਖ ਤੋਂ ਵੱਧ ਲੱਕੜ ਦੇ ਕਰੇਟ ਮੁਹੱਈਆ ਕਰਵਾਉਣ ਲਈ ਕਿਹਾ ਤਾਂ ਜੋ ਹਾੜੀ ਮੰਡੀਕਰਨ ਸੀਜ਼ਨ 2026-27 ਦੌਰਾਨ ਕਣਕ ਦੀ ਖਰੀਦ ਅਤੇ ਭੰਡਾਰਨ ਸਬੰਧੀ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਸਕੱਤਰ ਪ੍ਰਿਯਾਂਕ ਭਾਰਤੀ, ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਜੰਗਲਾਤ ਵਿਭਾਗ ਦੇ ਪ੍ਰਮੁੱਖ ਮੁੱਖ ਵਣਪਾਲ ਧਰਮਿੰਦਰ ਸ਼ਰਮਾ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਪੰਜਾਬ ਸੂਬਾਈ ਵਣ ਵਿਕਾਸ ਨਿਗਮ ਦੇ ਐਮ.ਡੀ ਪ੍ਰਵੀਨ ਕੁਮਾਰ ਮੌਜੂਦ ਸਨ।



## ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੀਆਂ ਚੋਣਾਂ 14 ਦਸੰਬਰ ਨੂੰ ਹੋਣਗੀਆਂ: ਰਾਜ ਕਮਲ ਚੌਧਰੀ
## ਇਨ੍ਹਾਂ ਚੋਣਾਂ ਲਈ ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਪੰਚਾਇਤੀ ਰਾਜ ਐਕਟ, 1994 ਦੀ ਧਾਰਾ 209 ਤਹਿਤ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਵੱਲੋਂ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਮਿਤੀ 25.09.2025 ਅਨੁਸਾਰ ਰਾਜ ਚੋਣ ਕਮਿਸ਼ਨ ਵੱਲੋਂ ਰਾਜ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੇ ਮੈਂਬਰਾਂ ਦੀਆਂ ਆਮ ਚੋਣਾਂ ਲਈ ਘੋਸ਼ਣਾ ਕੀਤੀ ਗਈ ਹੈ।

ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਕਿਹਾ ਕਿ ਚੋਣ ਸ਼ਡਿਊਲ ਅਨੁਸਾਰ ਇਨ੍ਹਾਂ ਚੋਣਾਂ ਲਈ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਮਿਤੀ 01.12.2025 (ਸੋਮਵਾਰ)(ਸਵੇਰੇ 11:00 ਤੋਂ ਸ਼ਾਮ 03:00 ਵਜੇ ਤੱਕ) ਇਸ ਕੰਮ ਲਈ ਨਾਮਜ਼ਦ ਕੀਤੇ ਸਬੰਧਤ ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਸ਼ੁਰੂ ਹੋਵੇਗੀ। ਨਾਮਜ਼ਦਗੀਆਂ ਭਰਨ ਦੀ ਆਖ਼ਰੀ ਮਿਤੀ 04.12.2025 (ਵੀਰਵਾਰ) ਹੋਵੇਗੀ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 05.12.2025 (ਸ਼ੁੱਕਰਵਾਰ) ਹੋਵੇਗੀ। ਨਾਮਜ਼ਦਗੀਆਂ ਵਾਪਿਸ ਲੈਣ ਦੀ ਆਖ਼ਰੀ ਮਿਤੀ 06.12.2025 (ਸ਼ਨੀਵਾਰ) ਸ਼ਾਮ 03:00 ਵਜੇ ਤੱਕ ਹੋਵੇਗੀ । ਸਾਰੇ ਨਾਮਜ਼ਦਗੀ ਪੱਤਰਾਂ ਨਾਲ ਨਿਰਧਾਰਿਤ ਹਲਫੀਆ ਬਿਆਨ ਅਤੇ ਉਮੀਦਵਾਰ ਰਾਜਨੀਤਿਕ ਪਾਰਟੀ ਵੱਲੋਂ ਖੜ੍ਹਾ ਕੀਤੇ ਜਾਣ ਦੀ ਸੂਰਤ ਵਿੱਚ ਸਬੰਧਤ ਰਾਜਨੀਤਿਕ ਪਾਰਟੀ ਦਾ ਅਧਿਕਾਰਤ ਪੱਤਰ ਨਾਲ ਲੱਗਿਆ ਹੋਣਾ ਚਾਹੀਦਾ ਹੈ।



ਉਨ੍ਹਾਂ ਦੱਸਿਆ ਕਿ ਚੋਣ ਮਿਤੀ 14.12.2025 (ਐਤਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ ਦੇ 04:00 ਵਜੇ ਤੱਕ ਬੈਲਟ ਪੇਪਰਾਂ ਦੀ ਵਰਤੋਂ ਨਾਲ ਹੋਵੇਗੀ। ਪੋਲ ਹੋਈਆਂ ਵੋਟਾਂ ਦੀ ਗਿਣਤੀ ਮਿਤੀ 17.12.2025 (ਬੁੱਧਵਾਰ) ਨੂੰ ਇਸ ਮੰਤਵ ਲਈ ਸਥਾਪਿਤ ਕੀਤੇ ਗਏ ਗਿਣਤੀ ਕੇਂਦਰਾਂ ਤੇ ਹੋਵੇਗੀ।ਉਸਨੇ ਖੁਲਾਸਾ ਕੀਤਾ ਕਿ ਇਹ ਚੋਣ 23 ਜ਼ਿਲ੍ਹਾ ਪ੍ਰੀਸ਼ਦਾਂ ਦੇ 357 ਜੋਨਾਂ ਅਤੇ 154 ਪੰਚਾਇਤ ਸੰਮਤੀਆਂ ਦੇ 2863 ਜੋਨਾਂ ਦੇ ਮੈਂਬਰਾਂ (ਪ੍ਰਤੀ ਜੋਨ 1 ਮੈਂਬਰ) ਲਈ ਹੋਵੇਗੀ। ਕੁੱਲ ਰਜਿਸਟਰਡ ਵੋਟਰਾਂ ਦੀ ਗਿਣਤੀ 1,36,04,650 ਹੈ, ਜਿਨ੍ਹਾਂ ਵਿੱਚ 71,64,972 ਪੁਰਸ਼, 64,39,497, ਇਸਤਰੀਆਂ ਅਤੇ 181 ਹੋਰ ਵੋਟਰ ਹਨ।ਇਨ੍ਹਾਂ ਚੋਣਾਂ ਲਈ ਜ਼ਿਲ੍ਹਿਆਂ ਵਿੱਚ ਸਾਰੇ ਪੇਂਡੂ ਖੇਤਰਾਂ ਨੂੰ ਕਵਰ ਕਰਦੇ ਹੋਏ 19,181 ਬੂਥ ਸਥਾਪਿਤ ਕੀਤੇ ਗਏ ਹਨ।

ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਲਈ 2,55,000/- ਰੁ: ਅਤੇ ਪੰਚਾਇਤ ਸੰਮਤੀ ਦੇ ਉਮੀਦਵਾਰ ਲਈ 1,10,000/- ਰੁ: ਖਰਚੇ ਦੀ ਹੱਦ ਨੋਟੀਫਾਈ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਲਗਭੱਗ 96,000 ਕਰਮਚਾਰੀ ਚੋਣ ਡਿਊਟੀ 'ਤੇ ਲਗਾਏ ਜਾਣਗੇ। ਹਰੇਕ ਜ਼ਿਲ੍ਹੇ ਵਿੱਚ ਇੱਕ ਆਈ.ਏ.ਐਸ/ਸੀਨੀਅਰ ਪੀ.ਸੀ.ਐਸ ਅਫ਼ਸਰ ਨੂੰ ਚੋਣਾਂ ਦੀ ਸਹੀ ਢੰਗ ਨਾਲ ਦੇਖ-ਰੇਖ ਲਈ ਚੋਣ ਅਬਜ਼ਰਵਰ ਨਿਯੁਕਤ ਕੀਤਾ ਜਾਵੇਗਾ।ਕਮਿਸ਼ਨ ਵੱਲੋਂ ਇਹ ਚੋਣਾਂ ਨਿਰਪੱਖ, ਆਜ਼ਾਦ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਸਾਰੇ ਬੰਦੋਬਸਤ ਕਰ ਲਏ ਲਏ ਗਏ ਹਨ।

ਚੋਣਾਂ ਦਾ ਇਹ ਪ੍ਰੋਗਰਾਮ ਐਲਾਨਣ ਨਾਲ, ਉਮੀਦਵਾਰਾਂ ਅਤੇ ਰਾਜ ਦੇ ਮਾਰਗ ਦਰਸ਼ਨ ਲਈ ਆਦਰਸ਼ ਚੋਣ ਜਾਬਤਾ ਸਾਰੀਆਂ ਗਰਾਮ ਪੰਚਾਇਤਾਂ, ਜੋ ਕਿ ਸਬੰਧਤ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਅਧੀਨ ਆਉਂਦੀਆ ਹਨ, ਦੇ ਰੈਵੀਨਿਊ ਖੇਤਰ ਵਿੱਚ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ। ਇਹ ਚੋਣ ਪ੍ਰਕ੍ਰਿਆ ਖ਼ਤਮ ਹੋਣ ਤੱਕ ਲਾਗੂ ਰਹੇਗਾ। ਆਦਰਸ਼ ਚੋਣ ਜਾਬਤੇ ਦੀ ਕਾਪੀ ਕਮਿਸ਼ਨ ਦੀ ਵੈਬਸਾਈਟ ਤੇ ਉਪਲੱਬਧ ਹੈ।

# ਪਾਰਦਰਸ਼ੀ ਭਰਤੀ ਪ੍ਰਣਾਲੀ ਨੇ ਪੰਜਾਬ ਦੇ ਹੋਣਹਾਰ ਨੌਜਵਾਨਾਂ ਲਈ ਖੋਲ੍ਹੇ ਸੁਨਹਿਰੀ ਭਵਿੱਖ ਦੇ ਦਰਵਾਜ਼ੇ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਰਦਰਸ਼ੀ ਭਰਤੀ ਪ੍ਰਣਾਲੀ ਰਾਹੀਂ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਲਈ ਸਿਰਫ਼ ਯੋਗਤਾ ਅਤੇ ਲਗਨ ਨੂੰ ਹੀ ਮਾਪਦੰਡ ਬਣਾ ਕੇ ਇਹ ਯਕੀਨੀ ਬਣਾਇਆ ਗਿਆ ਹੈ ਕਿ ਅਸਲ ਹੁਨਰ ਨੂੰ ਮਾਨਤਾ ਤੇ ਬਣਦਾ ਹੱਕ ਮਿਲੇ। ਉਨ੍ਹਾਂ ਨੇ ਇਹ ਵਿਚਾਰ ਨਵ-ਨਿਯੁਕਤ ਹੈਪੀ ਕੌਰ ਨੂੰ ਨਿੱਜੀ ਤੌਰ 'ਤੇ ਨਿਯੁਕਤੀ ਪੱਤਰ ਭੇਟ ਕਰਦਿਆਂ ਅਤੇ ਵਿੱਤ ਵਿਭਾਗ ਵਿੱਚ ਕਲਰਕ ਵਜੋਂ ਉਸ ਦਾ ਅਧਿਕਾਰਤ ਤੌਰ 'ਤੇ ਸਵਾਗਤ ਕਰਦਿਆਂ ਪ੍ਰਗਟ ਕੀਤੇ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹੈਪੀ ਕੌਰ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਸ ਦੀ ਸਫ਼ਲਤਾ ਅਣਗਿਣਤ ਹੋਰ ਲੋਕਾਂ ਲਈ ਉਮੀਦ ਦੀ ਕਿਰਨ ਅਤੇ ਪ੍ਰੇਰਣਾ ਦਾ ਸਰੋਤ ਹੈ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਉਸ ਦੀ ਹੁਣ ਤੱਕ ਦੇ ਜੀਵਨ ਦੀ ਕਹਾਣੀ ਇੱਕ ਸ਼ਕਤੀਸ਼ਾਲੀ ਮਿਸਾਲ ਪੈਦਾ ਕਰਦੀ ਹੈ ਕਿ ਲਗਨ ਅਤੇ ਯੋਗਤਾ ਨਾਲ ਕੋਈ ਵੀ ਵਿਅਕਤੀ ਚੁਣੌਤੀਆਂ 'ਤੇ ਕਾਬੂ ਪਾ ਕੇ ਆਪਣੇ ਟੀਚੇ ਪ੍ਰਾਪਤ ਕਰ ਸਕਦਾ ਹੈ।ਇੱਥੇ ਜਿਕਰਯੋਗ ਹੈ ਕਿ ਹੈਪੀ ਕੌਰ ਦਾ ਸਫ਼ਰ ਲਗਨ ਅਤੇ ਮਿਹਨਤ 'ਤੇ ਅਧਾਰਤ ਇੱਕ ਬਹੁਤ ਪ੍ਰੇਰਣਾਦਾਇਕ ਕਹਾਣੀ ਹੈ। ਉਹ ਇੱਕ ਅਜਿਹੇ ਪਿਛੋਕੜ ਤੋਂ ਆਉਂਦੀ ਹੈ ਜਿੱਥੇ ਹਰ ਕਦਮ ਸਿਰਫ਼ ਪੱਕੇ ਇਰਾਦੇ ਨਾਲ ਅੱਗੇ ਵਧ ਕੇ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਦੇ ਪਿਤਾ, ਲਛਮਣ ਸਿੰਘ, ਪਰਿਵਾਰ ਨੂੰ ਪਾਲਣ ਲਈ ਇੱਕ ਪੱਲੇਦਾਰ ਵਜੋਂ ਸਖ਼ਤ ਮਿਹਨਤ ਕਰਦੇ ਹਨ, ਜਦੋਂ ਕਿ ਉਨ੍ਹਾਂ ਦੀ ਮਾਤਾ, ਬਲਜੀਤ ਕੌਰ, ਇੱਕ ਸਮਰਪਿਤ ਘਰੇਲੂ ਔਰਤ ਹਨ। ਪਰਿਵਾਰ ਦੀ ਸਿੱਖਿਆ ਪ੍ਰਤੀ ਪੱਕੀ ਵਚਨਬੱਧਤਾ ਉਨ੍ਹਾਂ ਦੇ ਭਰਾ ਵਿੱਚ ਵੀ ਝਲਕਦੀ ਹੈ, ਜੋ ਕਿ ਆਰਟਸ ਗ੍ਰੈਜੂਏਟ ਹੈ ਅਤੇ ਮਨਰੇਗਾ ਸਕੀਮ ਅਧੀਨ ਠੇਕੇ ਦੇ ਅਧਾਰ 'ਤੇ ਗ੍ਰਾਮ ਸੇਵਕ ਵਜੋਂ ਸੇਵਾਵਾਂ ਨਿਭਾਉਂਦਿਆਂ ਸਮਾਜ ਵਿੱਚ ਬਣਦਾ ਯੋਗਦਾਨ ਪਾ ਰਿਹਾ ਹੈ।ਸਾਧਾਰਨ ਪਾਲਣ-ਪੋਸ਼ਣ ਨਾਲ ਜੁੜੀਆਂ ਆਰਥਿਕ ਤੰਗੀਆਂ ਦੇ ਬਾਵਜੂਦ, ਹੈਪੀ ਕੌਰ ਨੇ ਆਪਣੇ ਅਕਾਦਮਿਕ ਟੀਚਿਆਂ ਨੂੰ ਹੌਂਸਲੇ ਨਾਲ ਪੂਰਾ ਕੀਤਾ ਅਤੇ ਮਾਸਟਰ ਆਫ਼ ਸਾਇੰਸ ਇਨ ਇਨਫਰਮੇਸ਼ਨ ਟੈਕਨਾਲੋਜੀ (ਐਮ.ਐਸ. ਸੀ (ਆਈ.ਟੀ)) ਦੀ ਡਿਗਰੀ ਹਾਸਿਲ ਕੀਤੀ। ਇਸ ਉਪਰੰਤ ਉਸ ਨੇ ਪੰਜਾਬ ਅਧੀਨ ਸੇਵਾ ਚੋਣ ਬੋਰਡ (ਪੀ.ਐਸ.ਐਸ.ਐਸ.ਬੀ) ਵੱਲੋਂ ਕਲਰਕ ਦੀ ਆਸਾਮੀ ਵਾਸਤੇ ਲਈ ਗਈ ਸਖ਼ਤ ਪ੍ਰੀਖਿਆ ਨੂੰ ਪਹਿਲੇ ਹੀ ਯਤਨ ਵਿੱਚ ਪਾਸ ਕੀਤਾ।



ਵਿੱਤ ਮੰਤਰੀ ਨੇ ਕਿਹਾ ਕਿ ਆਰਥਕ ਚੁਣੌਤੀਆਂ ਦੇ ਬਾਵਜੂਦ ਸਫਲਤਾ ਪ੍ਰਾਪਤ ਕਰਨ ਦੀ ਇਹ ਉਦਾਹਰਨ ਹਲਾਤਾਂ ਵਿਰੁੱਧ ਅਣਥੱਕ ਯਤਨਾਂ ਦੀ ਜਿੱਤ ਦਾ ਇੱਕ ਸ਼ਕਤੀਸ਼ਾਲੀ ਪ੍ਰਮਾਣ ਹੈ, ਜੋ ਸਮਾਜ ਦੇ ਸਾਰੇ ਵਰਗਾਂ ਵਿੱਚ ਰਾਜ ਦੀ ਸਮਰੱਥਾ ਦੀ ਮਾਨਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਅਜਿਹਾ ਮਾਹੌਲ ਸਿਰਜਿਆ ਗਿਆ ਹੈ ਕਿ ਹੁਣ ਸਿੱਖਿਆ ਪ੍ਰਤੀ ਵਚਨਬੱਧਤਾ ਅਤੇ ਅਟੁੱਟ ਲਗਨ ਸੱਚਮੁੱਚ ਉੱਜਵਲ ਭਵਿੱਖ ਦੇ ਦਰਵਾਜ਼ੇ ਖੋਲ੍ਹ ਸਕਦੇ ਹਨ।


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ

## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਤੇ ਪੰਜਾਬ ਯੂਨੀਵਰਸਟੀ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਅਤੇ ਉਸ ਦੇ ਭਗਵੇਂਕਰਨ ਦੀ ਚਾਲ ਨੂੰ ਪੰਜਾਬੀ ਕਦੇ ਸਫ਼ਲ ਨਹੀਂ ਹੋਣ ਦੇਣਗੇ



SANJHI SOCH
ਜੰਗ ਸਿੰਘ ਮਰਸੱਡ (ਅਮਰੀਕਾ)
+1 415 603 7380

ਜਦੋਂ ਦੀ ਭਾਰਤ ਵਿੱਚ ਭਾਜਪਾ ਸਰਕਾਰ ਹੋਂਦ ਵਿੱਚ ਆਈ ਹੈ ਇਸ ਨੇ ਘਟਗਿਣਤੀ ਦੇ ਲੋਕਾਂ ਤੇ ਦਲਿਤ ਨੂੰ ਸਬਕ ਸਿਖਾਉਣ ਲਈ ਸਭ ਤੋਂ ਪਹਿਲਾਂ ਦੇਸ਼ ਦੀਆਂ ਸੁਰਖਿਆ ਫੌਜਾਂ ਨਾਲ ਸਾਲਾਂ ਬੱਧੀ ਘਰਾਂ ਅੰਦਰ ਤਾੜ ਕੇ ਪਹਿਲਾਂ ਮੁਸਲਮਾਨਾਂ ਨੂੰ ਜੰਮੂ ਕਸ਼ਮੀਰ ਵਿੱਚ ਮਿਲੀ ਸਹੂਲਤ ਧਾਰਾ 370 ਤੇ 35 ਏ ਨੂੰ ਖਤਮ ਕੀਤਾ।ਮੁਸਲਮਾਨਾਂ ਦੇ ਪ੍ਰਾਂਤ ਜੰਮੂ ਕਸ਼ਮੀਰ ਨੂੰ ਤੋੜ ਕੇ ਉਸ ਵਿਚੋਂ ਲਦਾਖ ਨੂੰ ਬਾਹਰ ਕੱਢ ਕੇ ਸਾਰੇ ਕਸ਼ਮੀਰ ਨੂੰ ਕੇਂਦਰ ਸ਼ਾਸ਼ਤ ਪ੍ਰਦੇਸ਼ ਬਣਾ ਦਿੱਤਾ।ਕੋਈ ਵੀ ਦੇਸ਼ ਦੀ ਰਾਜਨੀਤਕ ਪਾਰਟੀ ਮੁਸਲਮਾਨਾਂ ਦੇ ਹੱਕ ਵਿੱਚ ਨਾ ਖੜ੍ਹੇ ਹੋਣ ਕਾਰਨ ਭਾਜਪਾ ਦਾ ਮੂੰਹ ਖੁਲ੍ਹ ਗਿਆ ਕਿ ਉਸ ਨੂੰ ਹੁਣ ਕੋਈ ਰੋਕਣ ਟੋਕਣ ਵਾਲਾ ਨਹੀਂ।ਇਸੇ ਸੋਚ ਨਾਲ ਉਸ ਨੇ ਹੁਣ ਪੰਜਾਬ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ ਕਿਉਂਕਿ ਉਸ ਨੂੰ ਪਤਾ ਹੈ ਕਿ ਪੰਜਾਬ ਇਕ ਅਜਿਹਾ ਜੁਝਾਰੂ ਪ੍ਰਾਂਤ ਹੈ ਜੋ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਵਿੱਚ ਵੱਡਾ ਰੋੜਾ ਅਟਕਾ ਸਕਦਾ ਹੈ।ਪੰਜਾਬ ਦੇ ਲੋਕਾਂ ਦੀ ਨਬਜ ਨੂੰ ਟੋਹਣ ਲਈ ਭਾਜਪਾ ਸਰਕਾਰ ਨੇ ਸਭ ਤੋਂ ਪਹਿਲਾਂ ਕਿਸਾਨ ਵਿਰੋਧੀ ਤਿੰਨ ਖੇਤੀਬਾੜ੍ਹੀ ਦੇ ਕਾਲੇ ਕਾਨੂੰਨ ਲਿਆਂਦੇ। ਜਿਸ ਵਿਰੁੱਧ ਪੰਜਾਬ ਦੇ ਕਿਸਾਨਾਂ ਨੇ ਸਾਰੇ ਭਾਰਤ ਦੇ ਕਿਸਾਨਾਂ ਨੂੰ ਲਾਮ ਬੰਦ ਕਰਕੇ ਲਗਭਗ ਡੇਢ ਸਾਲ ਦਿੱਲੀ ਦੀਆਂ ਬਰੂਹਾਂ ਤੇ ਸ਼ਾਨਦਾਰ ਲੜਾਈ ਲੜ੍ਹੀ ਜਿਸ ਵਿੱਚ 750 ਤੋਂ ਵਧੇਰੇ ਕਿਰਸਾਨਾਂ ਨੂੰ ਆਪਣੀਆਂ ਕੁਰਬਾਨੀਆਂ ਦੇਣੀਆਂ ਪਈਆਂ।ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜਿਸ ਬਾਰੇ ਇਹ ਰੱਜ ਕੇ ਪ੍ਰਚਾਰ ਕੀਤਾ ਗਿਆ ਕਿ ਮੋਦੀ ਦੇ ਮੂੰਹੋਂ ਨਿਕਲੇ ਸ਼ਬਦ ਕਦੇ ਵਾਪਿਸ ਨਹੀਂ ਹੁੰਦੇ ਉਸੇ ਮੋਦੀ ਨੂੰ ਸ੍ਰੀ ਗੁਰੁ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਵਾਲੇ ਦਿਨ ਉਹ ਤਿੰਨੇ ਦੇ ਤਿੰਨੇ ਕਿਸਾਨ ਵਿਰੋਧੀ ਕਾਲੇ ਕਾਨੂੰਨ ਬਿਨਾ ਸ਼ਰਤ ਵਾਪਿਸ ਲੈਣ ਦਾ ਐਲਾਨ ਕਰਨਾ ਪਿਆ। ਸਾਲ 2025 ਵਿੱਚ ਪੰਜਾਬ ਦੇ ਲੋਕਾਂ ਨੂੰ ਮੁੜ੍ਹ ਪਰਖਣ ਲਈ ਪਹਿਲੀ ਨਵੰਬਰ ਜਿਸ ਦਿਨ ਪੰਜਾਬ ਰਾਜ ਦੀ ਸਥਾਪਨਾ ਕੀਤੀ ਗਈ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਕੇਂਦਰ ਅਧੀਨ ਕਰਨ ਦੀ ਨੀਯਤ ਨਾਲ ਉਸ ਦੀ ਸੇਨੇਟ ਤੇ ਸਿੰਡੀਕੇਟ ਨੂੰ ਭੰਗ ਕਰਕੇ ਸਰਕਾਰ ਵਲੋਂ ਨਾਮਜਦਗੀਆਂ ਕੀਤੀਆਂ ਜਾਣਗੀਆਂ ਦਾ ਨੋਟੀਫੀਕੇਸ਼ਨ ਜਾਰੀ ਕਰ ਮਾਰਿਆ ਜਿਸ ਦਾ ਨਤੀਜਾ ਇਹ ਹੋਇਆ ਕਿ ਪੰਜਾਬ ਯੂਨੀਵਰਸਿਟੀ ਦੀਆਂ ਵਿਦਿਆਰਥੀ ਜਥੇਬੰਦੀਆਂ ਨੇ ਯੂਨੀਵਰਸਿਟੀ ਅਧਿਕਾਰੀਆ ਦੇ ਦਫਤਰ ਅਗੇ ਰੋਹ ਭਰੇ ਧਰਨੇ ਮੁਜਾਹਰੇ ਅਰੰਭ ਦਿੱਤੇ ਹੋਰ ਤਾਂ ਹੋਰ ਵਿਦਿਆਰਥੀਆਂ ਨੇ ਆਪਣੇ ਧਰਨੇ ਵਾਲੀ ਥਾਂ ਤੇ ਖਾਕੀ ਨਿੱਕਰ ਟੰਗ ਦਿੱਤੀ ਤੇ ਇਹ ਭਾਸ਼ਨ ਦੇਣੇ ਅਰੰਭ ਕਰ ਦਿੱਤੇ ਕਿ ਪੰਜਾਬ ਯੂਨੀਵਰਸਿਟੀ ਦਾ ਭਗਵਾਂਕਰਨ ਕਦੇ ਨਹੀਂ ਹੋਣ ਦਿੱਤਾ ਜਾਵੇਗਾ ।ਇਸ ਦੇ ਨਾਲ ਉਨਾਂ ਨੇ ਪੰਜਾਬ ਦੀਆਂ ਕਿਸਾਨ ਜਥੇਬੰਦੀਆ ਸਮੇਤ ਸਭ ਨੂੰ 10 ਨਵੰਬਰ ਚੰਡੀਗੜ੍ਹ ਆਉਣ ਦੀ ਅਵਾਜ ਦੇ ਦਿੱਤੀ ਜਿਸ ਦਾ ਨਤੀਜਾ ਇਹ ਹੋਇਆ ਕਿ ਕੇਂਦਰ ਦੀ ਸਰਕਾਰ ਨੇ ਉਤੋਉੜਤੀ ਤਿੰਨ ਨੋਟੀਫੀਕੇਸ਼ਨ ਹੋਰ ਜਾਰੀ ਕਰ ਦਿੱਤੇ।ਦੂਜੇ ਆਰਡੀਨੈਂਸ ਵਿੱਚ ਸਰਕਾਰ ਵਲੋਂ ਇਹ ਕਿਹਾ ਗਿਆ ਕਿ ਉਹ ਜਾਰੀ ਕੀਤੇ ਨੋਟੀਫੀਕੇਸ਼ਨ ਨੂੰ ਵਾਪਿਸ ਲੈਂਦੀ ਹੈ ਉਸ ਤੋਂ ਤੁਰੰਤ ਬਾਅਦ ਤੀਜਾ ਨੋਟੀਫੀਕੇਸ਼ਨ ਜਾਰੀ ਕੀਤਾ ਜਿਸ ਵਿੱਚ ਇਹ ਕਹਿ ਦਿੱਤਾ ਗਿਆ ਕਿ ਇਹ ਨੋਟੀਫੀਕੇਸ਼ਨ ਕਦੋਂ ਲਾਗੂ ਕੀਤਾ ਜਾਵੇਗਾ ਇਸ ਦਾ ਨਿਰਨਾ ਬਾਅਦ ਵਿੱਚ ਲਿਆ ਜਾਵੇਗਾ ਕਿਉਂ ਕਿ ਵਿਦਿਆਰਥੀਆਂ ਦਾ ਸੰਘਰਸ਼ ਲਗਾਤਾਰ ਤੇਜ ਹੁੰਦਾ ਦੇਖਦਿਆਂ ਇੰਨੀ ਬੌਂਦਲ ਗਈ ਕਿ ਚੌਥਾ ਨੋਟੀਫੀਕੇਸ਼ਨ ਹੋਰ ਜਾਰੀ ਕਰਨ ਲਈ ਮਜਬੂਰ ਹੋਣਾ ਪਿਆ ਕਿ ਕੇਂਦਰ ਸਰਕਾਰ ਪੰਜਾਬ ਯੂਨੀਵਰਸਿਟੀ ਬਾਰੇ ਪਹਿਲੇ ਜਾਰੀ ਨੋਟੀਫੀਕੇਸ਼ਨ ਨੂੰ ਵਾਪਿਸ ਲੈਂਦੀ ਹੈ ਜਿਸ ਦਾ ਭਾਵ ਇਹ ਦਸਿਆ ਗਿਆ ਕਿ ਪੰਜਾਬ ਯੂਨੀਵਰਸਿਟੀ ਦੀ ਕਿਸੇ ਵੀ ਪਹਿਲਾਂ ਤੋਂ ਚਲੀ ਆ ਰਹੀ ਨੀਤੀ ਨੂੰ ਬਦਲਿਆ ਨਹੀਂ ਜਾਵੇਗਾ। ਕੇਂਦਰ ਸਰਕਾਰ ਦੀ ਬਦਨੀਤੀ ਨੂੰ ਭਾਂਪਦਿਆ ਵਿਦਿਆਰਥੀ ਜਥੇਬੰਦੀਆਂ ਨੇ ਧਰਨੇ ਨੂੰ ਬਕਾਇਦਾ ਜਾਰੀ ਰਖਦਿਆਂ ਇਹ ਐਲਾਨ ਕਰ ਦਿੱਤਾ ਕਿ ਜਿਨਾਂ ਚਿਰ ਕੇਂਦਰ ਦੀ ਸਰਕਾਰ ਪੰਜਾਬ ਯੂਨੀਵਰਸਿਟੀ ਦੀਆਂ ਸੀਨੇਟ ਦੀਆ ਚੋਣਾਂ ਦੀ ਤਾਰੀਖ ਨਹੀਂ ਮਿਥਦੀ ਇਹ ਸੰਘਰਸ਼ ਜਾਰੀ ਰਖਿਆ ਜਾਵੇਗਾ। 10 ਨਵੰਬਰ ਨੂੰ ਪੰਜਾਰ ਭਰ ਦੀਆਂ ਜਥੇਬੰਦੀਆਂ ਨੇ ਵਿਦਿਆਰਥੀਆਂ ਨੂੰ ਇਨਾ ਸਹਿਯੋਗ ਦੇ ਦਿੱਤਾ ਕਿ ਕੇਂਦਰ ਦੀ ਸਰਕਾਰ ਘਬਰਾ ਹੀ ਨਹੀਂ ਗਈ ਬਲਕਿ ਸੋਚਣ ਲਈ ਮਜਬੂਰ ਹੋ ਗਈ ਹੈ ਕਿ ਇਹ ਕੀ ਹੋ ਗਿਆ ?ਵਿਦਿਆਰਥੀ ਜਿਥੇ ਆਪਣੇ ਸੰਘਰਸ਼ ਨੂੰ ਤੇਜ ਤੇ ਹੋਰ ਤੇਜ ਕਰਦੇ ਆ ਰਹੇ ਹਨ।ਕੇਂਦਰ ਦੀ ਸਰਕਾਰ ਨੇ ਜਿਸ ਦਿਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ 350 ਵਾਂ ਸ਼ਹੀਦੀ ਸਮਾਗਮ ਮਨਾਇਆ ਜਾ ਰਿਹਾ ਹੈ ਉਦੋਂ ਇਹ ਇਕ ਹੋਰ ਐਲਾਨ ਕੱਢ ਮਾਰਿਆ ਹੈ ਕਿ ਉਹ ਸਰਦ ਰੁਤ ਦਾ ਸੈਸ਼ਨ ਜੋ ਦਸੰਬਰ 2025 ਵਿੱਚ ਹੋ ਰਿਹਾ ਉਸ ਦਿਨ ਭਾਰਤੀ ਕਾਨੂੰਨ ਵਿੱਚ ਤਬਦੀਲੀ ਕਰਕੇ ਚੰਡੀਗੜ੍ਹ ਨੂੰ ਹਮੇਸ਼ਾ ਲਈ ਪੰਜਾਬ ਤੋਂ ਖੋਹ ਕੇ ਉਸ ਕੇਂਦਰੀ ਸ਼ਾਸ਼ਤ ਬਣਾ ਕੇ ਗਵਰਨਰ ਦੀ ਥਾਂ ਤੇ ਲੈਫਟੀਨੈਂਟ ਗਵਰਨਰ ਲਗਾ ਕੇ ਚੰਡੀਗੜ੍ਹ ਨੂੰ ਪੰਜਾਬ ਤੋਂ ਸਦਾ ਲਈ ਉਸ ਦਾ ਹੱਕ ਖੋਹ ਲਵੇਗੀ ।ਕੇਂਦਰ ਦੀ ਭਾਜਪਾ ਸਰਕਾਰ ਦੇ ਇਸ ਐਲਾਨ ਨਾਲ ਸਮੂਹ ਪੰਜਾਬੀਆਂ ਦੇ ਮਨਾ ਅੰਦਰ ਗੁਸੇ ਦੀ ਲਹਿਰ ਇਥੋਂ ਤਕ ਪਰਬਲ ਕਰ ਦਿੱਤੀ ਕਿ ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਕੇਂਦਰ ਸਰਕਾਰ ਦੇ ਵਿਰੁੱਧ ਬਗਾਵਤ ਕਰ ਦਿੱਤੀ ਇਥੋਂ ਤਕ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ੍ਹ ਜਿਸ ਨੇ ਹਾਲ ਹੀ ਭਾਜਪਾ ਦੀ ਨੀਤੀ ਤੋਂ ਦੁੱਖੀ ਹੋ ਕੇ ਅਸਤੀਫਾ ਦਿੱਤਾ ਹੈ ਦੀ ਚਰਚਾ ਹੈ ਅਤੇ ਕੇਂਦਰ ਦੇ ਰੇਲਾਂ ਦੇ ਰਾਜ ਮੰਤਰੀ ਸ੍ਰੀ ਰਵਨੀਤ ਬਿੱਟੂ ਜਿਹੜਾਂ ਭਾਜਪਾ ਦੀ ਚਾਪਲੂਸੀ ਕਰਨ ਤੋਂ ਕਦੇ ਵੀ ਪਿਛੇ ਨਹੀਂ ਹਟਦਾ ਉਸ ਨੂੰ ਵੀ ਇਹ ਕਹਿਣਾ ਪਿਆ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ ,ਇਸ ਨੂੰ ਕਦੇ ਵੀ ਕੇਂਦਰ ਦੇ ਹਵਾਲੇ ਨਹੀਂ ਹੋਣ ਦਿਤਾ ਜਾਵੇਗਾ।ਪੰਜਾਬ ਦੀਆਂ ਸਾਰੀਆਂ ਬਾਗੀਆਨਾ ਸੁਰਾਂ ਨੂੰ ਦੇਖਦੇ ਹੋਏ ਕੇਂਦਰ ਦੀ ਸਰਕਾਰ ਨੂੰ ਫਿਰ ਯੂ ਟਰਨ ਲੈਣਾ ਪਿਆ ਉਸ ਨੂੰ ਇਹ ਬਿਆਨ ਦੇਣਾ ਪਿਆ ਹੈ ਕਿ ਉਹ ਇਸ ਸਰਦ ਰੁੱਤ ਵਿੱਚ ਚੰਡੀਗੜ੍ਹ ਸਬੰਧੀ ਕੋਈ ਸੋਧ ਬਿੱਲ ਨਹੀਂ ਲਿਆ ਰਹੀ।ਇਹ ਪੰਜਾਬ ਦੇ ਬਹਾਦਰ ਲੋਕ ਹੀ ਹਨ ਜਿਨਾਂ ਨੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਜਾਰੀ ਕੀਤੇ ਤਿੰਨ ਹੁਕਮ ਵਾਪਿਸ ਕਰਾਏ ਹਨ।ਪਹਿਲਾਂ ਕਿਸਾਨਾਂ ਦੇ ਤਿੰਨ ਬਿੱਲ , ਦੂਜਾ ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਅਧੀਨ ਕਰਨ ਵਾਲਾ ਤੇ ਤੀਜਾ ਹਾਲ ਹੀ ਜਾਰੀ ਕੀਤਾ ਹੁਕਮ ਚੰਡੀਗੜ੍ਹ ਸਬੰਧੀ।ਪੰਜਾਬ ਦੀਆਂ ਵਿਦਿਆਰਥੀ ਜਥੇਬੰਦੀਆਂ, ਰਾਜਨੀਤਕ ਪਾਰਟੀਆਂ ਨੂੰ ਹੁਣ ਪੂਰਾ ਚੌਕਸ ਰਹਿਣ ਦੇ ਨਾਲ ਆਪਣੀਆਂ ਸਫਾਂ ਨੂੰ ਤਿਆਰ ਬਰ ਤਿਆਰ ਰਹਿਣ ਲਈ ਕਹਿਣਾ ਪਿਆ ਹੈ ਕਿਉਂ ਕਿ ਕੇਂਦਰ ਦੀ ਨੀਤੀ ਪੰਜਾਬ ਪ੍ਰਤੀ ਬਦਨੀਤੀ ਭਰੀ ਹੋਣ ਦੇ ਨਾਲ ਸਾਫ ਤੇ ਸਪਸ਼ਟ ਨਹੀਂ ਹੈ ਉਹ ਕਿਸੇ ਸਮੇਂ ਵੀ ਪੰਜਾਬ ਵਿਰੁਧ ਕੋਈ ਨਿਰਨਾ ਲੈ ਸਕਦੀ ਹੈ।ਉਹ ਮੁਸਲਮਾਨਾਂ ਵਾਂਗ ਪੰਜਾਬ ਦੇ ਸਮੂਹ ਪੰਜਾਬੀਆਂ ਨੂੰ ਡਰਾ ਧਮਕਾ ਕੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣਾ ਚਾਹੁੰਦੀ ਹੈ ਕਿਉਂ ਕਿ ਇਸ ਸਮੇਂ ਜੇਕਰ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਵਿੱਚ ਕੋਈ ਵੱਡਾ ਅੜਿਕਾ ਹਨ ਤਾਂ ਉਹ ਪੰਜਾਬੀ ਹਨ ।ਜੇਕਰ ਇਹ ਆਖ ਲਈਏ ਕਿ ਨਰਿੰਦਰ ਮੋਦੀ 21 ਵੀਂ ਸਦੀ ਔਰੰਗਜੇਬ ਹੈ ਤਾਂ ਉਹ ਗਲਤ ਨਹੀਂ ਹੋਵੇਗਾ। ਮੋਦੀ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਔਰੰਗਜੇਬ ਨੇ ਜੋ ਜੁਲਮ ਕੀਤੇ ਸਨ ਤਾਂ ਉਸ ਦਾ ਕੀ ਹਸ਼ਰ ਹੋਇਆ ਸੀ ਕਿ ਥੋਹੜੇ ਜਿਹੇ ਸਮੇਂ ਵਿੱਚ ਮੁਗਲਾਂ ਦਾ ਰਾਜ ਖਤਮ ਹੋਇਆ ।ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਕੇ ਛੋਟੇ ਸਾਹਿਬ ਜਾਦਿਆ ਦੀ ਸਹੀਦੀ ਦਾ ਬਦਲਾ ਲਿਆ । ਬਾਅਦ ਵਿੱਚ ਉਹ ਹੀ ਬਾਬਾ ਬੰਦਾ ਸਿੰਘ ਬਹਾਦਰ ਸਿੱਖਾ ਦਾ ਪਹਿਲਾ ਬੇਤਾਜ ਬਾਦਸ਼ਾਹ ਬਣਿਆ ।ਸ੍ਰੀ ਨਰਿੰਦਰ ਮੋਦੀ ਨੂੰ ਵੀ ਚੰਗੀ ਤਰਾਂ ਸਮਝਣ ਦੇ ਨਾਲ ਜਾਣ ਲੈਣਾ ਚਾਹੀਦਾ ਹੈ ਕਿ ਉਸ ਦੇ ਜੁਲਮੀ ਰਾਜ ਨਾਲ ਵੀ ਇਹੋ ਕੁਝ ਹੋਣ ਤੋਂ ਕੋਈ ਰੋਕ ਨਹੀਂ ਸਕਦਾ ।ਭਾਜਪਾ ਤੇ ਰ ਸ ਸ ਸਮਝਦੀ ਹੈ ਕਿ ਉਸ ਨੇ ਮੁਸਲਮਾਨਾਂ ਨੂੰ ਡਰਾ ਲਿਆ ਹੈ ਜਿਹੜੇ ਕਿ 20-25 ਕਰੋੜ੍ਹ ਸਨ ਤੇ ਇਹ ਪੰਜਾਬੀ ਜਿਹੜੇ ਹੈ ਹੀ ਦੋ ਕਰੋੜ੍ਹ ਦੀ ਅਬਾਦੀ ਵਾਲੇ ਉਹ ਉਨਾਂ ਦਾ ਕੀ ਵਿਗਾੜ ਸਕਦੇ ਹਨ ? ਇਹ ਭਾਜਪਾ ਦਾ ਵਹਿਮ ਹੈ ਇਹ ਪੰਜਾਬ ਦੇ ਲੋਕ ਹੀ ਸਨ ਜਿਨਾਂ ਨੇ ਦੇਸ਼ ਨੂੰ ਅਜਾਦ ਕਰਾਉਣ ਲਈ 80% ਤੋਂ ਵਧੇਰੇ ਕੁਰਬਾਨੀਆਂ ਦਿੱਤੀਆਂ ਹਨ ਜਦੋਂ ਕਿ ਦੇਸ਼ ਦੀ ਅਜਾਦੀ ਦੇ ਸੰਗਰਾਮ ਸਮੇਂ ਇਹ ਰ ਸ ਸ ਵਾਲੇ ਜਿਹੜੇ ਇਸ ਸਮੇਂ ਭਾਰਤ ਵਿੱਚ ਰਾਜ ਕਰ ਰਹੇ ਹਨ ਅਜਾਦੀ ਦੀ ਲਹਿਰ ਵਿੱਚ ਅੰਗਰੇਜਾਂ ਦੀ ਚਾਪਲੂਸੀ ਕਰਦੇ ਹੀ ਨਹੀਂ ਰਹੇ ਬਲਕਿ ਇਹਨਾਂ ਦੇ ਸਿਰਕੱਢ ਲੀਡਰ ਜਿਨਾਂ ਵਿੱਚ ਇਕ ਕੁਝ ਸਮਾ ਦੇਸ਼ ਦਾ ਪ੍ਰਧਾਨ ਮੰਤਰੀ ਵੀ ਬਣਿਆ ਰਿਹਾ ਅੰਗਰੇਜਾਂ ਕੋਲ ਦੇਸ਼ ਭਗਤਾਂ ਨੂੰ ਫੜਾਉਂਦਾ ਰਿਹਾ ਸੀ ਹੈ, ਇਨਾਂ ਦਾ ਕੋਈ ਰ ਸ ਸ ਜਾਂ ਭਾਜਪਾ ਦਾ ਆਗੂ ਹੈ ਜਿਸ ਨੇ ਦੇਸ਼ ਦੀ ਅਜਾਦੀ ਵਿੱਚ ਕੋਈ ਯੋਗਦਾਨ ਪਾਇਆ ਹੋਵੇ ।ਹਾਂ ਇਕ ਨਾਂ ਨੂੰ ਜਰੂਰ ਗੱਜ ਵੱਜ ਕੇ ਪ੍ਰਚਾਰਦੇ ਆ ਰਹੇ ਹਨ "ਵੀਰ ਸਾਵਰਕਰ" ਜਿਸ ਨੂੰ ਭਾਜਪਾ ਸਰਕਾਰ ਭਾਰਤ ਦਾ ਸਰਬ ਉਚ ਪੁਰਸਕਾਰ ਵੀ ਦੇ ਚੁਕੀ ਹੈ ਇਹ ਉਹ ਮਹਾਨ ਲੀਡਰ ਇਨਾਂ ਦਾ "ਵੀਰ ਸਾਵਰਕਰ" ਸੀ ।ਇਸ ਯੋਧੇ ਨੇ ਚਾਰ ਵਾਰ ਅੰਗਰੇਜਾਂ ਤੋਂ ਮੁਆਫੀ ਮੰਗੀ ਸੀ ਤੇ ਫਿਰ ਜੇਲ੍ਹ ਤੋਂ ਰਿਹਾ ਹੋ ਕੇ ਆਇਆ ਸੀ ਤੇ ਬਾਰ ਬਾਰ ਅੰਗਰੇਜਾਂ ਨੂੰ ਇਹ ਕਹਿੰਦਾ ਰਿਹਾ ਸੀ ਕਿ "ਉਹ ਤਾਂ ਤੁਹਾਡਾ ਭਾਵ ਅੰਗਰੇਜਾਂ ਦਾ ਭਗਤ ਹੈ ,ਉਸ ਦਾ ਦੇਸ਼ ਦੀ ਅਜਾਦੀ ਨਾਲ ਨੇੜੇ ਦਾ ਕੋਈ ਵਾਹ ਵਾਸਤਾ ਨਹੀਂ ਹੈ"। ਭਾਜਪਾ ਦੀ ਇਕੋ ਇਕ ਨੀਤੀ ਹੈ ਕਿ ਹਿੰਦੂਆਂ,ਮੁਸਲਮਾਨਾਂ ਨੂੰ ਲੜਾਓ ਤੇ ਦੇਸ਼ ਤੇ ਰਾਜ ਕਰੋ ਹੁਣ ਇਨਾਂ ਨੇ ਪੰਜਾਬ ਦੇ ਮਸਲੇ ਨੂੰ ਲੈ ਕੇ ਹਿੰਦੂਆਂ,ਸਿੱਖਾਂ ਤੇ ਮੁਸਲਮਾਨਾਂ ਨੂੰ ਆਪਸ ਵਿੱਚ ਲੜਾ ਕੇ ਆਪਣਾ ਉਲੂ ਸਿੱਧਾ ਕਰਨਾ ਚਾਹੁੰਦੀ ਹੈ।ਪਰ ਇਨਾਂ ਭਾਜਪਾਈਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ।ਇਥੇ ਉਹ ਹਿੰਦੂਆਂ,ਸਿੱਖਾਂ ਤੇ ਮੁਸਲਮਾਨਾਂ ਦੀ ਆਪਸੀ ਸਾਂਝ ਨੂੰ ਖਤਮ ਨਹੀਂ ਕਰ ਸਕਦੀ।ਕਿੰਨਾ ਹੀ ਚੰਗਾ ਹੁੰਦਾ ਜੇਕਰ ਦੇਸ਼ ਦੀਆਂ ਸਾਰੀਆਂ ਵਿਰੋਧੀ ਪਾਰਟੀਆਂ ਜਦੋਂ ਮੁਸਲਮਾਨਾਂ ਦੀ ਧਾਰਾ 370 ਤੇ ਧਾਰਾ 35 ਏ ਖਤਮ ਕੀਤੀ ਗਈ ਸੀ ਉਸ ਵੇਲੇ ਮੁਸਲਮਾਨਾਂ ਨਾਲ ਹਿੱਕ ਡਾਹ ਖਲੋਂਦੀਆਂ। ਪਿਛਲੇ 10-11 ਸਾਲ ਦੇ ਸਮੇਂ ਵਿੱਚ ਦੇਸ਼ ਦੇ ਲੋਕਾਂ ਨੇ ਭਾਜਪਾ ਦਾ ਫਿਰਕੂ ਚਿਹਰਾ ਵੇਖ ਲਿਆ ਹੈ ।ਹਾਲੇ ਵੀ ਡੁੱਲੇ ਬੇਰਾਂ ਦਾ ਕੁਝ ਨਹੀਂ ਵਿਗੜਿਆ । ਪੰਜਾਬ ਦੇ ਮਸਲੇ ਚਾਹੇ ਕਿਸਾਨਾਂ ਦੇ ਕਾਲੇ ਕਾਨੂੰਨ ਹਨ ਚਾਹੇ ਪੰਜਾਬ ਯੂਨੀਵਰਸਿਟੀ ਦਾ ਮਸਲਾ ਹੈ ਜਾਂ ਫਿਰ ਚੰਡੀਗੜ੍ਹ ਪੰਜਾਬ ਕੋਲੋਂ ਖੋਹਣ ਦਾ ਮਸਲਾ ਹੈ ਇਹ ਇਨ ਬਿਨ ਕਾਇਮ ਹਨ ਭਾਜਪਾ ਦੀ ਮੋਦੀ ਸਰਕਾਰ ਨੇ ਇਨਾਂ ਤੇ ਵਕਤੀ ਤੌਰਤੇ ਚੁੱਪ ਧਾਰੀ ਹੋਈ ਹੈ ਉਹ ਇਨਾਂ ਨੂੰ ਕਿਸੇ ਸਮੇਂ ਵੀ ਲਾਗੂ ਕਰਕੇ ਪੰਜਾਬ ਨੂੰ ਨੁਕਸਾਨ ਪਹੁੰਚਾ ਸਕਦੀ ਹੈ ।ਇਸ ਕਰਕੇ ਸਮੂਹ ਪੰਜਾਬੀਆਂ ,ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਆਪਸ ਵਿੱਚ ਇਕੱਠਿਆਂ ਹੋਣਾ ਪੈਣਾ ਹੈ ਤਾਂ ਜੋ ਮੋਦੀ ਵਲੋਂ ਪੰਜਾਬ ਉਤੇ ਢਾਹੇ ਜਾਣ ਵਾਲੇ ਸਾਰੇ ਜੁਲਮਾਂ ਨੂੰ ਠੋਕਵੀਂ ਭਾਂਜ ਦਿੱਤੀ ਜਾ ਸਕੇ ।







# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




NOW OPEN
Tandoori FLAVORS
NOW OPEN
MARINATE MEAT SHOP
ਮੇਰੀਨੇਟ ਮੀਟ ਸ਼ੋਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫੂਡ ਤੇ ਮੈਰੀਨੇਟ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
''ਅਸੀਂ ਆਪਣੇ ਖਾਣੇ 'ਚ ਫੂਡ-ਕਲਰ ਨਹੀਂ ਵਰਤਦੇ।''
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com

# "ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?


FARMERS INSURANCE

## ਨਵਨੀਤ ਕੌਰ INSURANCE AGENCY

------------ "ਤੁਹਾਡਾ ਸੁਆਗਤ ਹੈ" ------------

"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :

ਆਟੋ





ਹੋਮ



ਲਾਈਫ



ਵਪਾਰਕ ਇੰਸ਼ੋਰੈਂਸ



"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"

Get a free Quote



KANWALJIT SINGH
(Insurance Agent)


"ਸਾਡੇ ਨਾਲ ਸੰਪਰਕ ਕਰੋ :


ਫ਼ੋਨ ਨੰਬਰ: (209) 672-4539

ਪਤਾ :- 17416 Murphy Pkwy, Lathrop, CA 95330



ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


Pal Films
Production
All Your Photo/Videography &
Post Production needs Under One Roof
PF
RED PRO 5.0
RED
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

# ਅਰੋਗ ਮਨ ਖ਼ੁਸ਼ੀ ਦਾ ਆਧਾਰ

ਮਨੁੱਖ ਆਪਣੇ ਸਰੀਰ ਨੂੰ ਨਿਰੋਗ ਰੱਖਣ ਲਈ ਕਈ ਤਰ੍ਹਾਂ ਦੇ ਉਪਰਾਲੇ ਕਰਦਾ ਹੈ। ਵਧੀਆ ਖ਼ੁਰਾਕ ਲੈਂਦਾ ਹੈ,ਕਸਰਤ ਕਰਦਾ ਹੈ ਅਤੇ ਆਪਣੀ ਸਰੀਰਕ ਸੁੰਦਰਤਾ ਵਧਾਉਣ ਲਈ ਸੌ ਤਰ੍ਹਾਂ ਦੇ ਹੋਰ ਓਹੜ-ਪੋਹੜ ਕਰਦਾ ਹੈ। ਹਰ ਵਿਅਕਤੀ ਨੂੰ ਸਰੀਰਕ ਤੌਰ ਤੇ ਸੁੰਦਰ ਲੱਗਣਾ ਵੀ ਚਾਹੀਦਾ ਹੈ।

ਜਿਸ ਤਰ੍ਹਾਂ ਸਰੀਰ ਨੂੰ ਨਿਰੋਗ ਰੱਖਣ ਲਈ ਵਧੀਆ ਖ਼ੁਰਾਕ ਦੀ ਜ਼ਰੂਰਤ ਹੁੰਦੀ ਹੈ ਉਸੇ ਤਰ੍ਹਾਂ ਮਨ ਨੂੰ ਤੰਦਰੁਸਤ ਰੱਖਣ ਵਾਸਤੇ ਵੀ ਚੰਗੀ ਖ਼ੁਰਾਕ ਦੀ ਲੋੜ ਹੁੰਦੀ ਹੈ।ਜੇ ਮਨੁੱਖ ਮਾਨਸਿਕ ਤੌਰ ਤੇ ਰਿਸ਼ਟ-ਪੁਸ਼ਟ ਹੋਵੇਗਾ ਤਾਂ ਹੀ ਉਹ ਸਰੀਰਕ ਪੱਖੋਂ ਤੰਦਰੁਸਤ ਰਹਿ ਸਕਦਾ ਹੈ। ਕਿਸੇ ਵੀ ਮਨੁੱਖ ਦੀ ਮਨੋਦਸ਼ਾ ਨੂੰ ਉਸ ਦਾ ਚਿਹਰਾ ਬਿਆਨ ਕਰ ਦਿੰਦਾ ਹੈ।ਜੇ ਕਿਸੇ ਵਿਅਕਤੀ ਦਾ ਮਨ ਉਦਾਸ ਹੁੰਦਾ ਹੈ ਤਾਂ ਉਸ ਦਾ ਚਿਹਰਾ ਵੀ ਮੁਰਝਾ ਜਾਂਦਾ ਹੈ।ਜੇ ਕਿਸੇ ਵਿਅਕਤੀ ਦਾ ਮਨ ਖੁਸ਼ ਹੋਏ ਤਾਂ ਉਸ ਦਾ ਚਿਹਰਾ ਵੀ ਖਿੜਿਆ ਖਿੜਿਆ ਦਿਸਦਾ ਹੈ। ਇਸ ਤਰ੍ਹਾਂ ਸਾਰਿਆਂ ਨੂੰ ਸਰੀਰ ਦੇ ਨਾਲ ਨਾਲ ਮਨ ਦਾ ਵੀ ਧਿਆਨ ਰੱਖਣਾ ਵੀ ਜ਼ਰੂਰੀ ਹੈ।

ਪਦਾਰਥਵਾਦੀ ਯੁੱਗ ਹੋਣ ਕਰਕੇ ਮਨੁੱਖ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਦਿਨ ਭਰ ਮਿਹਨਤ ਕਰਦਾ ਹੈ। ਸਵੇਰ ਤੋਂ ਸ਼ਾਮ ਤੱਕ ਭੱਜ ਦੌੜ ਵਾਲ਼ੀ ਜ਼ਿੰਦਗੀ ਵਿੱਚ ਮਨੁੱਖ ਨੇ ਆਪਣੇ ਸਰੀਰ ਨੂੰ ਇੱਕ ਮਸ਼ੀਨ ਹੀ ਬਣਾ ਲਿਆ ਹੈ। ਜਿੰਨੀ ਤੇਜ਼ੀ ਨਾਲ ਸਰੀਰ ਰੂਪੀ ਮਸ਼ੀਨ ਚੱਲਦੀ ਹੈ ਓਨਾ ਹੀ ਤੇਜ਼ੀ ਨਾਲ ਉਸ ਵਿੱਚ ਬੈਠਾ ਮਨ ਦੌੜ ਰਿਹਾ ਹੁੰਦਾ ਹੈ। ਸਰੀਰ ਅਤੇ ਮਨ ਦੀ ਤੇਜ਼ ਰਫ਼ਤਾਰੀ ਕਾਰਨ ਮਨੁੱਖ ਅੰਦਰ ਮਾਨਸਿਕ ਤਣਾਓ ਵੱਧਦਾ ਜਾ ਰਿਹਾ ਜਿਸ ਕਰਕੇ ਉਹ ਡਿਪਰੈਸ਼ਨ ਜਿਹੀਆਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦਾ ਹੈ।

ਅੱਜ ਕੱਲ੍ਹ ਡਿਪਰੈਸ਼ਨ ਵਰਗੀਆਂ ਬਿਮਾਰੀਆਂ ਮਨੁੱਖ ਲਈ ਘਾਤਕ ਸਿੱਧ ਹੁੰਦੀਆਂ ਹਨ। ਸੋ ਆਪਣੇ ਮਨ ਨੂੰ ਤੰਦਰੁਸਤ ਰੱਖਣ ਲਈ ਮਨੁੱਖ ਨੂੰ ਕੀ ਕਰਨਾ ਚਾਹੀਦਾ ਹੈ,ਇਸ ਬਾਰੇ ਵਿਚਾਰ ਕਰਦੇ ਹਾਂ।

ਮਨ ਨੂੰ ਵੀ ਸਰੀਰ ਵਾਂਗ ਪੌਸ਼ਟਿਕ ਖ਼ੁਰਾਕ ਦੀ ਜ਼ਰੂਰਤ ਹੁੰਦੀ ਹੈ।ਮਨ ਦੀ ਪੌਸ਼ਟਿਕ ਖ਼ੁਰਾਕ ਉਸ ਦੇ ਸ਼ੁੱਧ ਵਿਚਾਰ ਹੁੰਦੇ ਹਨ। ਮਨੁੱਖ ਦੇ ਮਨ ਅੰਦਰ ਜਿਹੋ ਜਿਹੇ ਵਿਚਾਰ ਪੈਦਾ ਹੁੰਦੇ ਹਨ ਉਸੇ ਤਰ੍ਹਾਂ ਦਾ ਉਹ ਆਪਣੇ ਆਲ਼ੇ ਦੁਆਲ਼ੇ ਦਾ ਵਾਤਾਵਰਨ ਸਿਰਜ ਰਿਹਾ ਹੁੰਦਾ ਹੈ।ਜੇ ਕੋਈ ਵਿਅਕਤੀ ਚੰਗੇ ਵਿਚਾਰਾਂ ਦਾ ਧਾਰਨੀ ਹੋਵੇਗਾ ਤਾਂ ਉਹ ਸਹਿਜੇ ਹੀ ਮਾਨਸਿਕ ਤੌਰ ਤੇ ਰਿਸ਼ਟਪੁਸ਼ਟ ਰਹਿ ਸਕੇਗਾ।

ਆਪਣੇ ਮਨ ਅੰਦਰ ਵਧੀਆ ਵਿਚਾਰ ਪੈਦਾ ਕਰਨ ਲਈ ਚੰਗੀਆਂ ਸ਼ਖ਼ਸੀਅਤਾਂ ਬਾਰੇ ਪੜ੍ਹਨਾ ਜਾਂ ਸੁਣਨਾ,ਟੀ.ਵੀ ਉੱਪਰ ਪ੍ਰੇਰਨਾਦਾਇਕ ਪ੍ਰੋਗਰਾਮ ਵੇਖਣਾ ਅਤੇ ਵਧੀਆ ਵਧੀਆ ਕੰਮ ਕਰਨਾ ਆਦਿ। ਇਸ ਤਰ੍ਹਾਂ ਕਰਨ ਨਾਲ ਜ਼ਿੰਦਗੀ ਨੂੰ ਸਹੀ ਸੇਧ ਮਿਲਦੀ ਹੈ, ਮਨੁੱਖ ਨੂੰ ਪ੍ਰੇਰਨਾ ਮਿਲਦੀ ਹੈ ਅਤੇ ਮਨ ਕੁਝ ਚੰਗਾ ਕਰਨ ਲਈ ਤਿਆਰ ਹੁੰਦਾ ਹੈ।

ਸਰੀਰ ਵਾਂਗ ਮਨ ਨੂੰ ਵੀ ਕਸਰਤ ਦੀ ਲੋੜ ਹੁੰਦੀ ਹੈ।ਮਨ ਦੀ ਕਸਰਤ ਕਰਨ ਲਈ ਹਰ ਸਮੇਂ ਉਸ ਨੂੰ ਜਾਗਰੂਕ ਰੱਖਣਾ ਪੈਂਦਾ ਹੈ। ਆਪਣੇ ਅੰਦਰ ਪੈਦਾ ਹੋਣ ਵਾਲੇ ਨਾਕਾਰਾਤਮਕ ਵਿਚਾਰਾਂ ਨੂੰ ਦੂਰ ਕਰਨ ਲਈ ਸਾਕਾਰਾਤਮਕ ਸੋਚ ਪੈਦਾ ਕਰਨੀ ਚਾਹੀਦੀ ਹੈ।ਵਾਰ ਵਾਰ ਸਾਕਾਰਾਤਮਕ ਦ੍ਰਿਸ਼ਟੀਕੋਣ ਅਤੇ ਚਿੰਤਨ ਦਾ ਅਭਿਆਸ ਕਰਕੇ ਨਾਕਾਰਾਤਮਕ ਵਿਚਾਰਾਂ ਨੂੰ ਦੂਰ ਕਰਨਾ ਹੀ ਮਨ ਦੀ ਵਧੀਆ ਕਸਰਤ ਹੈ ਜਿਸ ਨਾਲ ਮਨ ਦਾ ਸੰਤੁਲਨ ਬਣਿਆ ਰਹਿੰਦਾ ਹੈ। ਇਸ ਤਰ੍ਹਾਂ ਕਰਨ ਨਾਲ ਮਨ ਖ਼ੁਸ਼ ਅਤੇ ਤੰਦਰੁਸਤ ਰਹਿੰਦਾ ਹੈ। ਚੰਗਾ ਸੋਚਣਾ, ਚੰਗਾ ਬੋਲਣਾ ਅਤੇ ਚੰਗਾ ਸੁਣਨਾ ਸਾਕਾਰਾਤਮਕ ਗੁਣ ਹੀ ਹੁੰਦੇ ਹਨ।

ਇਸ ਦੇ ਨਾਲ ਹੀ ਮਨੁੱਖ ਨੂੰ ਨਿਮਰਤਾ ਭਰਪੂਰ ਬਣਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਮਨੁੱਖ ਨੂੰ ਆਪਣੇ ਅੰਦਰੋਂ ਈਰਖਾ, ਸਾੜਾ, ਗੁੱਸਾ, ਬਦਲਾਖੋਰੀ, ਕਰੋਧ ਆਦਿ ਭਾਵਨਾਵਾਂ ਦੂਰ ਕਰਨੀਆਂ ਚਾਹੀਦੀਆਂ ਹਨ।ਇਹ ਉਹ ਬੁਰਾਈਆਂ ਹੁੰਦੀਆਂ ਹਨ ਜੋ ਮਨੁੱਖ ਨੂੰ ਅੰਦਰੋਂ ਅੰਦਰ ਘੁਣ ਵਾਂਗ ਖਾਂਦੀਆਂ ਹਨ। ਅੰਦਰੋਂ ਖਿੱਝੇ ਸੜੇ ਮਨੁੱਖ ਦਾ ਮਨ ਕਦੇ ਵੀ ਤੰਦਰੁਸਤ ਨਹੀਂ ਹੋ ਸਕਦਾ। ਕੋਸ਼ਿਸ਼ ਕੀਤੀ ਜਾਵੇ ਕਿ ਤਣਾਓ ਪੈਦਾ ਕਰਨ ਵਾਲੀਆਂ ਗੱਲਾਂ ਨੂੰ ਹਲਕੇ ਵਿੱਚ ਲਿਆ ਜਾਵੇ। ਨਿੱਕੀ ਜਿਹੀ ਗੱਲ ਨੂੰ ਲੰਮਾ ਖਿੱਚਣ ਨਾਲ ਮਨੁੱਖ ਖ਼ੁਦ ਤਾਂ ਤਣਾਓ ਦੀ ਸਥਿਤੀ ਵਿੱਚ ਆਉਂਦਾ ਹੀ ਹੈ ਨਾਲ ਆਪਣੇ ਆਲੇ-ਦੁਆਲੇ ਦਾ ਵਾਤਾਵਰਨ ਵੀ ਤਣਾਅ ਭਰਪੂਰ ਕਰ ਦਿੰਦਾ ਹੈ।

ਆਪਣੇ ਮਨ ਦੀ ਸਥਿਤੀ ਨੂੰ ਠੀਕ ਰੱਖਣ ਲਈ ਕਿਸੇ ਵੀ ਵਿਅਕਤੀ ਨੂੰ ਬੀਤੇ ਸਮੇਂ ਵਿੱਚ ਵਾਪਰੀਆਂ ਅਜਿਹੀਆਂ ਘਟਨਾਵਾਂ ਨੂੰ ਵਾਰ-ਵਾਰ ਯਾਦ ਨਹੀਂ ਕਰਨਾ ਚਾਹੀਦਾ ਜੋ ਉਸ ਨੂੰ ਦੁੱਖ ਦਿੰਦੀਆਂ ਹੋਣ ਜਿਵੇਂ ਕਿਸੇ ਦਾ ਬੁਰਾ ਬੋਲਣਾ, ਲੜਾਈ, ਕਿਸੇ ਦਾ ਧੋਖਾ ਦੇਣਾ ਆਦਿ।

ਆਪਣੇ ਮਨ ਨੂੰ ਤੰਦਰੁਸਤ ਰੱਖਣ ਵਾਸਤੇ ਮਨੁੱਖ ਨੂੰ ਬੀਤੇ ਹੋਏ ਸਮੇਂ ਦੇ ਬੁਰੇ ਅਨੁਭਵਾਂ ਨੂੰ ਭੁਲਾ ਕੇ ਅੱਗੇ ਵਧੀਆ ਦੀ ਉਮੀਦ ਨਾਲ ਅੱਗੇ ਵਧਦੇ ਰਹਿਣਾ ਚਾਹੀਦਾ ਹੈ। ਸੋ ਮਨ ਦੀ ਅਵਸਥਾ ਠੀਕ ਰੱਖਣ ਲਈ ਜੇ ਇਹਨਾਂ ਸਭ ਗੱਲਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ ਤਾਂ ਹੀ ਮਨੁੱਖ ਤਣਾਓ ਭਰਪੂਰ ਮਾਹੌਲ ਤੋਂ ਦੂਰ ਹੋ ਸਕਦਾ ਹੈ ਅਤੇ ਸਦਾ ਖ਼ੁਸ਼ ਰਹਿ ਸਕਦਾ ਹੈ।







RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਜਰੂਰ ਮਿਲੋ
COMMERCIAL and RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential & Commercial
(317) 513-9456
jsamra@jassamra.com
www.jassamra.com
8555 N. River Rd. Suite 200 Indianapolis, IN 46240
Real Estate Lic Number Each Office Independently Owned And Operated


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਬਨਾਰਸ ਨੂੰ ਵਾਰਾਣਸੀ ਕਿਉਂ ਕਿਹਾ ਜਾਂਦਾ ਹੈ?

ਜਦੋਂ ਤੋਂ ਐਸਐਸ ਰਾਜਾਮੌਲੀ ਦੀ ਆਉਣ ਵਾਲੀ ਫਿਲਮ 'ਵਾਰਾਣਸੀ' ਸੁਰਖੀਆਂ ਵਿੱਚ ਆਈ ਹੈ, ਉਦੋਂ ਤੋਂ ਇਹ ਸ਼ਹਿਰ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਮਹੇਸ਼ ਬਾਬੂ ਅਤੇ ਪ੍ਰਿਯੰਕਾ ਚੋਪੜਾ 'ਵਾਰਾਣਸੀ' ਫਿਲਮ ਵਿੱਚ ਮੁੱਖ ਭੂਮਿਕਾ ਵਿੱਚ ਨਜ਼ਰ ਆਉਣਗੇ। ਇਸ ਫਿਲਮ ਦੇ ਚਰਚਿਤ ਹੁੰਦਿਆਂ ਹੀ, ਲੋਕਾਂ ਵਿੱਚ ਇਹ ਜਾਣਨ ਦੀ ਉਤਸੁਕਤਾ ਵਧ ਗਈ ਹੈ ਕਿ ਇਸ ਸ਼ਹਿਰ ਦੀ ਕੀ ਖਾਸੀਅਤ ਹੈ ਅਤੇ ਵਾਰਾਣਸੀ ਨਾਮ ਦਾ ਕੀ ਅਰਥ ਹੈ।

ਆਓ, ਅੱਜ ਇਸ ਸ਼ਹਿਰ ਬਾਰੇ ਕੁਝ ਜਾਣਨ ਦੀ ਕੋਸ਼ਿਸ਼ ਕਰਦੇ ਹਾਂ: ਵਾਰਾਣਸੀ ਹਿੰਦੂ ਧਰਮ ਦੇ ਸਭ ਤੋਂ ਪਵਿੱਤਰ ਸ਼ਹਿਰਾਂ ਵਿੱਚੋਂ ਇੱਕ ਹੈ, ਜਿਸਨੂੰ ਮੁਕਤੀ ਦੀ ਨਗਰੀ ਅਤੇ ਭਗਵਾਨ ਸ਼ਿਵ ਦਾ ਨਿਵਾਸ-ਸਥਾਨ ਮੰਨਿਆ ਜਾਂਦਾ ਹੈ।ਇਹ ਸ਼ਹਿਰ ਆਪਣੇ ਧਾਰਮਿਕ, ਸੱਭਿਆਚਾਰਕ ਅਤੇ ਅਧਿਆਤਮਿਕ ਮਹੱਤਵ ਲਈ ਮਸ਼ਹੂਰ ਹੈ। ਇਹ ਗੰਗਾ ਨਦੀ ਦੇ ਕੰਢੇ ਤੇ ਸਥਿਤ ਸਭ ਤੋਂ ਪਵਿੱਤਰ ਸ਼ਹਿਰਾਂ ਵਿੱਚੋਂ ਇੱਕ ਹੈ ਅਤੇ ਕਾਸ਼ੀ ਵਿਸ਼ਵਨਾਥ ਮੰਦਰ ਵਰਗੇ ਮਹੱਤਵਪੂਰਨ ਮੰਦਰਾਂ ਦਾ ਘਰ ਹੈ।

ਵਾਰਾਣਸੀ ਦਾ ਨਾਮ ਵਰੁਣਾ ਅਤੇ ਅਸੀ ਨਾਂ ਦੀਆਂ ਦੋ ਨਦੀਆਂ ਤੋਂ ਬਣਿਆ ਹੈ, ਜੋ ਇਸ ਸ਼ਹਿਰ ਦੇ ਉੱਤਰੀ ਅਤੇ ਦੱਖਣੀ ਪਾਸੇ ਵਗਦੀਆਂ ਹਨ। ਇਸ ਤਰ੍ਹਾਂ ਵਾਰਾਣਸੀ ਦਾ ਅਰਥ ਹੈ ਦੋ ਨਦੀਆਂ ਵਰੁਣਾ ਅਤੇ ਅਸੀ ਦੇ ਵਿਚਕਾਰ ਦੀ ਜਗ੍ਹਾ। ਵਾਰਾਣਸੀ ਨੂੰ ਕਾਸ਼ੀ ਅਤੇ ਬਨਾਰਸ ਵੀ ਕਿਹਾ ਜਾਂਦਾ ਹੈ।

ਵਾਰਾਣਸੀ ਦਾ ਅਸਲ ਨਾਮ ਬਨਾਰਸ ਸੀ, ਜਿਸਨੂੰ 24 ਮਈ 1956 ਨੂੰ ਵਾਰਾਣਸੀ ਵਿੱਚ ਬਦਲ ਦਿੱਤਾ ਗਿਆ ਸੀ। ਹਾਲਾਂਕਿ ਇਹ ਸ਼ਹਿਰ ਅਜੇ ਵੀ ਕਾਸ਼ੀ ਜਾਂ ਬਨਾਰਸ ਦੇ ਨਾਵਾਂ ਨਾਲ ਜਾਣਿਆ ਜਾਂਦਾ ਹੈ। ਬਨਾਰਸ ਨਾਮ ਮੁਗਲਾਂ ਅਤੇ ਅੰਗਰੇਜ਼ਾਂ ਦੇ ਰਾਜ ਦੌਰਾਨ ਪ੍ਰਸਿੱਧ ਹੋਇਆ ਸੀ।

ਬਨਾਰਸ ਦਾ ਨਾਮ ਬਨਾਰ ਰਾਜਾ ਦੇ ਨਾਮ ਤੇ ਰੱਖਿਆ ਗਿਆ ਹੈ। ਇਹ ਮੰਨਿਆ ਜਾਂਦਾ ਹੈ ਕਿ ਬਨਾਰ ਰਾਜਾ ਮੁਹੰਮਦ ਗੌਰੀ ਦੇ ਹਮਲੇ ਵਿੱਚ ਮਾਰਿਆ ਗਿਆ ਸੀ। ਇਹ ਵੀ ਕਿਹਾ ਜਾਂਦਾ ਹੈ ਕਿ ਮੁਗਲਾਂ ਨੇ ਸ਼ਹਿਰ ਦੀ ਰੰਗ-ਬਿਰੰਗੀ ਜੀਵਨ ਸ਼ੈਲੀ ਤੋਂ ਪ੍ਰੇਰਿਤ ਹੋ ਕੇ ਇਸ ਸ਼ਹਿਰ ਦਾ ਨਾਮ ਬਨਾਰਸ ਰੱਖਿਆ ਸੀ। ਧਾਰਮਕ ਵਿਸ਼ਵਾਸ ਇਹ ਵੀ ਹੈ ਕਿ ਵਾਰਾਣਸੀ ਵਿੱਚ ਮਰਨ ਨਾਲ ਮੁਕਤੀ ਮਿਲਦੀ ਹੈ।

'ਕਾਸ਼ੀ' ਨਾਮ ਸੰਸਕ੍ਰਿਤ ਸ਼ਬਦ "ਕਾਸ਼" ਤੋਂ ਬਣਿਆ ਹੈ, ਜਿਸਦਾ ਅਰਥ ਹੈ ਚਮਕਣਾ ਜਾਂ ਰੌਸ਼ਨੀ। ਇਸ ਤਰ੍ਹਾਂ ਕਾਸ਼ੀ ਦਾ ਅਰਥ ਹੈ ਚਮਕਦੀ ਨਗਰੀ ਜਾਂ ਰੌਸ਼ਨੀ ਦਾ ਸ਼ਹਿਰ। ਇੱਕ ਪੌਰਾਣਿਕ ਕਥਾ ਅਨੁਸਾਰ ਇਹ ਨਾਮ ਰਾਜਾ ਕਾਸ਼ ਦੇ ਨਾਂ ਤੇ ਪਿਆ ਹੈ, ਜਿਸਨੇ ਇਸਦੀ ਸਥਾਪਨਾ ਕੀਤੀ ਸੀ।



ਸਾਂਝੀ ਸੋਚ
ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.

# ਏਡਜ਼ ਤੋਂ ਪਰਹੇਜ਼ ਜ਼ਰੂਰੀ

ਸਮੇਂ ਦੇ ਬਦਲਣ ਨਾਲ ਜੀਵਨ ਸ਼ੈਲੀ ਵਿੱਚ ਆ ਰਹੇ ਬਦਲਾਅ ਕਰਕੇ ਸ਼ਰੀਰ ਦੀ ਰੋਗਾਣੂਆਂ ਨਾਲ ਲੜਨ ਦੀ ਸ਼ਕਤੀ ਵਿੱਚ ਗਿਰਾਵਟ ਆਈ ਹੈ ਜਿਸਦਾ ਮੁੱਖ ਕਾਰਣ ਰੋਜ਼ਾਨਾ ਜ਼ਿੰਦਗੀ ਵਿੱਚੋਂ ਸੰਤੁਲਿਤ ਭੋਜਨ ਦੀ ਅਣਹੋਂਦ ਅਤੇ ਸ਼ਰੀਰਕ ਕਸਰਤ ਦਾ ਮਨਫੀ ਹੋਣਾ ਹੈ। ਸੰਤੁਲਿਤ ਭੋਜਨ ਅਜਿਹਾ ਭੋਜ਼ਨ ਹੈ ਜਿਸ ਵਿੱਚ ਸ਼ਰੀਰ ਨੂੰ ਲੋੜ ਅਨੁਸਾਰ ਸਾਰੇ ਪੌਸ਼ਟਿਕ ਤੱਤ ਮੌਜੂਦ ਹੁੰਦੇ ਹਨ।ਸੰਤੁਲਿਤ ਭੋਜਨ ਅਤੇ ਸ਼ਰੀਰਕ ਕਸਰਤ ਦਾ ਕੰਮ ਕੇਵਲ ਸਰੀਰ ਨੂੰ ਰਿਸਟ ਪੁਸ਼ਟ ਰੱਖਣਾ ਨਹੀਂ ਸਗੋਂ ਨਵੇਂ ਸੈੱਲਾਂ ਨੂੰ ਬਣਨ ਵਿੱਚ ਮਦਦ ਕਰਨਾ ਅਤੇ ਸ਼ਰੀਰ ਦਾ ਸੰਤੁਲਨ ਬਣਾਈ ਰੱਖਣ ਲਈ ਵੀ ਜ਼ਰੂਰੀ ਹੈ। ਮਨੁੱਖੀ ਜੀਵਨ ਸ਼ੈਲੀ ਵਿੱਚ ਵਧ ਰਹੀ ਭੱਜ ਦੌੜ ਅਤੇ ਸਮੇਂ ਦੀ ਕਮੀਂ ਨੇ ਮਨੁੱਖ ਨੂੰ ਬਿਮਾਰ ਹੋਣ ਲਈ ਸਮਾਂ ਕੱਢਣ ਲਈ ਮਜ਼ਬੂਰ ਕਰ ਦਿੱਤਾ ਹੈ। ਹਸਪਤਾਲ ਵਿੱਚ ਜਾਂਦੇ ਹਾਂ ਤਾਂ ਮਰੀਜ਼ਾਂ ਦੀ ਭੀੜ ਹੈ ਜਿਸ ਤੋਂ ਦੇਖ ਕਿ ਪਤਾ ਲੱਗਦਾ ਹੈ ਕਿ ਸਾਡੇ ਆਲੇ ਦੁਆਲੇ ਕਿੰਨੇ ਹਸਪਤਾਲ ਹਨ ਅਤੇ ਸਾਰੇ ਹੀ ਹਸਪਤਾਲ ਮਰੀਜ਼ਾਂ ਨਾਲ ਭਰੇ ਪਏ ਹਨ ਜਿਥੇ ਆਪਣੀ ਵਾਰੀ ਉਡੀਕਣ ਲਈ ਲੰਮੀਆਂ ਕਤਾਰਾਂ ਵਿੱਚ ਖੜ੍ਹਣਾ ਪੈਂਦਾ ਹੈ।ਬਿਮਾਰੀ ਕੋਈ ਵੀ ਹੋਵੇ ਜਦੋਂ ਵਧ ਜਾਂਦੀ ਹੈ ਤਾਂ ਲਾਇਲਾਜ ਹੋ ਜਾਂਦੀ ਹੈ,ਬਚਾਅ ਇਸ ਵਿੱਚ ਹੀ ਹੈ ਕਿ ਇਸ ਤੋਂ ਬਚਿਆ ਜਾਵੇ ਸਿਆਣੇ ਕਹਿੰਦੇ ਹਨ ਕਿ ਇਲਾਜ਼ ਨਾਲੋਂ ਪਰਹੇਜ਼ ਚੰਗਾ।ਐੱਚ ਆਈ ਵੀ ਏਡਜ਼ ਇੱਕ ਅਜਿਹੀ ਬਿਮਾਰੀ ਹੈ ਜਿਸ ਤੋਂ ਲੱਗਭਗ ਅਸੀਂ ਸਾਰੇ ਜਾਣਦੇ ਹਾਂ ਕੁੱਝ ਲੋਕ ਤਾਂ ਇਸਦਾ ਨਾਮ ਲੈਣਾ ਵੀ ਪਸੰਦ ਨਹੀਂ ਕਰਦੇ।ਏਡਜ਼ (ਅੀਧਸ਼) ਜਿਸਦਾ ਪੂਰਾ ਨਾਮ ਏਕਵਾਇਰਡ ਇਮਿਊਨੋ ਡੈਂਫੀਸੈਂਸੀ ਸਿੰਡਰੋਮ ਹੈ ਇੱਕ ਭਿਆਨਕ ਬਿਮਾਰੀ ਨਹੀਂ ਸਗੋਂ ਬਿਮਾਰੀਆਂ ਦਾ ਸਮੂਹ ਹੈ ਜ਼ੋ ਐੱਚ ਆਈ ਵੀ (ਐਚਆਈਵੀ- ਜਿਸਨੂੰ ਹਿਊਮਨ ਇਮਿਊਨੋ ਵਾਇਰਸ) ਦੁਆਰਾ ਹੁੰਦਾ ਹੈ ਜੋ ਕਿ ਇੱਕ ਤਰ੍ਹਾਂ ਦਾ ਵਾਇਰਸ ਹੈ। ਏਡਜ਼ ਦੀ ਬਿਮਾਰੀ ਹੋਣ ਦੇ ਮੁੱਖ ਕਾਰਣਾਂ ਵਿੱਚ ਅਸੁਰੱਖਿਅਤ ਯੌਨ ਸਬੰਧ,ਦੁੱਧ ਰਾਹੀਂ ਮਾਂ ਤੋਂ ਬੱਚੇ ਨੂੰ,ਇੱਕੋ ਸਿਰੰਜ ਵਰਤਣ ਨਾਲ ਅਤੇ ਏਡਜ਼ ਪ੍ਰਭਾਵਿਤ ਵਿਅਕਤੀ ਤੋਂ ਕਿਸੇ ਤੰਦਰੁਸਤ ਵਿਅਕਤੀ ਨੂੰ ਖ਼ੂਨ ਚੜ੍ਹਾਉਣ ਨਾਲ ਫੈਲ ਸਕਦਾ ਹੈ। ਏਡਜ਼ ਦੇ ਮੁੱਖ ਲੱਛਣਾਂ ਵਿੱਚ ਭਾਰ ਘਟਣਾ,ਵਾਰ ਵਾਰ ਬੁਖ਼ਾਰ ਚੜ੍ਹਣਾ ਅਤੇ ਗਲੇ ਦੀਆਂ ਲਿੱਫ ਨੋਡ ਤੇ ਸੋਜ਼ ਆ ਜਾਣਾ ਸ਼ਾਮਿਲ ਹਨ। ਏਡਜ਼ ਦੀ ਬਿਮਾਰੀ ਪ੍ਰਤੀ ਸਮਾਜ਼ ਵਿੱਚ ਫ਼ੈਲੇ ਵਹਿਮ ਭਰਮ ਇਸ ਬਿਮਾਰੀ ਤੋਂ ਪੀੜ੍ਹਤ ਵਿਅਕਤੀਆਂ ਲਈ ਸਮਾਜ਼ ਵਿੱਚ ਨਿਰਾਸ਼ਾ ਪੈਦਾ ਕਰਦੇ ਹਨ। ਸਾਨੂੰ ਇਹ ਸਮਝਣਾ ਹੋਵੇਗਾ ਕਿ ਏਡਜ਼ ਕੋਈ ਛੂਤ ਦੀ ਬਿਮਾਰੀ ਨਹੀਂ ਜ਼ੋ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਨੂੰ ਇਕੱਠੇ ਰਹਿਣ,ਖਾਣ ਪੀਣ ਜਾਂ ਹੱਥ ਫੈਲਾਉਣ ਨਾਲ ਹੋ ਸਕਦੀ ਹੈ। ਦਫ਼ਤਰਾਂ ਅਤੇ ਆਂਢ ਗੁਆਂਢ ਵਿੱਚ ਜ਼ੇਕਰ ਕੋਈ ਵਿਅਕਤੀ ਏਡਜ਼ ਨਾਲ ਪੀੜਤ ਵਿਅਕਤੀ ਪਾਇਆ ਜਾਂਦਾ ਹੈ ਤਾਂ ਉਸ ਨਾਲ ਭੇਦਭਾਵ ਨਹੀਂ ਸਗੋਂ ਇਲਾਜ਼ ਕਰਵਾਉਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਸਮਾਂ ਪਾ ਕੇ ਵਿਅਕਤੀ ਠੀਕ ਹੋਣ ਵੱਲ ਵੱਧ ਸਕਦਾ ਹੈ।1986 ਤੋਂ ਹਰ ਸਾਲ 01 ਦਸੰਬਰ ਨੂੰ ਏਡਜ਼ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਵਿਸ਼ਵ ਏਡਜ਼ ਦਿਵਸ ਮਨਾਇਆ ਜਾਂਦਾ ਹੈ। ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜੇਸਨ,ਸਿਹਤ ਵਿਭਾਗ, ਸਿੱਖਿਆ ਸੰਸਥਾਵਾਂ ਅਤੇ ਗੈਰ ਸਰਕਾਰੀ ਸੰਸਥਾਵਾਂ ਵੀ ਏਡਜ਼ ਪ੍ਰਤੀ ਜਾਗਰੂਕ ਕਰਨ ਲਈ ਕੈਂਪ ਅਤੇ ਸੈਮੀਨਾਰ ਦਾ ਆਯੋਜਨ ਕਰਦੇ ਹਨ। ਏਡਜ਼ ਤੋਂ ਬਚਣ ਲਈ ਪਰਹੇਜ਼ ਸਭ ਤੋਂ ਜ਼ਰੂਰੀ ਹੈ ਪ੍ਰੰਤੂ ਜ਼ੇਕਰ ਕਦੇ ਕੋਈ ਪੀੜਤ ਵੀ ਹੋ ਜਾਵੇ ਤਾਂ ਇਲਾਜ਼ ਕਰਵਾਉਣ ਤੋਂ ਕਦੇ ਵੀ ਪਿੱਛੇ ਨਹੀਂ ਹਟਣਾ ਚਾਹੀਦਾ।ਏਡਜ਼ ਵੀ ਦੂਜੀਆਂ ਬਿਮਾਰੀਆਂ ਦੇ ਵਾਂਗ ਇੱਕ ਪ੍ਰਕਾਰ ਦੀ ਬਿਮਾਰੀ ਹੈ ਇਸਦੇ ਪੀੜ੍ਹਤ ਨੂੰ ਵੀ ਸਨਮਾਨ ਨਾਲ ਜਿਉਣ ਦਾ ਅਧਿਕਾਰ ਹੈ।



ਸਾਂਝੀ ਸੋਚ
ਰਜਵਿੰਦਰ ਪਾਲ ਸ਼ਰਮਾ
ਪਿੰਡ ਕਾਲਝਰਾਣੀ
ਡਾਕਖਾਨਾ ਚੱਕ ਅਤਰ ਸਿੰਘ ਵਾਲਾ
ਤਹਿ ਅਤੇ ਜ਼ਿਲ੍ਹਾ-ਬਠਿੰਡਾ
70873-67969




ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ ।
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

## ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




### e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 82**

ਸੰਤ ਜਨਾ ਵਿਣੁ ਭਾਈਆ ਹਰਿ ਕਿਨੈ ਨ ਪਾਇਆ ਨਾਉ ॥ ਵਿਚਿ ਹਉਮੈ ਕਰਮ ਕਮਾਵਦੇ ਜਿਉ ਵੇਸੁਆ ਪੁਤੁ ਨਿਨਾਉ ॥ ਪਿਤਾ ਜਾਤਿ ਤਾ ਹੋਈਐ ਗੁਰੁ ਤੁਠਾ ਕਰੇ ਪਸਾਉ ॥ ਵਡਭਾਗੀ ਗੁਰੁ ਪਾਇਆ ਹਰਿ ਅਹਿਨਿਸਿ ਲਗਾ ਭਾਉ ॥ ਜਨ ਨਾਨਕਿ ਬ੍ਰਹਮੁ ਪਛਾਣਿਆ ਹਰਿ ਕੀਰਤਿ ਕਰਮ ਕਮਾਉ ॥੨॥ ਮਨਿ ਹਰਿ ਹਰਿ ਲਗਾ ਚਾਉ ॥ ਗੁਰਿ ਪੂਰੈ ਨਾਮੁ ਦ੍ਰਿੜਾਇਆ ਹਰਿ ਮਿਲਿਆ ਹਰਿ ਪ੍ਰਭ ਨਾਉ ॥੧॥ ਰਹਾਉ ॥ {ਪੰਨਾ 82}

ਭਾਵ ਅਰਥ:-

ਹੇ ਵੀਰਾ! ਗੁਰੂ ਤੋਂ ਬਿਨਾਂ ਗਿਆਨ ਨਹੀਂ ਤੇ ਗਿਆਨ ਤੋਂ ਬਿਨਾਂ ਪ੍ਰਭੂ ਨਾਮ ਹਾਸਿਲ ਕਰਨਾ ਅਸੰਭਵ ਹੈ। ਪ੍ਰਭੂ ਪ੍ਰੇਮਾ ਭਗਤੀ ਬਿਨਾਂ ਮਨੁੱਖ ਅਹੰਕਾਰ ਦੀ ਕਾਰ ਕਮਾਉਂਦਾ ਫਿਰਦਾ ਹੈ,ਬਿਨਾਂ ਬਾਪ ਤੇ ਬੇਪਛਾਣ,ਜਿਵੇਂ ਤਵਾਇਫ਼ ਦੇ ਪੁੱਤਰ ਦੇ ਪਿਤਾ ਦਾ ਕੋਈ ਪਤਾ ਨਹੀਂ ਹੁੰਦਾ। ਪ੍ਰਭੂ ਪ੍ਰਸੰਨ ਹੋ ਕੇ ,ਮਿਹਰ ਕਰਕੇ ਆਪਣੇ ਬੱਚਿਆਂ ਨੂੰ ਆਪਣੇ ਪਿਤਾ ਹੋਣ ਦੇ ਨਾਂ ਦੀ, ਪਛਾਣ ਦਾ ਪ੍ਰਸ਼ਾਦ ਦਿੰਦਾ ਹੈ। ਕੋਈ ਵੱਡੇ ਭਾਗਾਂ ਵਾਲੇ ਨੂੰ ਗੁਰੂ ਦੀ ਆਮਦ ਹੁੰਦੀ ਹੈ ਤੇ ਉਹ ਰਾਤ ਦਿਨ ਪ੍ਰਭੂ ਭਗਤਿ ਵਿੱਚ ਲੀਨ ਰਹਿੰਦਾ ਹੈ ਸੋ ਇਸ ਤਰਾਂ ਉਹ ਪਰਮਾਤਮਾ ਨੂੰ ਪਛਾਣ ਕੇ ਚੰਗੇ ਕਰਮ ਕਰਦਾ ਹੈ॥੨॥ ਗੁਰੂ ਨੇ ਮਨ ਪੂਰੇ ਨਿਰੰਕਾਰ ਨਾਲ ਜੋੜਕੇ ਰਟਾ ਦਿੱਤਾ ਤਾਂ ਹਰਿ ਪ੍ਰਭੂ ਦੇ ਚਰਨ ਕਮਲਾਂ ਵਿੱਚ ਸਹਿਜੇ ਹੀ ਥਾਂ ਮਿਲ ਗਈ।

ਜਬ ਲਗੁ ਜੋਬਨਿ ਸਾਸੁ ਹੈ ਤਬ ਲਗੁ ਨਾਮੁ ਧਿਆਇ ॥ ਚਲਦਿਆ ਨਾਲਿ ਹਰਿ ਚਲਸੀ ਹਰਿ ਅੰਤੇ ਲਏ ਛਡਾਇ ॥ ਹਉ ਬਲਿਹਾਰੀ ਤਿਨ ਕਉ ਜਿਨ ਹਰਿ ਮਨਿ ਵੁਠਾ ਆਇ ॥ ਜਿਨੀ ਹਰਿ ਹਰਿ ਨਾਮੁ ਨ ਚੇਤਿਓ ਸੇ ਅੰਤਿ ਗਏ ਪਛੁਤਾਇ ॥ ਧੁਰਿ ਮਸਤਕਿ ਹਰਿ ਪ੍ਰਭਿ ਲਿਖਿਆ ਜਨ ਨਾਨਕ ਨਾਮੁ ਧਿਆਇ ॥੩॥ ਮਨ ਹਰਿ ਹਰਿ ਪ੍ਰੀਤਿ ਲਗਾਇ ॥ ਵਡਭਾਗੀ ਗੁਰੁ ਪਾਇਆ ਗੁਰ ਸਬਦੀ ਪਾਰਿ ਲਘਾਇ ॥੧॥ ਰਹਾਉ ॥ {ਪੰਨਾ 82}

ਭਾਵ ਅਰਥ:--

ਹੇ ਬੰਦੇ! ਜਦ ਤੱਕ ਜੀਵਤ ਹੈਂ ਕਰਤਾਰ ਉਸਤਤਿ ਕਰਦਾ ਰਹਿ।ਕੋਈ ਸੰਗੀ ਸਾਥੀ ਜਾਂ ਪਰਿਵਾਰਕ ਸੰਬੰਧੀ ਮੌਤ ਵੇਲੇ ਨਾਲ ਨਹੀਂ ਜਾਂਦਾ, ਸਾਥ ਨਿਭਦਾ ਹੈ ਤਾਂ ਉਹ ਅਕਾਲ ਪੁਰਖ ਹੀ ਹੈ। ਮੈਂ ਉਸਤੋਂ ਸਦਕੇ ਜਾਂਦਾ ਹਾਂ,ਜਿਹੜਾ ਸਭ ਹਿਰਦਿਆਂ ਵਿੱਚ ਵੱਸਦਾ ਹੈ। ਜਿੰਨਾਂ ਗੋਬਿੰਦ ਨਾਮ ਨਹੀਂ ਜਪਿਆ , ਉਹ ਪਛਤਾਉਂਦੇ ਹੀ ਦੁਨੀਆਂ ਤੋਂ ਰੁਖ਼ਸਤ ਹੋਏ। ਪਰਮਾਤਮਾ ਭਗਤੀ ਵੀ ਉਸੇ ਦੁਆਰਾ ਬੰਦੇ ਦੇ ਭਾਗਾਂ ਵਿੱਚ ਲਿਖੀ ਹੋਣ ਕਾਰਣ ਮਿਲਦੀ ਹੈ॥੩॥

ਵੱਡੇ ਭਾਗਾਂ ਵਾਲੇ ਨੂੰ ਸਾਧ ਸੰਗਤ ਮਿਲਣ ਨਾਲ ਭਗਤੀ ਮਾਰਗ ਮਿਲਦਾ ਹੈ ਤੇ ਇਸੇ ਭਗਤੀ ਨਾਲ ਹੀ ਪ੍ਰਾਣੀ ਸੰਸਾਰ ਭਵ ਸਾਗਰ ਤੋਂ ਪਾਰ ਉੱਤਰ ਜਾਂਦਾ ਹੈ॥੧॥ ਰਹਾਉ॥

ਹਰਿ ਆਪੇ ਆਪੁ ਉਪਾਇਦਾ ਹਰਿ ਆਪੇ ਦੇਵੈ ਲੇਇ ॥ ਹਰਿ ਆਪੇ ਭਰਮਿ ਭੁਲਾਇਦਾ ਹਰਿ ਆਪੇ ਹੀ ਮਤਿ ਦੇਇ ॥ ਗੁਰਮੁਖਾ ਮਨਿ ਪਰਗਾਸੁ ਹੈ ਸੇ ਵਿਰਲੇ ਕੇਈ ਕੇਇ ॥ ਹਉ ਬਲਿਹਾਰੀ ਤਿਨ ਕਉ ਜਿਨ ਹਰਿ ਪਾਇਆ ਗੁਰਮਤੇ ॥ ਜਨ ਨਾਨਕਿ ਕਮਲੁ ਪਰਗਾਸਿਆ ਮਨਿ ਹਰਿ ਹਰਿ ਵੁਠੜਾ ਹੇ ॥੪॥ ਮਨਿ ਹਰਿ ਹਰਿ ਜਪਨੁ ਕਰੇ ॥ ਹਰਿ ਗੁਰ ਸਰਣਾਈ ਭਜਿ ਪਉ ਜਿੰਦੂ ਸਭ ਕਿਲਵਿਖ ਦੁਖ ਪਰਹਰੇ ॥੧॥ ਰਹਾਉ ॥ {ਪੰਨਾ 82}

ਭਾਵ ਅਰਥ:-

ਉਹ ਦਾਤਾ ਆਪ ਜੀਵਨ ਦਿੰਦਾ ਤੇ ਆਪ ਹੀ ਵਾਪਿਸ ਲੈ ਵੀ ਲੈਂਦਾ ਹੈ।ਜੇ ਅਕਾਲ ਪੁਰਖ ਬਖਸ਼ਣਹਾਰ ਹੈ ਤਾਂ ਬੰਦੇ ਨੂੰ ਭੁੱਲਣਹਾਰ ਵੀ ਉਹ ਆਪ ਹੀ ਬਣਾਉਂਦਾ ਹੈ, ਸਿਰਫ ਕੁਝ ਕੁ ਗੁਰਮੁਖ ਨੇ ਜਿਨਾਂ ਨੂੰ ਸਹੀ ਗਲਤ ਦਾ ਚਾਨਣਾ ਹੈ। ਮੈਂ ਉਨਾਂ ਤੋਂ ਵਾਰੀ ਜਾਂਦਾ ਹਾਂ , ਜਿੰਨਾ ਗੁਰੂ ਦੀ ਸਿੱਖਿਆ ਮੰਨ ਪ੍ਰਭੂ ਨੂੰ ਪਾ ਲਿਆ ਹੈ।ਨਾਨਕ ਕਹਿੰਦੇ ਹਨ, ਜਿਸਦੇ ਹਿਰਦੇ ਅੰਦਰ ਪਰਮਾਤਮਾ ਦਾ ਵਾਸਾ ਹੋ ਗਿਆ॥੪॥ ਜਿਹੜਾ ਗੁਰੂ ਦੀ ਸ਼ਰਨ ਪੈ ਗਿਆ,ਤੇ ਮਨ ਕਰਕੇ ਵਾਹਿਗੁਰੂ ਦੀ ਸਿਫਤ ਸਲਾਹ ਨਾਲ ਜੁੜ ਜਾਂਦਾ ਹੈ,ਉਸਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ॥੧॥ ਰਹਾਉ॥

ਘਟਿ ਘਟਿ ਰਮਈਆ ਮਨਿ ਵਸੈ ਕਿਉ ਪਾਈਐ ਕਿਤੁ ਭਤਿ ॥ ਗੁਰੁ ਪੂਰਾ ਸਤਿਗੁਰੁ ਭੇਟੀਐ ਹਰਿ ਆਇ ਵਸੈ ਮਨਿ ਚਿਤਿ ॥ ਮੈ ਧਰ ਨਾਮੁ ਅਧਾਰੁ ਹੈ ਹਰਿ ਨਾਮੈ ਤੇ ਗਤਿ ਮਤਿ ॥ ਮੈ ਹਰਿ ਹਰਿ ਨਾਮੁ ਵਿਸਾਹੁ ਹੈ ਹਰਿ ਨਾਮੇ ਹੀ ਜਤਿ ਪਤਿ ॥ ਜਨ ਨਾਨਕ ਨਾਮੁ ਧਿਆਇਆ ਰੰਗਿ ਰਤੜਾ ਹਰਿ ਰੰਗਿ ਰਤਿ ॥੫॥ ਹਰਿ ਧਿਆਵਹੁ ਹਰਿ ਪ੍ਰਭੁ ਸਤਿ ॥ ਗੁਰ ਬਚਨੀ ਹਰਿ ਪ੍ਰਭੁ ਜਾਣਿਆ ਸਭ ਹਰਿ ਪ੍ਰਭੁ ਤੇ ਉਤਪਤਿ ॥੧॥ ਰਹਾਉ ॥ {ਪੰਨਾ 82}

ਭਾਵ ਅਰਥ:--

ਭਾਂਵੇਂ ਸਤਿਗੁਰੂ ਹਰ ਪਿੰਡੇ ਅੰਦਰ ਵੱਸਦਾ ਹੈ,ਪਰ ਉਸਨੂੰ ਕਿਸ ਵਿਧ ਪਾਇਆ ਜਾ ਸਕਦਾ ਜੇ ਅਸਲ ਵਿੱਚ ਵੇਖਿਆ ਜਾਵੇ ਤਾਂ ਇਹ ਕੰਮ ਸੱਚੇ ਗੁਰੂ ਦੇ ਮਾਰਗਦਰਸ਼ਨ ਨਾਲ ਹੀ ਹੋ ਸਕਦਾ ਹੈ,ਤਾਂ ਫਿਰ ਨਾਮ ਜਾਪ੍ ਨਾਲ ਪ੍ਰਭੂ ਹਿਰਦੇ ਅੰਦਰ ਆ ਵੱਸਦਾ ਹੈ। ਮੇਰੇ ਲਈ ਅਕਾਲ ਪੁਰਖ ਦਾ ਨਾਮ ਹੀ ਮੇਰਾ ਸਹਾਰਾ,ਉਸੇ ਦਾ ਭਰਵਾਸਾ ਹੈ,ਉਸਤੋਂ ਹੀ ਮੇਰਾ ਆਦਰ ਸਨਮਾਨ ਤੇ ਮੁਕਤੀ ਦਾ ਮਾਰਗ ਹਾਸਿਲ ਹੋਇਆ ਹੈ।ਹੇ ਨਾਨਕ !ਉਸਦੇ ਨਾਮ ਦੀ ਪੂਜਾ ਅਰਚਨਾ ਨਾਲ ਹੀ ਉਸਦੇ ਗੂਹੜੇ ਲਾਲ ਪ੍ਰੇਮ ਰੰਗ ਵਿੱਚ ਰਚਿਆ ਜਾ ਸਕਦਾ ਹੈ॥੫॥

ਹੇ ਜੀਵ !ਉਸ ਸਦਾ ਥਿਰ ਪਰਮਾਤਮਾ ਦੀ ਸਿਫਤ ਸਲਾਹ ਵਿੱਚ ਲੀਨ ਹੋਣਾ ਜੀਵਨ ਅਸੂਲ ਬਣਾ ਲੈ। ਗੁਰੂ ਗਿਆਨ ਨਾਲ ਹੀ ਉਸ ਸਰਬਸਮਰੱਥ ਸਰਬਉਤਪੱਤ ਨੂੰ ਜਾਣ ਸਕਦੇ ਹਾਂ॥੧॥ ਰਹਾਉ॥

ਜਿਨ ਕਉ ਪੂਰਬਿ ਲਿਖਿਆ ਸੇ ਆਇ ਮਿਲੇ ਗੁਰ ਪਾਸਿ ॥ ਸੇਵਕ ਭਾਇ ਵਣਜਾਰਿਆ ਮਿਤ੍ਰਾ ਗੁਰੁ ਹਰਿ ਹਰਿ ਨਾਮੁ ਪ੍ਰਗਾਸਿ ॥ ਧਨੁ ਧਨੁ ਵਣਜੁ ਵਾਪਾਰੀਆ ਜਿਨ ਵਖਰੁ ਲਦਿਅੜਾ ਹਰਿ ਰਾਸਿ ॥ ਗੁਰਮੁਖਾ ਦਰਿ ਮੁਖ ਉਜਲੇ ਸੇ ਆਇ ਮਿਲੇ ਹਰਿ ਪਾਸਿ ॥ ਜਨ ਨਾਨਕ ਗੁਰੁ ਤਿਨ ਪਾਇਆ ਜਿਨਾ ਆਪਿ ਤੁਠਾ ਗੁਣਤਾਸਿ ॥੬॥ ਹਰਿ ਧਿਆਵਹੁ ਸਾਸਿ ਗਿਰਾਸਿ ॥ ਮਨਿ ਪ੍ਰੀਤਿ ਲਗੀ ਤਿਨਾ ਗੁਰਮੁਖਾ ਹਰਿ ਨਾਮੁ ਜਿਨਾ ਰਹਰਾਸਿ ॥੧॥ ਰਹਾਉ ॥੧॥ {ਪੰਨਾ 82}

ਭਾਵ ਅਰਥ:-

ਜਿਸਦੇ ਭਾਗਾਂ ਵਿੱਚ ਪਹਿਲਾਂ ਤੋਂ ਹੀ ਲਿਖਿਆ ਹੋਵੇ, ਉਸਨੂੰ ਗੁਰੂ ਦੀ ਸੰਗਤ ਤੇ ਗਿਆਨ ਮਿਲ ਜਾਂਦਾ ਹੈ,ਜਿਸ ਨਾਲ ,ਉਹ ਸੇਵਕ ਰੂਪੀ ਨਾਮ ਦਾ ਵੱਖਰ ਕਰਨ ਵਾਲਾ ਬਣਕੇ ਪ੍ਰਭੂ ਬਾਣੀ ਦਾ ਚਾਨਣ ਪਾ ਲੈਂਦਾ ਹੈ।ਇਹ ਨਾਮ ਧਨ ਹੀ ਅਸਲੀ ਧਨ ਹੈ,ਜੋ ਇਸ ਵਪਾਰ ਲਈ ਇਕੱਠਾ ਕੀਤਾ ਜਾ ਸਕਦਾ ਹੈ। ਉਹ ਗੁਰੂ ਵੱਲ ਮੁੱਖ ਕਰਨ ਵਾਲਿਆਂ ਦੇ ਮੁੱਖ ਪਰਮਾਤਮਾ ਦੀ ਦਰਗਾਹ ਵਿੱਚ ਸੁੰਦਰ ਲੱਗਦੇ ਹਨ,ਜਿਨਾਂ ਨੂੰ ਦਾਤਾਰ ਆਪ ਆ ਮਿਲਦਾ ਹੈ।ਉਹ ਉਨਾਂ ਨੂੰ ਮਿਲਦਾ ਹੈ,ਜਿਨਾਂ ਉੱਤੇ ਉਹ ਗੁਣਾਂ ਦਾ ਖਜਾਨਾ ਖੁਸ਼ ਹੋ ਜਾਂਦਾ ਹੈ॥੬॥

ਆਉ! ਉਸਨੂੰ ਹਰ ਸਾਹ ਨਾਲ ਧਿਆਉਣਾ ਕਰੀਏ।ਜਿਹੜੇ ਗੁਰਮੁਖਾਂ ਅੰਦਰ,ਉਸ ਕਰਤਾਰ ਦਾ ਪ੍ਰੇਮ ਵੱਸ ਗਿਆ,ਮਨੋਂ ਉਨਾਂ, ਪਰਲੋਕ ਲਈ ਰਸਦ ਇਕੱਠੀ ਕਰ ਲਈ।

**ਅੰਗ 83**

ੴ ਸਤਿਗੁਰ ਪ੍ਰਸਾਦਿ ॥ ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ ॥ ਸਲੋਕ ਮਃ ੩ ॥

ਰਾਗਾ ਵਿਚਿ ਸ੍ਰੀਰਾਗੁ ਹੈ ਜੇ ਸਚਿ ਧਰੇ ਪਿਆਰੁ ॥ ਸਦਾ ਹਰਿ ਸਚੁ ਮਨਿ ਵਸੈ ਨਿਹਚਲ ਮਤਿ ਅਪਾਰੁ ॥ ਰਤਨੁ ਅਮੋਲਕੁ ਪਾਇਆ ਗੁਰ ਕਾ ਸਬਦੁ ਬੀਚਾਰੁ ॥ ਜਿਹਵਾ ਸਚੀ ਮਨੁ ਸਚਾ ਸਚਾ ਸਰੀਰ ਅਕਾਰੁ ॥ ਨਾਨਕ ਸਚੈ ਸਤਿਗੁਰਿ ਸੇਵਿਐ ਸਦਾ ਸਚੁ ਵਾਪਾਰੁ ॥੧॥ {ਪੰਨਾ 83}

ਭਾਵ ਅਰਥ ਪ੍ਰਸੰਗ ਸਹਿਤ:-

ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਵਰਤੇ ਰਾਗ,"ਸਿਰੀਰਾਗ"ਨੂੰ ਰਾਗਾਂ ਵਿੱਚੋਂ ਸ਼੍ਰੋਮਣੀ ਰਾਗ ਮੰਨਿਆ ਗਿਆ ਹੈ। ਉਪਰੋਕਤ ਖੰਡ ਵਿੱਚ ਇਸ ਬਾਣੀ ਨੂੰ ਵਾਰਾਂ ਤੇ ਵਧੀਕ (ਸਲੋਕਾਂ ਸਮੇਤ)ਵਰਨਿਤ ਕੀਤਾ ਗਿਆ ਹੈ।

ਅਰਥ:-ਰਾਗਾਂ ਵਿੱਚੋਂ ਰਾਗ , ਸਿਰੀਰਾਗ ਇਸਲਈ ਉੱਤਮ ਹੈ , ਕਿਉਂਕਿ ਜੀਵ ਸਦਾ ਥਿਰ ਪ੍ਰਭੂ ਨੂੰ ਮਨ ਵਿੱਚ ਵਸਾਉਂਦਾ ਤੇ ਪ੍ਰਭੂ ਵੱਸਦਾ ਹੈ।ਇਸਤਰਾਂ ਮਨੁੱਖੀ ਬੁੱਧੀ ਠਹਿਰਾਵ ਵਿੱਚ ਆ ਜਾਂਦੀ ਹੈ,ਅਡੋਲ ਤੇ ਸਥਿਰ (ਭਟਕਣਾਂ) ਤੋਂ ਪਰੇ ਹਨ ਜਾਂਦੀ ਹੈ।ਜਿਹਬਾ ਸੱਚ ਕਹਿੰਦੀ ਹੈ,ਮਨ ਵਿੱਚ ਸੱਚ ਵੱਸਦਾ ਹੈ ਤੇ ਗੁਰਬਾਣੀ ਰੂਪੀ ਅਮੋਲਕ ਰਤਨ ਨੂੰ ਬੰਦਾ ਪਾ ਲੈਂਦਾ ਹੈ। ਇਸਤਰਾਂ ਜੀਵਨ ਸਫਲ ਹੋ ਜਾਂਦਾ ਹੈ।ਪਰ ਹੇ ਨਾਨਕ!ਇਹ ਤਾਂ ਹੀ ਸੰਭਵ ਹੈ ਜੇ ਪ੍ਰਭੂ ਤੇ ਗੁਰੂ ਦੇ ਹੁਕਮ ਅਨੁਸਾਰ ਚੱਲਿਆ ਜਾਵੇ।

ਮਃ ੩ ॥

ਹੋਰੁ ਬਿਰਹਾ ਸਭ ਧਾਤੁ ਹੈ ਜਬ ਲਗੁ ਸਾਹਿਬ ਪ੍ਰੀਤਿ ਨ ਹੋਇ ॥ ਇਹੁ ਮਨੁ ਮਾਇਆ ਮੋਹਿਆ ਵੇਖਣੁ ਸੁਨਣੁ ਨ ਹੋਇ ॥ ਸਹ ਦੇਖੇ ਬਿਨੁ ਪ੍ਰੀਤਿ ਨ ਊਪਜੈ ਅੰਧਾ ਕਿਆ ਕਰੇਇ ॥ ਨਾਨਕ ਜਿਨਿ ਅਖੀ ਲੀਤੀਆ ਸੋਈ ਸਚਾ ਦੇਇ ॥੨॥ {ਪੰਨਾ 83}

ਭਾਵ ਅਰਥ:-

ਹਰਿ ਪ੍ਰਭੂ ਪ੍ਰੇਮ ਤੋਂ ਬਿਨਾਂ ਸਭ ਮਾਇਆ( ਵਿਕਾਰ ਭਾਵ ਹੈ) ਜਦੋਂ ਤੱਕ ਪ੍ਰਮਾਤਮਾ ਨਾਲ ਲਿਵ ਨਹੀਂ ਜੁੜਦੀ।ਇਸ ਮਾਇਆ ਨੇ ਆਪਣੇ ਮੋਹ ਪਾਸ਼ ਵਿੱਚ ਬੰਦੇ ਨੂੰ ਇਸ ਤਰਾਂ ਜਕੜਿਆ ਹੈ,ਉਸ ਅਪਰੰਪਾਰ ਬਾਰੇ ਅੱਖਾਂ ਕੰਨ ਬੰਦ ਹੀ ਕਰ ਦਿੱਤੇ ਹਨ। ਪਰਮਾਤਮਾ ਦੇ ਦਰਸ਼ਨਾਂ ਬਿਨਾਂ ਉਸਦੀ ਲਗਨ ਮੁਸ਼ਕਿਲ ਹੈ,ਬੰਦਾ ਇੱਕ ਤਰਾਂ ਦ੍ਰਿਸ਼ਟੀ ਹੀਨ ਹੈ।ਹੇ ਨਾਨਕ! ਜਿਸ ਅਕਾਲ ਪੁਰਖ ਨੇ ਮਾਇਆ ਦੇ ਬੰਧਨਾਂ ਵਿੱਚ ਬੰਨਿਆ ਹੈ,ਉਹੀ ਤੋੜੇਗਾ।

ਪਉੜੀ ॥

ਹਰਿ ਇਕੋ ਕਰਤਾ ਇਕੁ ਇਕੋ ਦੀਬਾਣੁ ਹਰਿ ॥ ਹਰਿ ਇਕਸੈ ਦਾ ਹੈ ਅਮਰੁ ਇਕੋ ਹਰਿ ਚਿਤਿ ਧਰਿ ॥ ਹਰਿ ਤਿਸੁ ਬਿਨੁ ਕੋਈ ਨਾਹਿ ਡਰੁ ਭ੍ਰਮੁ ਭਉ ਦੂਰਿ ਕਰਿ ॥ ਹਰਿ ਤਿਸੈ ਨੋ ਸਾਲਾਹਿ ਜਿ ਤੁਧੁ ਰਖੈ ਬਾਹਰਿ ਘਰਿ ॥ ਹਰਿ ਜਿਸ ਨੋ ਹੋਇ ਦਇਆਲੁ ਸੋ ਹਰਿ ਜਪਿ ਭਉ ਬਿਖਮੁ ਤਰਿ ॥੧॥ {ਪੰਨਾ 83}

ਭਾਵ ਅਰਥ:-

ਉਹ ਅਕਾਲ ਪੁਰਖ ਇੱਕ ਹੈ ਤੇ ਉਹੀ ਸਭ ਜੀਵਾਂ ਦਾ ਰਚਨਹਾਰ ਤੇ ਸਹਾਰਾ ਹੈ।( ਸੰਪੂਰਣ)ਜਗਤ ਵਿੱਚ ਸਿਰਫ ਉਸੇ ਇੱਕ ਦਾ ਹੁਕਮ ਚਲਦਾ ਹੈ।ਹੇ ਦਾਤਾ! ਤੇਰੇ ਬਿਨਾ ਕੋਈ ਹੋਰ ਨਹੀਂ ਹੈ ਜੋ ਮੇਰੇ ਮਨ ਦਾ ਡਰ, ਭਰਮ, ਵਹਿਮ ਆਦਿ ਦੂਰ ਕਰ ਸਕੇ। ਜੇ ਤੂੰ ਆਪਣੇ ਤੋਂ ਦੂਰ ਰੱਖੇਂ ਤਾਂ ਵੀ ਮੈਂ ਤੇਰੀ ਹੀ ਸਿਫਤ ਸਲਾਹ ਕਰਾਂ। ਹੇ ਦਾਤਾ, ਤੂੰ ਜਿਸਤੇ ਮਿਹਰਬਾਨ ਹੋ ਜਾਵੇਂ,ਆਪਣਾ ਨਾਮ ਜਾਪ ਦੇ ਕੇ ਇਸ ਬਿਖੜੇ ਸੰਸਾਰ ਸਾਗਰ ਤੋਂ ਵੀ ਪਾਰ ਲਾ ਦਿੰਦਾ ਹੈਂ।

ਸਲੋਕ ਮਹੱਲਾ ॥੧॥ :-

ਸਾਰੀਆਂ ਦਾਤਾਂ ਮਾਲਕ ਦੀਆਂ ਹਨ,ਕਿਤੇ ਵੀ ਉਸਦੇ ਬਰਾਬਰ ਕੋਈ ਹੋਰ ਦਾਤਾ ਨਹੀਂ। ਪ੍ਰਭੂ ਦੀ ਖੇਡ ਨਿਰਾਲੀ ਹੈ, ਕਈਆਂ ਨੂੰ ਬਿਲਕੁਲ ਹੀ ਨਾਮ ਵਿਹੂਣਿਆਂ ਨੂੰ ਆਪ ਨਾਮ ਨਾਲ ਜੋੜ ਲੈਂਦਾ ਹੈ ਤੇ ਦੂਜੇ ਪਾਸੇ ਜੁੜਿਆਂ ਨੂੰ ਵੀ ਨੇੜੇ ਨਹੀਂ ਲਾਉਂਦਾ।

ਮਃ ੧ ॥ ਸਿਦਕੁ ਸਬੂਰੀ ਸਾਦਿਕਾ ਸਬਰੁ ਤੋਸਾ ਮਲਾਇਕਾਂ ॥ ਦੀਦਾਰੁ ਪੂਰੇ ਪਾਇਸਾ ਥਾਉ ਨਾਹੀ ਖਾਇਕਾ ॥੨॥ {ਪੰਨਾ 83}

ਭਾਵ ਅਰਥ:-

ਸਿਦਕ ਰੱਖਣ ਵਾਲਿਆਂ ਕੋਲ, ਭਰੋਸੇ ਤੇ ਸ਼ੁਕਰਾਨੇ ਦੀ ਦਾਤ ਹੁੰਦੀ ਹੈ ਤੇ ਗੁਰਮੁਖਾਂ ਕੋਲ ਸੰਤੋਖ ਦੀ ਦਾਤ,ਇਸ ਨਾਲ ਉਹ ਪੂਰੇ ਪ੍ਰਭੂ ਦਾ ਦਰਸ਼ਨ ਕਰ ਲੈਂਦੇ ਹਨ।ਪਰ ਫੋਕੀਆਂ ਗੱਲਾਂ ਮਾਰਨ ਵਾਲਿਆਂ ਨੂੰ ਕੁਝ ਨਹੀਂ ਮਿਲਦਾ।

ਪਉੜੀ ॥ ਸਭ ਆਪੇ ਤੁਧੁ ਉਪਾਇ ਕੈ ਆਪਿ ਕਾਰੈ ਲਾਈ ॥ ਤੂੰ ਆਪੇ ਵੇਖਿ ਵਿਗਸਦਾ ਆਪਣੀ ਵਡਿਆਈ ॥ ਹਰਿ ਤੁਧਹੁ ਬਾਹਰਿ ਕਿਛੁ ਨਾਹੀ ਤੂੰ ਸਚਾ ਸਾਈ ॥ ਤੂੰ ਆਪੇ ਆਪਿ ਵਰਤਦਾ ਸਭਨੀ ਹੀ ਥਾਈ ॥ ਹਰਿ ਤਿਸੈ ਧਿਆਵਹੁ ਸੰਤ ਜਨਹੁ ਜੋ ਲਏ ਛਡਾਈ ॥੨॥ {ਪੰਨਾ 83}

ਭਾਵ ਅਰਥ:-

ਹੇ ਦਾਤਾ ਸਰਬ ਜੀਵਾਂ ਨੂੰ ਤੂੰ ਆਪ ਹੀ ਰਚਿਆ ਤੇ ਆਹਰੇ ਲਾਇਆ ਹੈ,ਨਾਲ ਹੀ ਤੂੰ ਇਹ ਖੇਡ ਦੇਖਕੇ ਪ੍ਰਸੰਨ ਵੀ ਹੁੰਦਾ ਹੈਂ ਤੇ ਆਪਹੀ ਉਨਾਂ ਨੂੰ ਯਸ਼ ਮਾਣ ਬਖਸ਼ਦਾ ਹੈਂ। ਹੇ ਸਦਾ ਥਿਰ,ਮਾਲਕ ਪ੍ਰਭੂ ਤੇਰੀ ਰਜ਼ਾ ਤੋਂ ਬਿਨਾਂ ਪੱਤਾ ਵੀ ਨਹੀਂ ਹਿਲਦਾ ਤੇ ਤੂੰ ਸਰਬਵਿਆਪਕ ਹੈਂ। ਜੋ ਸੰਤਜਨਿ ਤੇਰੀ ਉਸਤਤਿ ਕਰਦੇ ਹਨ ਉਨਾਂ ਨੂੰ ਤੂੰ ਵਿਕਾਰਾਂ ਤੋਂ ਛੁਟਕਾਰਾ ਦਿਵਾ ਦਿੰਦਾ ਹੈਂ।

ਸਲੋਕ ਮਃ ੧ ॥

ਫਕੜ ਜਾਤੀ ਫਕੜੁ ਨਾਉ ॥ ਸਭਨਾ ਜੀਆ ਇਕਾ ਛਾਉ ॥ ਆਪਹੁ ਜੇ ਕੋ ਭਲਾ ਕਹਾਏ ॥ ਨਾਨਕ ਤਾ ਪਰੁ ਜਾਪੈ ਜਾ ਪਤਿ ਲੇਖੈ ਪਾਏ ॥੧॥ {ਪੰਨਾ 83}

ਭਾਵ ਅਰਥ:--

ਉੱਚੀ ਜਾਤ ਤੇ ਵੱਡੇ ਰੁਤਬੇ ਦਾ ਹੰਕਾਰ ਵਿਅਰਥ ਹੈ।ਚੰਗਾ ਅਖਵਾਉਣ ਨਾਲ ਪ੍ਰਾਣੀ ਚੰਗਾ ਨਹੀਂ ਬਣ ਜਾਂਦਾ,ਅਸਲ ਵਿੱਚ ਸਭਨਾਂ ਜੀਆਂ ਵਿੱਚ ਇੱਕ ਹੀ ਆਤਮਾ ਹੈ।

ਮਃ ੨ ॥

ਜਿਸੁ ਪਿਆਰੇ ਸਿਉ ਨੇਹੁ ਤਿਸੁ ਆਗੈ ਮਰਿ ਚਲੀਐ ॥ ਧ੍ਰਿਗੁ ਜੀਵਣੁ ਸੰਸਾਰਿ ਤਾ ਕੈ ਪਾਛੈ ਜੀਵਣਾ ॥੨॥ {ਪੰਨਾ 83}

ਭਾਵ ਅਰਥ :-

ਜਿਸ ਹਰਿ ਪ੍ਰਭੂ ਦਾ ਹਿਰਦੇ ਅੰਦਰ ਆਦਰ ਸਤਿਕਾਰ ਹੋਵੇ,ਉਸ ਉੱਪਰੋਂ ਵਾਰੀ ਜਾਣਾ ਚਾਹੀਦਾ ਹੈ। ਸੰਸਾਰੀ ਲੋਕਾਂ ਪਿੱਛੇ ਲੱਗਕੇ ਵਿਕਾਰੀ ਜੀਵਨ ਅਪਨਾਉਣ ਨੂੰ ਲਾਹਨਤ ਹੈ।

ਪਉੜੀ ॥

ਤੁਧੁ ਆਪੇ ਧਰਤੀ ਸਾਜੀਐ ਚੰਦੁ ਸੂਰਜੁ ਦੁਇ ਦੀਵੇ ॥ ਦਸ ਚਾਰਿ ਹਟ ਤੁਧੁ ਸਾਜਿਆ ਵਾਪਾਰੁ ਕਰੀਵੇ ॥ ਇਕਨਾ ਨੋ ਹਰਿ ਲਾਭੁ ਦੇਇ ਜੋ ਗੁਰਮੁਖਿ ਥੀਵੇ ॥ ਤਿਨ ਜਮਕਾਲੁ ਨ ਵਿਆਪਈ ਜਿਨ ਸਚੁ ਅੰਮ੍ਰਿਤੁ ਪੀਵੇ ॥ ਓਇ ਆਪਿ ਛੁਟੇ ਪਰਵਾਰ ਸਿਉ ਤਿਨ ਪਿਛੈ ਸਭੁ ਜਗਤੁ ਛੁਟੀਵੇ ॥੩॥ {ਪੰਨਾ 83}

ਭਾਵ ਅਰਥ:-

ਹੇ ਦਾਤਿਆ! ਤੂ ਆਪਹੀ ਕੁਦਰਤ ਦੀ ਰਚਨਾ ਕੀਤੀ ਹੈ,ਜਿਸ ਵਿਚ ਚੰਦਰਮਾ ਤੇ ਸੂਰਜ ਨੂੰ ਦੋ ਦੀਵਿਆਂ ਦੇ ਰੂਪ ਵਿੱਚ ਸਾਜਿਆ ਹੈ। ਲੋਕਾਂ ਦੇ ਨਾਮ ਦਾ ਵਪਾਰ ਕਰਨ ਲਈ ਚੌਦਾਂ ਲੋਕ,ਮਾਨੋ ਉਨਾਂ ਦੇ ਵਪਾਰ ਦੀਆਂ ਹੱਟੀਆਂ ਬਣਾ ਦਿੱਤੀਆਂ ਹਨ। ਤੂੰ ਗੁਰੂ ਦੇ ਮਾਰਗਦਰਸ਼ਨ ਵਿੱਚ ਚੱਲਣ ਵਾਲਿਆਂ ਨੂੰ ( ਨਾਮ ਦਾ) ਲਾਹਾ ਦਿੰਦਾ ਹੈਂ,ਮੁੜ ਇਹ ਗੁਰੂ ਦੀ ਮੰਨਣ ਵਾਲੇ ਆਤਮਿਕ ਮੌਤੇ ਨੀ ਮਰਦੇ,ਜਿਨਾਂ ਨਾਮ ਅਮ੍ਰਿਤ ਪੀਤਾ। ਇਹ ਮਨੁੱਖ ਆਪ,ਪਰਿਵਾਰ ਤੇ ਸੰਪੂਰਣ ਸੰਸਾਰ ਨੂੰ ਪਾਪਾਂ,ਵਿਕਾਰਾਂ ਤੋਂ ਛਡਾ ਕੇ,ਮੁਕਤੀ ਦਾ ਦਵਾਰ ਦਵਾਉਣ ਵਿੱਚ ਸਹਾਈ ਹੁੰਦੇ ਹਨ।



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894

SANJHI SOCH TV & DAILY NEWSPAPER



TO EXPAND YOUR BUSINESS
IN INDIAN COMMUNITY

Through Newspaper & T.V,
Advertise with us just as
low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com    Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260